ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/


You Tube https://youtu.be/LQwolgxDu7l

awazeqaumtvpunjab@gmail.com

ਐਤਵਾਰ, 4 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੨੨ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲਾਲਕ੍ਰਿਸ਼ਨ ਅਡਵਾਨੀ ਨੂੰ ਮਿਲੇਗਾ ਭਾਰਤ ਰਤਨ ਸਨਮਾਨ



**ਨਵੀਂ ਦਿੱਲੀ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਭਾਜਪਾ ਨੇਤਾ ਅਤੇ ਸਾਬਕਾ ਉੱਪ ਪ੍ਰਧਾਨ ਮੰਤਰੀ ਲਾਲਕ੍ਰਿਸ਼ਨ ਅਡਵਾਨੀ ਨੂੰ ਭਾਰਤ ਦੇ ਸਰਵਉੱਚ ਨਾਗਰਿਕ ਪੁਰਸਕਾਰ ਭਾਰਤ ਰਤਨ ਨਾਲ ਸਨਮਾਨਤ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਨੂੰ ਲੈ ਕੇ ਸ਼ਨੀਵਾਰ ਨੂੰ 'ਐਕਸ' 'ਤੇ ਪੋਸਟ ਕੀਤਾ ਹੈ। ਉਨ੍ਹਾਂ ਨੇ ਲਿਖਿਆ ਹੈ,"ਮੈਨੂੰ ਇਹ ਦੱਸਦੇ ਹੋਏ ਖ਼ੁਸ਼ੀ ਹੋ ਰਹੀ ਹੈ ਕਿ ਸ਼੍ਰੀ ਲਾਲਕ੍ਰਿਸ਼ਨ ਅਡਵਾਨੀ ਜੀ ਨੂੰ ਭਾਰਤ ਰਤਨ ਨਾਲ ਸਨਮਾਨਤ ਕੀਤਾ ਜਾਵੇਗਾ। ਮੈਂ ਵੀ ਉਨ੍ਹਾਂ ਨਾਲ ਗੱਲ ਕੀਤੀ ਅਤੇ ਇਸ ਸਨਮਾਨ ਨਾਲ ਸਨਮਾਨਤ ਹੋਣ 'ਤੇ ਉਨ੍ਹਾਂ ਨੂੰ ਵਧਾਈ ਦਿੱਤੀ। ਸਾਡੇ ਸਮੇਂ ਦੇ ਸਭ ਤੋਂ ਸਨਮਾਨਤ ਰਾਜਨੇਤਾਵਾਂ 'ਚੋਂ ਇਕ, ਭਾਰਤ ਦੇ ਵਿਕਾਸ 'ਚ ਉਨ੍ਹਾਂ ਦਾ ਯੋਗਦਾਨ ਕਦੇ ਨਾ ਭੁੱਲਣਯੋਗ ਹੈ। ਉਨ੍ਹਾਂ ਦਾ ਜੀਵਨ ਜ਼ਮੀਨੀ ਪੱਧਰ 'ਤੇ ਕੰਮ ਕਰਨ ਤੋਂ ਸ਼ੁਰੂ ਹੋ ਕੇ ਸਾਡੇ ਉੱਪ ਪ੍ਰਧਾਨ ਮੰਤਰੀ ਵਜੋਂ ਦੇਸ਼ ਦੀ ਸੇਵਾ ਕਰਨ ਤੱਕ ਦਾ ਹੈ। ਉਨ੍ਹਾਂ ਨੇ ਸਾਡੇ ਗ੍ਰਹਿ ਮੰਤਰੀ ਅਤੇ ਸੂਚਨਾ ਤੇ ਪ੍ਰਸਾਰਨ ਮੰਤਰੀ ਵਜੋਂ ਵੀ ਪਛਾਣ ਬਣਾਈ।" ਲਾਲਕ੍ਰਿਸ਼ਨ ਅਡਵਾਨੀ ਦਾ ਜਨਮ 8 ਨਵੰਬਰ 1927 ਨੂੰ ਕਰਾਚੀ 'ਚ ਹੋਇਆ ਸੀ। 2002 ਤੋਂ 2004 ਵਿਚਾਲੇ ਅਟਲ ਬਿਹਾਰੀ ਵਾਜਪਾਈ ਦੀ ਸਰਕਾਰ 'ਚ 7ਵੇਂ ਉੱਪ ਪ੍ਰਧਾਨ ਮੰਤਰੀ ਰਹੇ।

## ਕਿਸਾਨਾਂ ਨੇ ਬਠਿੰਡਾ ਚੰਡੀਗੜ੍ਹ ਹਾਈਵੇ ਕੀਤਾ ਜਾਮ

# ਵੱਡੀ ਗਿਣਤੀ 'ਚ ਪੁਲਿਸ ਬਲ ਤੈਨਾਤ

**ਸੰਗਰੂਰ/ਬਠਿੰਡਾ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਵੱਲੋਂ ਬਠਿੰਡਾ ਚੰਡੀਗੜ੍ਹ ਹਾਈਵੇ ਜਾਮ ਕਰਕੇ ਪੰਜਾਬ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਵੱਲੋਂ ਮੁੱਖ ਮੰਤਰੀ ਦੀ ਰਿਹਾਇਸ਼ ਘੇਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ ਇਸ ਦੌਰਾਨ ਪੁਲਿਸ ਨੇ ਕਿਸਾਨ ਆਗੂਆਂ ਨੂੰ ਨਜ਼ਰਬੰਦ ਕੀਤਾ ਤੇ ਧਰਨੇ ਵਿੱਚ ਸ਼ਾਮਲ ਹੋ ਰਹੇ ਆਗੂਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਜਿਸ ਤੋਂ ਬਾਅਦ ਜਥੇਬੰਦੀਆਂ ਵੱਲੋਂ ਧਰਨਾ ਲਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਜ਼ਿਕਰ ਕਰ ਦਈਏ ਕਿ ਟਰੈਵਲ ਏਜੰਟ ਨੂੰ ਬਲੈਕਮੇਲ ਕਰਨ ਦੇ ਮਾਮਲੇ ਵਿੱਚ ਫੜੇ ਗਏ ਬਲਾਗਰ ਭਾਨਾ ਸਿੱਧੂ ਦੇ ਹੱਕ ਵਿੱਚ ਕਿਸਾਨ ਜਥੇਬੰਦੀਆਂ ਸਾਹਮਣੇ ਆ ਗਈਆਂ ਹਨ। 15 ਕਿਸਾਨ ਜਥੇਬੰਦੀਆਂ ਨੇ ਸ਼ਨੀਵਾਰ ਨੂੰ ਸੰਗਰੂਰ 'ਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਘਰ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ। ਇਸ ਦਾ ਪਤਾ ਲੱਗਦਿਆਂ ਹੀ ਪੁਲਿਸ ਨੇ ਸੰਗਰੂਰ ਅਤੇ ਮਾਨਸਾ ਵਿੱਚ ਕਿਸਾਨ ਆਗੂਆਂ ਨੂੰ ਨਜ਼ਰਬੰਦ ਕਰ ਦਿੱਤਾ। ਇੰਨਾ ਹੀ ਨਹੀਂ ਸੰਗਰੂਰ ਜਾ ਰਹੇ ਸਾਬਕਾ ਸੀਐਮ ਚਰਨਜੀਤ ਸਿੰਘ ਚੰਨੀ ਨੂੰ ਵੀ ਰਸਤੇ ਵਿੱਚ ਰੋਕ ਲਿਆ ਗਿਆ। ਜਿਵੇਂ ਹੀ ਕਿਸਾਨ ਜਥੇਬੰਦੀਆਂ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਹ ਗੁੱਸੇ 'ਚ ਆ ਗਏ। ਉਨ੍ਹਾਂ ਅੰਮ੍ਰਿਤਸਰ, ਫ਼ਿਰੋਜ਼ਪੁਰ, ਬਠਿੰਡਾ ਸਮੇਤ ਕਈ ਜ਼ਿਲ੍ਹਿਆਂ ਦੇ ਟੋਲ ਪਲਾਜ਼ੇ ਬੰਦ ਕਰਨ ਦਾ ਐਲਾਨ ਕੀਤਾ। ਸੜਕਾਂ ਵੀ ਜਾਮ ਹੋਣ ਲੱਗੀਆਂ ਹਨ। ਪੁਲਿਸ ਸੰਗਰੂਰ ਜਾਣ ਵਾਲੀਆਂ ਬੱਸਾਂ ਨੂੰ ਰੋਕ ਕੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਰਹੀ ਹੈ। ਲੁਧਿਆਣਾ-ਦਿੱਲੀ ਹਾਈਵੇਅ ਨੂੰ ਜਾਮ ਕਰ ਦਿੱਤਾ ਗਿਆ ਹੈ। ਧਰਨੇ ਦੇ ਮੱਦੇਨਜ਼ਰ ਸੰਗਰੂਰ ਵਿੱਚ ਮੁੱਖ ਮੰਤਰੀ ਹਾਊਸ ਦੇ ਬਾਹਰ ਬੈਰੀਕੇਡ ਲਾ ਦਿੱਤੇ ਗਏ ਹਨ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਭਾਨਾ ਸਿੱਧੂ ਸਿਰਫ਼ ਟਰੈਵਲ ਏਜੰਟਾਂ ਤੋਂ ਧੋਖਾਧੜੀ ਦਾ ਸ਼ਿਕਾਰ ਹੋਏ ਕਿਸਾਨਾਂ ਦੇ ਪੈਸੇ ਹੀ ਮੋੜਦਾ ਸੀ। ਪੰਜਾਬ ਦੀ 'ਆਪ' ਸਰਕਾਰ ਖਿਲਾਫ ਸੋਸ਼ਲ ਮੀਡੀਆ 'ਤੇ ਪੋਸਟਾਂ ਪਾਉਣ ਦੇ ਦੋਸ਼ 'ਚ ਉਨ੍ਹਾਂ ਖਿਲਾਫ ਬਦਲਾਖੋਰੀ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।



## ਕਾਂਗਰਸੀ ਕੌਂਸਲਰਾਂ ਨੇ ਕਾਂਗਰਸ ਪ੍ਰਧਾਨ ਖ਼ਿਲਾਫ਼ ਖੋਲ੍ਹਿਆ ਮੋਰਚਾ, ਬੇਭਰੋਸਗੀ ਦਾ ਮਤਾ ਲਿਆਉਣ ਲਈ ਦਿੱਤਾ ਪੱਤਰ

**ਸ੍ਰੀ ਮੁਕਤਸਰ ਸਾਹਿਬ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਮੁਕਤਸਰ ਸਾਹਿਬ ਨਗਰ ਕੌਂਸਲ ਵਿੱਚ ਪ੍ਰਧਾਨਗੀ ਨੂੰ ਲੈ ਕੇ ਕਾਂਗਰਸ ਹੀ ਕਾਂਗਰਸ ਦੇ ਵਿਰੁੱਧ ਖੜ੍ਹੀ ਨਜ਼ਰ ਆ ਰਹੀ ਹੈ। ਨਗਰ ਕੌਂਸਲ ਦੇ ਕਾਂਗਰਸੀ ਪ੍ਰਧਾਨ ਨੂੰ ਭਰੋਸੇ ਦਾ ਵੋਟ ਸਾਬਿਤ ਕਰਨ ਲਈ ਕਿਹਾ ਗਿਆ ਹੈ। ਇਸ ਮੌਕੇ ਕਾਂਗਰਸ ਦੇ 10 ਕੌਂਸਲਰਾਂ ਨੇ ਇਸ ਵਿੱਚ ਦਸਤਖ਼ਤ ਕਰਕੇ ਭਰੋਸੇ ਦਾ ਵੋਟ ਸਾਬਤ ਕਰਨ ਦੀ ਮੰਗ ਕੀਤੀ ਹੈ। ਦਰਅਸਲ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਜੱਦੀ ਜ਼ਿਲ੍ਹੇ ਸ੍ਰੀ ਮੁਕਤਸਰ ਸਾਹਿਬ ਦੀ ਨਗਰ ਕੌਂਸਲ ਵਿੱਚ ਪ੍ਰਧਾਨਗੀ ਦੀ ਕੁਰਸੀ ਨੂੰ ਲੈ ਕੇ ਇੱਕ ਵਾਰ ਫਿਰ ਤੋਂ ਮਾਹੌਲ ਗਰਮਾ ਗਿਆ ਹੈ। ਨਗਰ ਕੌਂਸਲ ਪ੍ਰਧਾਨ ਦੀ ਕੁਰਸੀ ਜਿਸ 'ਤੇ ਕਾਂਗਰਸ ਦੇ ਕ੍ਰਿਸ਼ਨ ਕੁਮਾਰ ਕਾਬਜ਼ ਹਨ ਪਰ ਹੁਣ ਕਾਂਗਰਸ ਦੇ ਕੌਂਸਲਰਾਂ ਨੇ ਹੀ ਉਸ ਦੇ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਸ੍ਰੀ ਮੁਕਤਸਰ ਸਾਹਿਬ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਨੂੰ 11 ਕੌਂਸ਼ਲਰਾਂ ਨੇ ਇੱਕ ਲਿਖਤੀ ਪੱਤਰ ਦਿੱਤਾ ਜਿਸ ਵਿੱਚ ਪ੍ਰਧਾਨ ਨੂੰ ਭਰੋਸੇ ਦਾ ਵੋਟ ਸਾਬਿਤ ਕਰਨ ਲਈ ਆਖਿਆ ਗਿਆ ਹੈ। ਕਾਰਜ ਸਾਧਕ ਅਫ਼ਸਰ ਨੇ ਇਸ ਸਬੰਧੀ ਲਿਖਤੀ ਤੌਰ 'ਤੇ ਪ੍ਰਧਾਨ ਨੂੰ ਸੂਚਿਤ ਕਰਦਿਆ 14 ਦਿਨਾਂ ਦੇ ਵਿੱਚ ਮੀਟਿੰਗ ਸੱਦ ਕੇ ਭਰੋਸੇ ਦਾ ਵੋਟ ਸਾਬਿਤ ਕਰਨ ਲਈ ਆਖਿਆ ਹੈ। ਹੈਰਾਨਗੀ ਤਾਂ ਇਸ ਗੱਲ ਦੀ ਹੈ ਕਿ ਇਸ ਪੱਤਰ ਦੇ ਜਿੰਨ੍ਹਾ 11 ਕੌਂਸਲਰਾਂ ਦੇ ਦਸਤਖਤ ਹਨ ਉਨ੍ਹਾਂ ਵਿਚੋਂ 10 ਕਾਂਗਰਸ ਦੇ ਚੋਣ ਨਿਸ਼ਾਨ ਪੰਜੇ 'ਤੇ ਚੋਣ ਲੜ ਕੇ ਕੌਂਸਲਰ ਬਣੇ ਹਨ। ਇਹ ਕੌਂਸਲਰ ਬੀਤੇ ਲੰਮੇ ਸਮੇਂ ਤੋਂ ਪ੍ਰਧਾਨ ਨੂੰ ਹਟਾਉਣ ਦੀ ਮੰਗ ਪਾਰਟੀ ਦੇ ਵੱਖ ਵੱਖ ਪਲੇਟਫਾਰਮਾਂ ਤੇ ਕਰਦੇ ਰਹੇ ਹਨ ਪਰ ਅਜਿਹਾ ਨਾ ਹੋਣ ਤੇ ਹੁਣ ਇਨ੍ਹਾਂ ਨੇ ਭਰੋਸੇ ਦਾ ਵੋਟ ਸਾਬਿਤ ਕਰਨ ਲਈ ਪੱਤਰ ਕਾਰਜ ਸਾਧਕ ਅਫ਼ਸਰ ਨੂੰ ਸੌਂਪ ਦਿੱਤਾ। ਸ੍ਰੀ ਮੁਕਤਸਰ ਸਾਹਿਬ ਨਗਰ ਕੌਂਸਲ ਦੇ ਕੁੱਲ 31 ਕੌਂਸਲਰਾਂ ਵਿੱਚੋਂ 16 ਕੌਂਸਲਰ ਕਾਂਗਰਸ, 11 ਸ੍ਰੋਮਣੀ ਅਕਾਲੀ ਦਲ, 1 ਭਾਜਪਾ, 1 ਅਜ਼ਾਦ ਅਤੇ 2 ਆਮ ਆਦਮੀ ਪਾਰਟੀ ਨਾਲ ਸਬੰਧਿਤ ਹਨ। ਇਸ ਤੋਂ ਪਹਿਲਾ ਸ੍ਰੋਮਣੀ ਅਕਾਲੀ ਦਲ ਦੇ ਕੌਂਸਲਰਾਂ ਨੇ ਵੀ ਇਸ ਤਰ੍ਹਾਂ ਦਾ ਪੱਤਰ ਦਿੱਤਾ ਸੀ ਪਰ ਉਸ ਸਮੇਂ ਪ੍ਰਧਾਨ ਭਰੋਸੇ ਦਾ ਵੋਟ ਹਾਸਿਲ ਕਰਨ ਵਿਚ ਕਾਮਯਾਬ ਹੋ ਗਿਆ ਸੀ।

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


## ਦਿੱਲੀ ਦੇ ਮਹਿਰੌਲੀ 'ਚ ਸਥਿਤ 600 ਸਾਲ ਪੁਰਾਣੀ ਇਤਿਹਾਸਕ ਮਸਜਿਦ 'ਤੇ ਚਲਾਇਆ ਬੁਲਡੋਜ਼ਰ



**ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਬੀਤੀ 30 ਜਨਵਰੀ ਨੂੰ ਰਾਜਧਾਨੀ ਦਿੱਲੀ ਦੇ ਮਹਿਰੌਲੀ 'ਚ ਸਥਿਤ 600 ਸਾਲ ਪੁਰਾਣੀ ਮਸਜਿਦ 'ਤੇ ਬੁਲਡੋਜ਼ਰ ਚਲਾਇਆ ਗਿਆ। ਡੀਡੀਏ ਦੀ ਇਸ ਅਚਾਨਕ ਕਾਰਵਾਈ ਨਾਲ ਮਾਮਲਾ ਦਿੱਲੀ ਹਾਈ ਕੋਰਟ ਵਿੱਚ ਪਹੁੰਚ ਗਿਆ ਹੈ। ਹਾਈ ਕੋਰਟ ਨੇ ਇਸ 'ਤੇ ਦਿੱਲੀ ਵਿਕਾਸ ਅਥਾਰਟੀ ਤੋਂ ਜਵਾਬ ਮੰਗਿਆ ਹੈ। ਅਦਾਲਤ ਨੇ ਪੁੱਛਿਆ ਕਿ ਕੀ ਤੁਸੀਂ ਮਹਿਰੌਲੀ ਦੀ ਇਸ ਇਤਿਹਾਸਕ ਮਸਜਿਦ ਨੂੰ ਢਾਹੁਣ ਤੋਂ ਪਹਿਲਾਂ ਕੋਈ ਜਾਣਕਾਰੀ ਦਿੱਤੀ ਸੀ। ਦੂਜੇ ਪਾਸੇ ਡੀਡੀਏ ਦਾ ਕਹਿਣਾ ਹੈ ਕਿ ਢਾਹੁਣ ਦੀ ਮੁਹਿੰਮ ਦੇ ਚਲਦਿਆਂ ਉਸ ਨੇ ਮਸਜਿਦ ਅਤੇ ਇਸ ਦੇ ਆਲੇ-ਦੁਆਲੇ ਦੇ ਢਾਂਚੇ ਨੂੰ ਅਣਅਧਿਕਾਰਤ ਮੰਨਦਿਆਂ ਢਾਹ ਦਿੱਤਾ ਹੈ। ਡੀਡੀਏ ਨੂੰ ਇੱਕ ਹਫ਼ਤੇ ਦੇ ਅੰਦਰ ਅਦਾਲਤ ਵਿੱਚ ਜਵਾਬ ਦੇਣਾ ਹੋਵੇਗਾ। ਇਸ ਦੇ ਨਾਲ ਹੀ ਇਕ ਭਾਈਚਾਰਾ ਇਸ ਮਸਜਿਦ ਨੂੰ ਢਾਹੇ ਜਾਣ ਤੋਂ ਕਾਫੀ ਨਾਰਾਜ਼ ਹੈ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਉਨ੍ਹਾਂ ਨੂੰ ਕੋਈ ਨੋਟਿਸ ਨਹੀਂ ਮਿਲਿਆ ਅਤੇ ਬਿਨਾਂ ਕਿਸੇ ਸੂਚਨਾ ਦੇ ਅਚਾਨਕ ਕਾਰਵਾਈ ਕੀਤੀ ਗਈ। ਇਸ ਕਾਰਵਾਈ ਵਿੱਚ 600 ਸਾਲ ਪੁਰਾਣੀ ਮਸਜਿਦ ਅਤੇ ਆਲੇ-ਦੁਆਲੇ ਦੇ ਢਾਂਚੇ ਨੂੰ ਵੀ ਢਾਹ ਦਿੱਤਾ ਗਿਆ। ਪਿਛਲੇ ਸਾਲ ਸਤੰਬਰ ਮਹੀਨੇ ਵਿੱਚ ਡੀਡੀਏ ਨੇ ਅਦਾਲਤ ਨੂੰ ਕਿਹਾ ਸੀ ਕਿ ਵਕਫ਼ ਬੋਰਡ ਦੀ ਮਾਲਕੀ ਵਾਲੀ ਕਿਸੇ ਵੀ ਜਾਇਜ਼ ਜਾਇਦਾਦ ਨੂੰ ਹੱਥ ਨਹੀ ਲਾਇਆ ਜਾਵੇਗਾ। ਕਿਉਂਕਿ ਇਹ ਖ਼ਦਸ਼ਾ ਪ੍ਰਗਟ ਕੀਤਾ ਗਿਆ ਸੀ ਕਿ ਡੀਡੀਏ ਅਣਅਧਿਕਾਰਤ ਜਾਇਦਾਦਾਂ ਨੂੰ ਹਟਾਉਣ ਦੇ ਨਾਲ-ਨਾਲ ਵਕਫ਼ ਬੋਰਡ ਦੀਆਂ ਜਾਇਦਾਦਾਂ ਨੂੰ ਵੀ ਨਸ਼ਟ ਕਰ ਰਿਹਾ ਹੈ। ਇਤਿਹਾਸਕਾਰਾਂ ਦਾ ਕਹਿਣਾ ਹੈ ਕਿ ਸਥਾਨਕ ਲੋਕਾਂ ਦਾ ਦਾਅਵਾ ਹੈ ਕਿ ਇਹ ਮਸਜਿਦ 600 ਤੋਂ 700 ਸਾਲ ਪੁਰਾਣੀ ਸੀ ਅਤੇ ਰਜ਼ੀਆ ਸੁਲਤਾਨ (1236-1240) ਦੇ ਰਾਜ ਦੌਰਾਨ ਬਣੀ ਸੀ। ਮਸਜਿਦ 'ਤੇ ਹੋਈ ਇਸ ਅਚਾਨਕ ਕਾਰਵਾਈ ਤੋਂ ਦਿੱਲੀ ਵਕਫ ਬੋਰਡ ਵੀ ਨਾਰਾਜ਼ ਹੈ। ਇਹ ਮਾਮਲਾ ਹੁਣ ਦਿੱਲੀ ਹਾਈ ਕੋਰਟ ਤੱਕ ਪਹੁੰਚ ਗਿਆ ਹੈ। ਮਾਮਲੇ ਦੀ ਸੁਣਵਾਈ ਤੋਂ ਬਾਅਦ ਜਸਟਿਸ ਸਚਿਨ ਦੱਤਾ ਨੇ ਡੀਡੀਏ ਨੂੰ ਇੱਕ ਹਫ਼ਤੇ ਦੇ ਅੰਦਰ ਆਪਣਾ ਜਵਾਬ ਦਾਖ਼ਲ ਕਰਨ ਦਾ ਹੁਕਮ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਦੇ ਗਵਰਨਰ ਬਨਵਾਰੀ ਲਾਲ ਪੁਰੋਹਿਤ ਨੇ ਦਿੱਤਾ ਅਸਤੀਫ਼ਾ



**ਚੰਡੀਗੜ੍ਹ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਸਿਆਸਤ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਰਾਜਪਾਲ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਵੱਲੋਂ ਇਹ ਅਸਤੀਫ਼ਾ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਭੇਜਿਆ ਹੈ, ਜਿਸ ਵਿਚ ਉਨ੍ਹਾਂ ਨੇ ਨਿੱਜੀ ਕਾਰਨਾਂ ਦਾ ਹਵਾਲਾ ਦਿੱਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਰਾਸ਼ਟਰਪਤੀ ਵੱਲੋਂ ਉਨ੍ਹਾਂ ਦੇ ਅਸਤੀਫ਼ੇ ਨੂੰ ਮਨਜ਼ੂਰ ਕੀਤਾ ਜਾਵੇ। ਇਥੇ ਇਹ ਵੀ ਦੱਸ ਦੇਈਏ ਕਿ ਬਨਵਾਰੀ ਲਾਲ ਪੁਰੋਹਿਤ ਵੱਲੋਂ ਕੱਲ੍ਹ ਹੀ ਅਮਿਤ ਸ਼ਾਹ ਨਾਲ ਮੁਲਾਕਾਤ ਕੀਤੀ ਗਈ ਹੈ। ਪੰਜਾਬ ਦੇ ਗਵਰਨਰ ਵਜੋਂ ਉਨ੍ਹਾਂ ਨੇ 1 ਸਤੰਬਰ 2021 ਨੂੰ ਆਪਣਾ ਅਹੁਦਾ ਸੰਭਾਲਿਆ ਸੀ ਅਤੇ ਅੱਜ 3 ਫਰਵਰੀ 2024 ਨੂੰ ਉਨ੍ਹਾਂ ਨੇ ਅਸਤੀਫ਼ਾ ਦੇ ਦਿੱਤਾ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਭੇਜੇ ਗਏ ਪੱਤਰ ਵਿਚ ਬਨਵਾਰੀ ਲਾਲ ਪੁਰੋਹਿਤ ਨੇ ਕਿਹਾ, "ਮੇਰੇ ਨਿੱਜੀ ਕਾਰਨਾਂ ਅਤੇ ਕੁਝ ਹੋਰ ਵਚਨਬੱਧਤਾਵਾਂ ਦੇ ਕਾਰਨ, ਮੈਂ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਦੇ ਅਹੁਦੇ ਤੋਂ ਅਸਤੀਫ਼ਾ ਦੇ ਰਿਹਾ ਹਾਂ।" ਜ਼ਿਕਰਯੋਗ ਹੈ ਕਿ ਭਾਜਪਾ ਨਾਲ ਲੰਬੇ ਸਮੇਂ ਤੋਂ ਜੁੜੇ ਪੁਰੋਹਿਤ ਨੂੰ 21 ਅਗਸਤ 2021 ਨੂੰ ਪੰਜਾਬ ਦਾ ਗਵਰਨਰ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਨੇ 1 ਸਤੰਬਰ 2021 ਨੂੰ ਆਪਣਾ ਅਹੁਦਾ ਸੰਭਾਲਿਆ ਸੀ। ਉਹ 2 ਸਾਲ 5 ਮਹੀਨੇ 2 ਦਿਨ ਪੰਜਾਬ ਦੇ ਰਾਜਪਾਲ ਰਹੇ ਹਨ। ਇਸ ਤੋਂ ਪਹਿਲਾਂ ਉਹ ਸਾਲ 2017 ਤੋਂ ਲੈ ਕੇ 2021 ਤੱਕ ਤਾਮਿਲਨਾਡੂ ਅਤੇ ਸਾਲ 2016 ਤੋਂ 2017 ਤੱਕ ਆਸਾਮ ਦੇ ਗਵਰਨਰ ਰਹੇ ਹਨ। ਪੁਰੋਹਿਤ ਦਾ ਜਨਮ 16 ਅਪ੍ਰੈਲ 1940 ਨੂੰ ਰਾਜਸਥਾਨ ਦੇ ਨਵਲਗੜ੍ਹ ਵਿਚ ਹੋਇਆ ਸੀ।

ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ ।।



ਪਰਮ ਸਤਿਕਾਰਯੋਗ....................................... ਜੀਓ

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# 10 ਫਰਵਰੀ 2024 ਦੇ
# ਨੁਮਾਇੰਦਾ ਇਕੱਠ
## ਵਿੱਚ ਜਲੰਧਰ ਪਹੁੰਚਣ ਲਈ ਸੱਦਾ ਪੱਤਰ ।

: ਏਜੰਡਾ :

**ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦਾ ਇਨਸਾਫ ਲੈਣ ਹਿੱਤ ਕਾਨੂੰਨੀ ਪੱਖ ਤੇ ਲੋਕ ਲਹਿਰ ਉਸਾਰਨ ਲਈ ।**

ਬੇਨਤੀ ਹੈ ਕਿ ਜਿਵੇਂ ਆਪ ਜੀ ਨੂੰ ਭਲੀ ਭਾਂਤ ਪਤਾ ਹੀ ਹੈ ਕਿ ਅੱਜ ਤੋਂ 31 ਸਾਲ ਪਹਿਲਾਂ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਹੱਥ ਠੋਕੇ ਬੇਅੰਤ ਸਿੰਘ ਮੁੱਖ ਮੰਤਰੀ ਪੰਜਾਬ ਤੇ ਉਸਦੇ ਅਹਿਲਕਾਰਾਂ ਨੇ ਉਸ ਸਮੇਂ ਦੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਨੂੰ ਉਹਨਾਂ ਦੇ ਆਪਣੇ ਪਿੰਡ ਕਾਉਂਕੇ ਤੋਂ ਪਿੰਡ ਵਾਸੀਆਂ ਦੇ ਸਾਹਮਣੇ ਦਿਨ ਦਿਹਾੜੇ ਗ੍ਰਿਫਤਾਰ ਕਰਕੇ ਸੀ ਆਈ ਏ ਸਟਾਫ ਜਗਰਾਉਂ ਵਿਖੇ ਰੱਖਕੇ ਅਸਹਿ ਤੇ ਅਕਹਿ ਤਸੀਹੇ ਦੇ ਕੇ ਅਤੇ ਕੋਹ ਕੋਹ ਕੇ ਉਹਨਾਂ ਦੇ ਸਰੀਰ ਦੇ ਟੋਟੇ ਟੋਟੇ ਕਰਕੇ, ਭਾਵੇਂ ਇੱਕ ਜਨਵਰੀ 1993 ਨੂੰ ਸਹੀਦ ਕਰ ਦਿੱਤਾ ਗਿਆ ਸੀ । ਪਰ ਉਸ ਸਮੇਂ ਪੁਲਿਸ ਵਲੋਂ ਉਹਨਾਂ ਨੂੰ ਪੁਲਿਸ ਹਿਰਾਸਤ ਵਿੱਚੋਂ ਭੱਜਣ ਦਾ ਡਰਾਮਾ ਰਚਿਆ ਗਿਆ ਸੀ । ਉਸ ਸਮੇਂ ਤੋਂ ਪੰਥ ਵਲੋਂ ਉਹਨਾਂ ਦੇ ਕਾਤਲਾਂ ਨੂੰ ਸਜਾ ਦਿਵਾਉਣ ਲਈ ਇੱਕ ਸੁਰ ਹੋ ਕੇ ਮੰਗ ਉਠਾਉਣ ਦੇ ਬਾਵਜੂਦ ਕਿਸੇ ਵੀ ਹੁਕਮਰਾਨ ਸਰਕਾਰ ਨੇ ਇਸ ਦਾ ਇਨਸਾਫ ਦੇਣ ਦੀ ਬਜਾਏ ਅੱਖੋਂ ਪਰੋਖੇ ਕਰੀ ਰੱਖਿਆ ਇਥੋਂ ਤੱਕ ਕਿ ਪੰਥ ਦੀਆਂ ਵੋਟਾਂ ਲੈ ਕੇ ਤਿੰਨ ਵਾਰ ਸ. ਪ੍ਰਕਾਸ ਸਿੰਘ ਬਾਦਲ ਦੀ ਅਗਵਾਈ ਹੇਠ ਬਣੀ ਅਕਾਲੀ ਸਰਕਾਰ ਨੇ ਆਪਣੀ ਕੌਮ ਦੇ ਜਥੇਦਾਰ ਦਾ ਇਨਸਾਫ ਤਾਂ ਕੀ ਦੇਣਾ ਸੀ ਸਗੋਂ ਕਾਤਲ ਪੁਲਿਸ ਅਫਸਰਾਂ ਨੂੰ ਉਹਨਾਂ ਦੇ ਪਸੰਦੀ ਦੇ ਉੱਚ ਆਹੁਦੇ ਦੇ ਕੇ ਨਿਵਾਜਿਆ ਗਿਆ । ਸ. ਪ੍ਰਕਾਸ ਸਿੰਘ ਬਾਦਲ ਬਾਦਲ ਨੇ ਮੁੱਖ ਮੰਤਰੀ ਤੇ ਸ. ਸੁਖਬੀਰ ਸਿੰਘ ਬਾਦਲ ਨੇ ਗ੍ਰਹਿ ਮੰਤਰੀ ਰਹਿੰਦਿਆਂ ਲਗਾਤਾਰ ਕ੍ਰਮਵਾਰ 13 ਤੇ 8 ਸਾਲ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਨੂੰ ਆਪਣੇ ਸਿਰਹਾਣੇ ਤੇ ਗੋਡੇ ਥੱਲੇ ਦਬਾਅ ਕੇ ਕਾਤਲਾਂ ਨੂੰ ਆਪਣੀ ਬੁੱਕਲ ਵਿਚ ਲੈ ਕੇ ਬਚਾਉਂਦੇ ਤੇ ਲਕਾਉਦੇ ਰਹੇ ।

ਪ੍ਰੰਤੂ ਹੁਣ ਉਨਾਂ ਦੇ ਕਤਲ ਦੀ 25 ਸਾਲਾਂ ਬਾਅਦ ਪੁਲਿਸ ਅਫਸਰ ਬੀ ਪੀ ਤਿਵਾੜੀ ਦੀ ਜਾਂਚ ਰਿਪੋਰਟ ਜਨਤਕ ਹੋ ਕੇ ਸ੍ਰੀ ਅਕਾਲ ਤਖਤ ਸਾਹਿਬ ਤੇ ਦਾਖਲ ਹੋਈ ਹੈ । ਇਸ ਰਿਪੋਰਟ ਨੇ ਅੱਜ ਸੰਸਾਰ ਪੱਧਰ ਤੇ ਸਿੱਖ ਕੌਮ ਨੂੰ ਮੁੜ ਅਗਵਾਈ ਦਿੰਦਿਆ ਉਸ ਦੌਰ ਦੀਆਂ ਵਧੀਕੀਆਂ ਤੇ ਜਬਰ ਜੁਲਮ ਦਾ ਇਨਸਾਫ ਲੈਣ ਅਤੇ ਖੇਰੂ-ਖੇਰੂ ਹੋਈ ਕੌਮ ਨੂੰ ਜਗਾਉਣ ਅਤੇ ਇੱਕ ਮੰਚ ਤੇ ਇਕੱਠਿਆਂ ਹੋਣ ਲਈ ਲੋਕ ਲਹਿਰ ਖੜ੍ਹੀ ਕਰਨ ਲਈ ਹਲੂਣਾ ਦਿੱਤਾ ਹੈ ।

ਸੋ ਆਓ ਪੰਥ ਅਤੇ ਪੰਜਾਬ ਦੇ ਦਰਦੀਓ, ਸਾਬਕਾ ਜੱਜ ਸਾਹਿਬਾਨ, ਵਕੀਲ ਸਾਹਿਬਾਨ ਮਨੁੱਖੀ ਅਧਿਕਾਰਾਂ ਲਈ ਅਵਾਜ ਬੁਲੰਦ ਕਰਨ ਵਾਲਿਓ, 10 ਫਰਵਰੀ 2024 ਨੂੰ ਸਵੇਰੇ 11 ਵਜੇ ਜਲੰਧਰ ਦੇ ਗੁਰੂ ਤੇਗ ਬਹਾਦੁਰ ਸਾਹਿਬ ਨਗਰ ਦੇ, ਗੁਰਦੁਆਰਾ ਗੁਰੂ ਤੇਗ ਬਹਾਦਰ ਵਿਖੇ ਪੁੱਜਣ ਦੀ ਬੇਨਤੀ ਕੀਤੀ ਜਾਂਦੀ ਹੈ ਜੀ । ਸੋ ਗੁਰੂ ਹੁਕਮਾਂ ਦੀ ਰੋਸਨੀ ਵਿੱਚ, ਭਵਿੱਖੀ ਰਣਨੀਤੀ ਤਿਆਰ ਕਰਨ ਲਈ ਜਥੇਦਾਰ ਕਾਉਂਕੇ ਦੇ ਇਨਸਾਫ ਲੈਣ ਲਈ ਮੀਟਿੰਗ ਵਿੱਚ ਪਹੁੰਚਣ ਦਾ ਸੱਦਾ ਪ੍ਰਵਾਨ ਕਰਨਾ ਜੀ ।

: ਨੋਟ :

ਜਥੇਦਾਰ ਕਾਉਂਕੇ ਸਾਹਿਬ ਦੇ ਮੁੱਦੇ ਤੇ ਇਨਸਾਫ ਲੈਣ ਲਈ ਕਨੂੰਨੀ ਰਾਏ ਤੇ ਲੋਕ ਲਹਿਰ ਖੜ੍ਹੀ ਕਰਨ ਲਈ ਆਪਣੇ ਕੀਮਤੀ ਸੁਝਾਅ ਸੰਖੇਪ ਸਬਦਾਂ ਵਿੱਚ ਲਿਖਕੇ ਲੈ ਕੇ ਆਉਣ ਦੀ ਕ੍ਰਿਪਾਲਤਾ ਕਰਨੀ ਜੀ । ਆਪ ਜੀ ਦੇ ਧੰਨਵਾਦੀ ਹੋਵਾਂਗੇ ।

ਆਵਾਜ਼ਿ ਕੌਮ
AWAZE QAUM
International Newspaper & WEB TV


: ਗੁਰੂ ਪੰਥ ਦੇ ਦਾਸ :

**ਤਾਲਮੇਲ ਇਨਸਾਫ਼ ਕਮੇਟੀ**

**ਅਮਰ ਸ਼ਹੀਦ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ**

**ਕਾਰਜਕਾਰੀ ਜਥੇਦਾਰ, ਸ੍ਰੀ ਅਕਾਲ ਤਖਤ ਸਾਹਿਬ**

ਸੰਪਰਕ ਨੰਬਰ : 9872482164, 9814013915, 9814015740, 9779750126, ਕਨੂੰਨੀ ਸੁਝਾਅ ਦੇਣ ਵਾਸਤੇ ਨੰਬਰ : 9878421013





# ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਬਾਲੀਆਂ ਵਿਖੇ ਅਤਿ ਆਧੁਨਿਕ 'ਪੇਂਡੂ ਲਾਇਬ੍ਰੇਰੀ' ਦਾ ਉਦਘਾਟਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਬਾਲੀਆਂ ਵਿਖੇ ਸਥਾਪਤ ਅਤਿ ਆਧੁਨਿਕ ਪੇਂਡੂ ਲਾਇਬ੍ਰੇਰੀ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ ਗਿਆ।ਆਪਣੇ ਸਬੰਧਨ ਦੌਰਾਨ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਜ਼ਿਲ੍ਹਾ ਸੰਗਰੂਰ ਵਿਖੇ ਦੋ ਵੱਖ-ਵੱਖ ਪੜਾਅ ਤਹਿਤ ਆਰੰਭ ਹੋਈਆਂ ਇਨ੍ਹਾਂ ਪੇਂਡੂ ਲਾਇਬ੍ਰੇਰੀਆਂ ਦੇ ਛੇਤੀ ਹੀ ਸਾਰਥਕ ਨਤੀਜੇ ਸਾਹਮਣੇ ਆਉਣਗੇ ਅਤੇ ਪਿੰਡਾਂ ਵਿੱਚ ਪੁਸਤਕ ਸਭਿਆਚਾਰ ਨੂੰ ਵੱਡਾ ਹੁੰਗਾਰਾ ਮਿਲੇਗਾ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਉਦਮ ਸਦਕਾ ਸੂਬੇ ਵਿੱਚੋਂ ਇਹ ਪਹਿਲ ਸੰਗਰੂਰ ਜ਼ਿਲ੍ਹੇ ਵਿੱਚ ਆਰੰਭ ਕਰਕੇ ਲੋਕਾਂ ਨੂੰ ਪੁਸਤਕਾਂ ਨਾਲ ਦਿਲੀਂ ਸਾਂਝ ਪਾਉਣ ਦਾ ਸ਼ਾਨਦਾਰ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ 26 ਪਿੰਡਾਂ ਵਿੱਚ ਇਹ ਅਤਿ ਆਧੁਨਿਕ ਪੇਂਡੂ ਲਾਇਬ੍ਰੇਰੀਆਂ ਆਰੰਭ ਹੋ ਚੁੱਕੀਆਂ ਹਨ ਅਤੇ ਇਨ੍ਹਾਂ ਵਿੱਚ ਹਰ ਉਹ ਸੁਵਿਧਾ ਉਪਲਬਧ ਕਰਵਾਈ ਗਈ ਹੈ ਜੋ ਕਿ ਵਿਦਿਆਰਥੀ ਵਰਗ ਦੀ ਪੜ੍ਹਾਈ ਨਾਲ ਸਬੰਧਤ ਲੋੜ ਨਾਲ ਜੁੜੀ ਹੁੰਦੀ ਹੈ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਇਹ ਵੀ ਕਿਹਾ ਕਿ ਉਹ ਪਿੰਡਾਂ ਤੇ ਸ਼ਹਿਰੀ ਖੇਤਰਾਂ ਦੇ ਸਰਵ ਪੱਖੀ ਵਿਕਾਸ ਲਈ ਤਨਦੇਹੀ ਨਾਲ ਕਾਰਜਸ਼ੀਲ ਹਨ ਅਤੇ ਹਰ ਵਰਗ ਦੀਆਂ ਸਹੂਲਤਾਂ ਨੂੰ ਯਕੀਨੀ ਬਣਾਉਂਦੇ ਹੋਏ ਵਿਧਾਨ ਸਭਾ ਹਲਕਾ ਸੰਗਰੂਰ ਨੂੰ ਹਰ ਖੇਤਰ ਵਿੱਚ ਮੋਹਰੀ ਬਣਾਉਣ ਲਈ ਵੱਡੇ ਤੇ ਮਹੱਤਵਪੂਰਨ ਉਪਰਾਲੇ ਕਰ ਰਹੇ ਹਨ। ਇਸ ਮੌਕੇ ਐਸ.ਡੀ.ਐਮ ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਕਸੀਅਨ ਪੰਚਾਇਤੀ ਰਾਜ ਰਣਜੀਤ ਸਿੰਘ ਸ਼ੇਰਗਿੱਲ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV







# ਭਗਵੰਤ ਮਾਨ ਸਰਕਾਰ ਦੇ ਫੈਸਲੇ, ਵਿਰੋਧੀਆਂ ਲਈ ਬਣ ਸਕਦੇ ਹਨ ਚਣੌਤੀ !

ਪੰਜਾਬ ਅੰਦਰ ਭਗਵੰਤ ਸਿੰਘ ਮਾਨ ਦੀ ਸਰਕਾਰ ਬਣਿਆ ਹਾਲੇ ਦੋ ਵਰਿਆ ਤੋ ਘਟ ਦਾ ਵਕਤ ਹੋਇਆ ਹੈ ।ਪਰ ਦੂਜੇ ਪਾਸੇ 2024 ਦੀਆ ਲੋਕ ਸਭਾ ਚੋਣਾ ਦਾ ਡੰਕਾ ਵੱਜ ਚੁੱਕਾ ਹੈ ।ਦੇਸ਼ ਦੀਆ ਇਨਾ ਸਭ ਤੋ ਵੱਡੀਆ ਚੋਣਾ ਚ ਦੇਸ਼ ਦੀ ਖੜਗ ਭੁਜਾ ਮੰਨੇ ਜਾਣ ਵਾਲੇ ਪੰਜ ਦਰਿਆਵਾ ਦੀ ਧਰਤੀ ਦੇ ਬਸ਼ਿੰਦੇ ਕਿਸ ਨੂੰ ਆਪਣਾ ਫਤਵਾ ਦੇਣਗੇ। ਇਹ ਕਹਿਣਾ ਹਾਲੇ ਵਕਤ ਤੋ ਪਹਿਲਾ ਦੀਆ ਸਿਆਸੀ ਕਿਆਸ ਰਾਈਆ ਹਨ, ਕਿਓਕਿ ਰਾਸ਼ਟਰੀ ਪੱਧਰ ਤੇ ਐਨ ਡੀ ਏ ਤੇ ਇੰਡੀਆ ਗੱਠਜੋੜ ਦੇ ਸਮੀਕਰਨਾ ਚ ਹਾਲੇ ਹੋਰ ਤਬਦੀਲੀਆ ਆਉਣ ਦੀਆ ਸੰਭਾਵਨਾਵਾਂ ਤੋ ਇਨਕਾਰ ਨਹੀ ਕੀਤਾ ਜਾ ਸਕਦਾ ।ਕਿਉਕਿ ਹਾਲ ਹੀ ਚ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋ ਪਲਟੀ ਮਾਰ ਕਿ ਭਾਜਪਾ ਨਾਲ ਜਾ ਰਲਣਾ ਬਦਲਦੇ ਸਿਆਸੀ ਸਮੀਕਰਨਾ ਦੀ ਮਿਸਾਲ ਹੈ ਇਹ ਸਿਆਸੀ ਘਟਨਾਕਰਮ ਤੇ ਤਬਦੀਲੀਆ ਚੋਣਾ ਤੱਕ ਲਗਾਤਾਰ ਜਾਰੀ ਰਹਿਣਗੀਆ। ਕਿਉਕਿ ਸਿਆਸੀ ਨੇਤਾਵਾ ਦੀ ਸਤਾ ਲਾਲਸਾ ਦੀ ਭੁੱਖ ਇਨਾ ਤਬਦੀਲੀਆ ਨੂੰ ਹਮੇਸ਼ਾਂ ਜਨਮ ਦਿੰਦੀ ਆਈ ਹੈ ਤੇ ਦਿੰਦੀ ਰਹੇਗੀ ਇਸ ਵਾਸਤੇ ਇਨਾ ਸਿਆਸੀ ਤਬਦੀਲੀਆ ਦਾ ਆਉਣਾ ਸੁਭਾਵਿਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਨਾ ਤਬਦੀਲੀਆ ਦੇ ਚਲਦਿਆ ਦੇਸ਼ ਦੇ ਬਾਕੀ ਸੂਬਿਆ ਚ ਦੋਵਾ ਗੱਠਜੋੜਾ ਦੀ ਪੁਜੀਸ਼ਨ ਕੀ ਹੋਵੇਗੀ ? ਇਹ ਅਲੱਗ ਗੱਲ ਹੈ, ਪਰ ਇਸ ਤੋ ਬਿਨਾ ਜੇਕਰ ਪੰਜਾਬ ਅੰਦਰ ਕਾਗਰਸ ਤੇ ਆਪ ਦਾ ਲੋਕ ਸਭਾ ਚੋਣਾ ਵਾਸਤੇ ਗੱਠਜੋੜ ਨਹੀ ਵੀ ਹੁੰਦਾ ਤਾ ਵੀ ਸੂਬੇ ਦੀਆ ਚਾਰੇ ਪ੍ਰਮੁੱਖ ਸਿਆਸੀ ਪਾਰਟੀ ਕਾਗਰਸ, ਆਪ, ਅਕਾਲੀ ਦਲ ਤੇ ਭਾਜਪਾ ਵਿਚਕਾਰ ਪੰਜਾਬ ਦੀਆ 13 ਲੋਕ ਸਭਾ ਸੀਟਾ ਤੇ ਮੁਕਾਬਲਾ ਦਿਲਚਸਪ ਰਹਿਣ ਦੀ ਸੰਭਾਵਨਾ ਤੋ ਇਨਕਾਰ ਨਹੀ ਕੀਤਾ ਜਾ ਸਕਦਾ ,ਕਿਉਕ ਇਸ ਪਿਛੇ ਤਰਕ ਇਹ ਹੈ ਕਿ ਪੰਜਾਬ ਚ 2022ਦੋਰਾਨ ਵਿਧਾਨ ਸਭਾ ਦੀਆ ਕੁੱਲ 117 ਵਿਧਾਨ ਸਭਾ ਸੀਟਾਂ ਚੋ 92 ਸੀਟਾ ਤੇ ਵੱਡੇ ਬਹੁਮਤ ਨਾਲ ਸਤਾ ਹਾਸਲ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੁੱਝ ਇਕ ਫੈਸਲਿਆ ਨੂੰ ਵਿਰੋਧੀ ਪਾਰਟੀਆ ਲਈ ਨਜਰ ਅੰਦਾਜ ਕਰਨਾ ਸੌਖਾ ਨਹੀ ਹੈ। ਜਿਸ ਵਿੱਚ ਜੇਕਰ ਮਾਨ ਸਰਕਾਰ ਦੇ ਇਕੱਲੇ 300 ਯੂਨਿਟ ਪ੍ਰੀ ਮਹੀਨਾ ਮੁਫਤ ਬਿਜਲੀ ਵਾਲੇ ਫੈਸਲੇ ਦੀ ਹੀ ਪਹਿਲਾਂ ਗੱਲ ਕਰ ਲਈਏ ਤਾ ਇਸ ਫੈਸਲੇ ਨਾਲ ਤਿੰਨ ਕਰੋੜ ਦੇ ਕਰੀਬ ਅਬਾਦੀ ਵਾਲੇ ਇਸ ਸੂਬੇ ਦੇ 90 ਪ੍ਰੀਸ਼ਤ ਘਰਾ ਦੇ ਬਿੱਲ ਜੀਰੋ ਆ ਰਹੇ ਹਨ' ਜਿਸ ਦਾ ਸੂਬੇ ਦੀ ਜਨਤਾ ਤੇ ਸਿੱਧਾ ਅਸਰ ਪੈਣਾ ਸੁਭਾਵਿਕ ਹੈ ਕਿਉਕਿ ਇਸ ਨਾਲ ਸੂਬੇ ਦੇ ਲੋਕਾ ਨੂੰ ਆਰਥਿਕ ਫਾਇਦਾ ਪਹੁੰਚ ਰਿਹਾ ਹੈ ਜਿਸ ਪਰਵਾਰ ਨੂੰ ਕੇਵਲ ਬਿਜਲੀ ਮੁਫਤ ਮਿਲਣ ਨਾਲ ਹੀ 5 ਤੋ 10.ਹਜਾਰ ਦਾ ਲਾਭ ਮਿਲਦਾ ਹੋਵੇ ਉਸਦਾ ਝੁਕਾਆ ਲਾਭ ਦੇਣ ਵਾਲੀ ਪਾਰਟੀ ਪ੍ਰਤੀ ਡਿਵਰਟ ਹੋਣਾ ਕੁਦਰਤੀ ਗੱਲ ਹੈ ?

ਇਹ ਗੱਲ ਵਿਰੋਧੀ ਪਾਰਟੀਆ ਦੇ ਦੂਜੀ ਤੇ ਤੀਜੀ ਕਤਾਰ ਵਾਲੇ ਆਗੂ ਵੀ ਮੰਨਦੇ ਹਨ ਕਿ ਮੁਫਤ ਬਿਜਲੀ ਦੀ ਸਹੂਲਤ ਨੇ ਸਤਾਧਾਰੀ ਪਾਰਟੀ ਦੀ ਲੋਕ ਪਿਤਾ ਚ ਵਾਧਾ ਕੀਤਾ ਹੈ ਤੇ ਲੋਕਾ ਚ ਉਸ ਦੀ ਸਿਆਸੀ ਪਕੜ ਨੂੰ ਮਜਬੂਤ ਕੀਤਾ ਹੈ !ਪਿਛਲੇ ਦਿਨੀ ਮੇਰੀ ਕਾਗਰਸੀ ਤੇ ਅਕਾਲੀ ਦਲ ਦੇ ਕੁੱਝ ਆਗੂਆ ਨਾਲ ਮੁਫਤ ਬਿਜਲੀ ਦੀ ਸਹੂਲਤ ਨੂੰ ਲੈ ਕੇ ਵਿਚਾਰ ਚਰਚਾ ਵੀ ਹੋਈ ਜਿਸ ਨੂੰ ਉਨਾ ਵੀ ਲੋਕ ਹਿੱਤੂ ਤੇ ਫਾਇਦੇਵੰਦ ਮੰਨਿਆ ।

ਇਸ ਸਹੂਲਤ ਦਾ ਸਭ ਤੋ ਵਧੇਰੇ ਲਾਭ ਗਰੀਬ ਤਬਕੇ ਨੂੰ ਮਿਲ ਰਿਹਾ ਹੈ ਤੇ ਇਹੀ ਤਬਕਾ ਵੋਟਾਂ ਪਾਉਣ ਵਾਲਾ ਹੈ ਕਿਉਕਿ ਅਮੀਰ ਤਬਕਾ ਤਾਂ ਬਹੁਤ ਘਟ ਵੋਟਾ ਪਾਉਣ ਲਈ ਘਰਾਂ ਤੋ ਨਿਕਲਦਾ ਹੈ ਇਸ ਵਾਸਤੇ ਅਗਲੀਆ ਲੋਕ ਸਭਾ ਚੋਣਾ ਚ ਇਸ ਸਹੂਲਤ ਦਾ ਸਤਾਧਾਰੀ ਪਾਰਟੀ ਨੂੰ ਕੁੱਝ ਨਾ ਕੁੱਝ ਸਿਆਸੀ ਲਾਭ ਮਿਲਣ ਤੋ ਇਨਕਾਰ ਨਹੀ ਕੀਤਾ ਜਾ ਸਕਦਾ । ਇਸ ਤੋ ਪਹਿਲਾ ਜਲੰਧਰ ਲੋਕ ਚੋਣ ਚ ਆਮ ਆਦਮੀ ਪਾਰਟੀ ਦੇ ਜਿੱਤ ਦੇ ਜਲਵੇ ਚ ਮੁਫਤ ਬਿਜਲੀ ਦੀ ਸਹੂਲਤ ਦੀ ਅਹਿਮ ਭੂਮਿਕ ਸਭ ਦੇ ਸਾਹਮਣੇ ਹੈ। ਇਸ ਤੋ ਇਲਾਵਾ ਸਿਹਤ ਸਹੂਲਤਾਂ ਨੂੰ ਲੈ ਕਿ ਸੂਬੇ ਅੰਦਰ 700ਦੇ ਲੱਗਭਗ ਆਮ ਆਦਮੀ ਮੁਹੱਲਾ ਕਲੀਨਿਕ ਵਾਲਾ ਫੈਸਲਾ ਵੀ ਕੋਈ ਘੱਟ ਲੋਕ ਹਿੱਤੂ ਨਹੀ ਆਖਿਆ ਜਾ ਸਕਦਾ ਕਿਉਕਿ ਇਸ ਨਾਲ 90ਲੱਖ ਲੋਕਾ ਨੂੰ ਸਿੱਧਾ ਸਿਹਤ ਸਹੂਲਤਾ ਦਾ ਫਾਇਦਾ ਹੋਇਆ ਹੈ ਜਿਸ ਨੇ ਲੋਕ ਪੱਖੀ ਫੈਸਲੇ ਤੇ ਮੋਹਰ ਲਾਈ ਹੈ ਇਸ ਤੋ ਬਿਨਾ ਆਪਣੇ ਕਾਰਜਕਾਲ ਦੌਰਾਨ 42000 ਸਰਕਾਰੀ ਨੌਕਰੀਆ ਦੇ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਨੇ ਬੇਰੁਜਗਾਰਾਂ ਨੂੰ ਇਕ ਵੱਡੀ ਰਾਹਤ ਦਿੱਤੀ ਹੈ ਜਿਸਦਾ ਲੋਕਾਂ ਚ ਚੰਗਾ ਸੁਨੇਹਾ ਗਿਆ ਹੈ।


ਇਸ ਦੇ ਨਾਲ ਹੀ 1076 ਟੋਲ ਫਰੀ ਨੰਬਰ ਤੇ ਕਾਲ ਕਰਕੇ 42 ਸੇਵਾਵਾ ਦੀ ਘਰ ਬੈਠੇ ਸਹੂਲਤ ਪਾਉਣ ਦੀ ਸ਼ੁਰੂਆਤ ਵੀ ਇਕ ਅਜਿਹਾ ਫੈਸਲਾ ਹੈ ਜੋ ਲੋਕਾਂ ਵਾਸਤੇ ਕਾਰਗਰ ਸਿੱਧ ਹੋਏਗਾ ਕਿਉਕਿ ਇਸ ਫੈਸਲੇ ਦੇ ਲਾਗੂ ਹੋ ਨਾਲ ਲੋਕਾ ਦੀ ਸਰਕਾਰੀ ਦਫਤਰਾਂ ਚ ਹੁੰਦੀ ਖਜੱਲ ਖੁਆਰੀ ਤੇ ਭਰਿਸ਼ਟਾਚਾਰ ਤੋ ਰਾਹਤ ਮਿਲੇਗੀ ਤੇ ਨਾਲ ਹੀ ਸਮੇ ਦੀ ਬਚਤ ਵੀ ਹੋਵੇਗੀ ਇਸ ਨਾਲ ਦਫਤਰਾ ਦੇ ਚੱਕਰ ਮਾਰਦੇ ਵਕਤ ਪੈਸੇ ਦੀ ਹੁੰਦੀ ਬਰਬਾਦੀ ਤੋ ਵੀ ਰਾਹਤ ਮਿਲੇਗੀ। ਕਿਉਕਿ ਸਰਕਾਰ ਦੇ ਇਸ ਤਾਜਾ ਫੈਸਲੇ ਨਾਲ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਤਹਿਤ ਸਰਕਾਰੀ ਕਰਮਚਾਰੀ ਤੁਹਾਡੇ ਘਰ ਆਵੇਗਾ ਤੇ ਤੁਹਾਡੇ ਕਾਗਜ ਪੱਤਰ ਲੈ ਕਿ ਤੁਹਾਡਾ ਕੰਮ ਕਰਵਾਵੇਗਾ। ਹੁਣ ਮਾਨ ਸਰਕਾਰ ਦਾ ਸੜਕ ਸੁਰਖਿਆ ਸਬੰਧੀ ਇਕ ਹੋਰ ਤਾਜਾ ਫੈਸਲਾ ਜਿਸ ਤਹਿਤ 144 ਹਾਈਟੈਕ ਸੜਕ ਸੁਰਖਿਆ ਗੱਡੀਆ ਹਾਈਵੇ ਤੇ ਰਹਿਣ ਗੀਆ ਜੋ ਐਕਸੀਡੈਟ ਤੇ ਲੁੱਟ ਖੋਹ ਦੀਆ ਘਟਨਾਵਾ ਨੂੰ ਰੋਕਣ ਵਾਸਤੇ ਤੁਰਤ ਕਾਰਵਾਈ ਕਰਨ ਵਾਸਤੇ ਐਕਸ਼ਨ ਚ ਆਉਣਗੀਆ ਇਹ ਗੱਡੀਆ 10ਤੋ 15ਮਿੰਟ ਚ ਘਟਨਾ ਸਥਾਨ ਤੇ ਪਹੁੰਚ ਕਿ ਕਾਰਵਾਈ ਨੂੰ ਇਨਜਾਮ ਦੇਣਗੀਆ ਇਸ ਨਾਲ ਸਾਲ ਭਰ ਚ ਐਕਸੀਡੈਟ ਨਾਲ ਹੋਣ ਵਾਲੀਆ 7000 ਦੇ ਕਰੀਬ ਅਜਾਈ ਮੌਤਾਂ ਨੂੰ ਬਚਾਉਣ ਚ ਸਹਾਇਤਾ ਮਿਲੇਗੀ ਇਸ ਫੈਸਲੇ ਤਹਿਤ 5500 ਮੁਲਾਜਮਾ ਦੀ ਨਵੀ ਭਰਤੀ ਹੋਣ ਨਾਲ ਬੇਰੁਜਗਾਰਾਂ ਨੂੰ ਰੁਜਗਾਰ ਮਿਲੇਗਾ। ਜਿਸ ਦਾ ਚੰਗਾ ਅਸਰ ਵੇਖਣ ਨੂੰ ਮਿਲ ਸਕਦਾ ਹੈ!

ਦੂਜੇ ਪਾਸੇ ਬੇਸ਼ਕ ਵਿਰੋਧੀ ਪਾਰਟੀਆ ਮਾਨ ਸਰਕਾਰ ਦੇ ਇਨਾ ਫੈਸਲਿਆ ਨਾਲ ਸਹਿਮਤ ਨਹੀ ਵੀ ਹਨ ਤਾ ਵੀ ਭਗਵੰਤ ਮਾਨ ਸਰਕਾਰ ਦੇ ਲੋਕ ਹਿੱਤੂ ਫੈਸਲੇ ਆਉਣ ਵਾਲੀਆ ਲੋਕ ਸਭਾ ਚੋਣਾ ਚ ਵਿਰੋਧੀ ਪਾਰਟੀਆ ਲਈ ਚਣੋਤੀ ਬਣ ਸਕਦੇ ਹਨ ਜਿਸ ਨਾਲ ਉਨਾ ਦਾ ਸਿਆਸੀ ਗਣਿਤ ਵਿਗੜਣ ਦੀ ਸੰਭਾਵਨਾ ਤੋ ਇਨਕਾਰ ਨਹੀ ਕੀਤਾ ਜਾ ਸਕਦਾ।

**-ਲੈਕਚਰਾਰ ਅਜੀਤ ਖੰਨਾ**
(ਐਮ ਏ., ਐਮ ਫਿਲ ,ਐਮ ਜੇ ਐਮ ਸੀ .,ਬੀ ਐਡ)
ਫਾਇਲ ਫੋਟੋ-ਲੈਕਚਰਾਰ ਅਜੀਤ ਖੰਨਾ, ਮੋਬ: 85448-54669


ਪੰਥਿਕ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ



# ਮਾਤਾ ਮਹਿੰਦਰ ਕੌਰ ਚੀਮਾਂ

ਆਪ ਜੀ ਨੂੰ ਬੜੀ ਦੁਖੀ ਹਿਰਦੇ ਨਾਲ ਸੁਚਿਤ ਕੀਤਾ ਜਾਂਦਾ ਹੈ ਕਿ
ਧਰਮਪਤਨੀ ਸਵ. ਸ. ਮੁਖਤਿਆਰ ਸਿੰਘ ਚੀਮਾਂ (ਫੋਜੀ ਡਾਕਟਰ) ਜੋ ਕਿ ਪਿਛਲੇ ਦਿਨ
25 ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਦਿੱਤੀ ਹੋਈ ਸਵਾਸਾ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ
ਅਕਾਲ ਚਲਾਨਾ ਕਰ ਗਏ ਹਨ ਜਿੰਨ੍ਹਾਂ ਦੀ ਆਤਮਿਕ ਸਾਂਤੀ ਲਈ ਰੱਖੇ ਗਏ

# ਸ਼੍ਰੀ ਸਹਿਜ ਪਾਠ ਦੇ ਭੋਗ ਤੇ ਅੰਤਿਮ ਅਰਦਾਸ

ਮਿਤੀ 04 ਫਰਵਰੀ 2024 ਦਿਨ ਐਤਵਾਰ ਨੂੰ ਕੀਰਤਨ 12 ਤੋਂ 1 ਵਜੇ ਤੱਕ
ਸਥਾਨ ਗੁ. ਗੁਰੂਸਰ ਸਾਹਿਬ ਪਿੰਡ ਚਕਰ, ਤਹਿ: ਜਗਰਾਓ, ਜਿਲ੍ਹਾ ਲੁਧਿ: ਵਿਖੇ ਪਵੇਗਾ

**ਨੋਟ: ਵੱਖਰੇ ਕਾਰਡ ਨਹੀਂ ਭੇਜੇ ਜਾ ਰਹੇ**

ਆਵਾਜ਼ਿ ਕੌਮ AWAZE QAUM
International Newspaper & WEB TV

## ਦੁਖੀ ਹਿਰਦੇ

ਹਰਚੰਦ ਸਿੰਘ ਚਕਰ (ਸਪੁੱਤਰ)
ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਅਤੇ ਸਾਬਕਾ ਸਰਪੰਚ ਚਕਰ
ਇੱਕਜੋਤ ਸਿੰਘ ਚੀਮਾਂ ਅਤੇ ਸਮੂਹ ਚੀਮਾਂ ਪਰਿਵਾਰ

M. 98727-25438

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

## ਧੰਨ-ਧੰਨ 108
# ਸ਼੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ
# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ
ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।
18-2-2024 ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ

ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।

ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681





## ਖ਼ਾਲਸਈ ਰਾਜਨੀਤੀ ਦੇ ਉੱਜਲੇ ਭਵਿੱਖ ਦੇ ਜਾਮਨ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਦੀ ਮਨਾਈ ਗਈ ਬਰਸੀ

# ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਸਿੱਖ ਕੌਮ ਦੇ ਅਨਮੋਲ ਹੀਰੇ ਸਨ : ਸਿਮਰਨਜੀਤ ਸਿੰਘ ਮਾਨ

**ਅੱਜ ਸਿੱਖ** ਕੌਮ ਦੇ ਰੋਸ਼ਨ ਦਿਮਾਗ ਅਤੇ ਕੌਮੀਂ ਨਿਸ਼ਾਨਿਆਂ ਪ੍ਰਤੀ ਸੂਖਸ਼ਮ ਵਿਚਾਰਾਂ ਦੇ ਮਾਲਿਕ ਅਮਰ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਜੀ ਦੀ ਸਲਾਨਾਂ ਬਰਸੀ ਉਹਨਾਂ ਦੇ ਜੱਦੀ ਪਿੰਡ ਮਟੀਆ ਵਿਖੇ ਮਨਾਈ ਗਈ। ਜਿਸ ਵਿੱਚ ਮੁੱਖ ਤੌਰ ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਮੈਂਬਰ ਪਾਰਲੀਮੈਂਟ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਬਰਸੀ ਸਮਾਗਮ ਵਿੱਚ ਸ੍ਰ ਮਾਨ ਤੋ ਇਲਾਵਾ ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ, ਡਾ: ਭਗਵਾਨ ਸਿੰਘ, ਬਾਬਾ ਲਹਿਣਾਂ ਸਿੰਘ, ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਦੇ ਵੱਡੇ ਭਰਾਤਾ ਅਤੇ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਸ੍ਰ ਉਪਕਾਰ ਸਿੰਘ ਸੰਧੂ, ਜਰਨਲ ਸਕੱਤਰ ਸ੍ਰ ਹਰਪਾਲ ਸਿੰਘ ਬਲੇਰ, ਜਰਨਲ ਸਕੱਤਰ ਪ੍ਰੋਫੈਸਰ ਮਹਿੰਦਰਪਾਲ ਸਿੰਘ, ਸ੍ਰ ਗੁਰਚਰਨ ਸਿੰਘ ਭੁੱਲਰ, ਸ੍ਰ ਸ਼ਮਸ਼ੇਰ ਸਿੰਘ ਬਰਾੜ, ਸ੍ਰ ਦਵਿੰਦਰ ਸਿੰਘ ਫਤਾਹਪੁਰ ਤਿੰਨੇ ਜਿਲਾ ਪ੍ਰਧਾਨ, ਪ੍ਰੋਫੈਸਰ ਬਲਜਿੰਦਰ ਸਿੰਘ ਜੀ, ਸ੍ਰ ਕੁਲਦੀਪ ਸਿੰਘ ਜੀ ਭਾਗੋਵਾਲ, ਭਾਈ ਬਲਵੰਤ ਸਿੰਘ ਜੀ ਗੋਪਾਲਾ, ਮਹਿੰਦਰਪਾਲ ਸਿੰਘ ਮਹਿਤਾ, ਭਾਈ ਪ੍ਰਿਤਪਾਲ ਸਿੰਘ ਜੀ, ਭਾਈ ਬਲਬੀਰ ਸਿੰਘ ਜੀ, ਕੁਲਵੰਤ ਸਿੰਘ ਕੋਟਲਾ ਗੁਜਰਾਂ, ਸ੍ਰ ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਧਰਮ ਸਿੰਘ ਖ਼ਾਲਸਾ, ਭਾਈ ਬਲਜੀਤ ਸਿੰਘ ਖਾਲਸਾ ਜੀ, ਭਾਈ ਗੁਰਦੀਪ ਸਿੰਘ ਜੀ, ਸ੍ਰ ਦਯਾ ਸਿੰਘ ਕੱਕੜ, ਭਾਈ ਹਰਦੀਪ ਸਿੰਘ, ਬਾਬਾ ਰਾਮ ਸਿੰਘ ਜੀ ਸੰਗਰਾਵਾਂ ਦਮਦਮੀ ਟਕਸਾਲ, ਭਾਈ ਮੋਹਕਮ ਸਿੰਘ, ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਭਾਈ ਤਰਸੇਮ ਸਿੰਘ, ਭਾਈ ਹਰਪਾਲ ਸਿੰਘ ਉਬੋਕੇ, ਬਾਬਾ ਹਰਭਜਨ ਸਿੰਘ ਕੁੱਲੀਵਾਲੇ, ਸਰਦੂਲ ਸਿੰਘ ਸਰਵਾਲੀ, ਸ੍ਰ ਸਵਰਨਜੀਤ ਸਿੰਘ ਕੁਰਾਲੀਆ, ਸ੍ਰ ਮਨਜਿੰਦਰ ਸਿੰਘ ਟਿੰਮੀ, ਸ੍ਰ ਜਸਕਰਨ ਸਿੰਘ ਲੋਪੋਕੇ, ਸ੍ਰ ਸੁਖਜਿੰਦਰ ਸਿੰਘ ਫਰੀਦਕੋਟ, ਸ੍ਰ ਹਰਪਾਲ ਸਿੰਘ ਝੰਗੀਆ, ਬਾਬਾ ਸ਼ਮਸ਼ੇਰ ਸਿੰਘ ਕੋਹਰੀ, ਅਰਦਾਸੀਏ ਸਿੰਘ ਬਾਬਾ ਕੁਲਵਿੰਦਰ ਸਿੰਘ, ਸ੍ਰ ਗੁਰਨਾਮ ਸਿੰਘ ਦਾਲਮ, ਸ੍ਰ ਬਲਵਿੰਦਰ ਸਿੰਘ ਪੱਖੋਕੇ, ਸ੍ਰ ਸੁਰਿੰਦਰ ਸਿੰਘ ਤਾਲਿਬਪੁਰਾ, ਸ੍ਰ ਸ਼ਮਸ਼ੇਰ ਸਿੰਘ ਪੱਧਰੀ ਜਿਲਾ ਪ੍ਰੈਸ ਸਕੱਤਰ, ਸ੍ਰ ਅਮਰਜੀਤ ਸਿੰਘ, ਸ੍ਰ ਹਰਜੀਤ ਸਿੰਘ ਜੀ ਮੀਆਂਪੁਰ, ਸ੍ਰ ਦਯਾ ਸਿੰਘ ਰਾਜਾਤਾਲ, ਸ੍ਰ ਦਿਲਬਾਗ ਸਿੰਘ ਨਾਗੋਕੇ, ਸ੍ਰ ਪਰਮਜੀਤ ਸਿੰਘ ਰੋਖੇ, ਸ੍ਰ ਨਿਸ਼ਾਨ ਸਿੰਘ ਬਲੇਰ ਅਤੇ ਬਹੁਤ ਸਾਰੀਆਂ ਪੰਥਕ ਤੇ ਸਿਆਸੀ ਸ਼ਖਸੀਅਤਾਂ ਨੇ ਭਾਗ ਲਿਆ ਤੇ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਜੀ ਦੀ ਕੁਰਬਾਨੀ ਅਤੇ ਜੀਵਨੀ ਤੇ ਚਾਨਣਾਂ ਪਾਇਆ। ਇਸ ਮੌਕੇ ਹਜੂਰੀ ਰਾਗੀ ਭਾਈ ਗੁਰਕੀਰਤ ਸਿੰਘ ਕੋਟਲੀ ਜੀ ਨੇ ਰਸਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਪੰਥ ਪ੍ਰਸਿੱਧ ਭਾਈ ਤਰਸੇਮ ਸਿੰਘ ਮੋਰਾਂਵਾਲੀ ਜੀ ਦੇ ਢਾਡੀ ਜਥੇ ਨੇ ਸਿੱਖ ਇਤਿਹਾਸ ਤੇ ਵਿਸਥਾਰ ਰੂਪ ਵਿੱਚ ਚਾਨਣਾਂ ਪਾਇਆ। ਇਸ ਮੌਕੇ ਤੇ ਬੋਲਦਿਆਂ ਹੋਇਆਂ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਨੇ ਕਿਹਾ ਕਿ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਸਿੱਖ ਕੌਮ ਦੇ ਅਨਮੋਲ ਹੀਰੇ ਸਨ ਅਤੇ ਉਹਨਾਂ ਦੀ ਕੁਰਬਾਨੀ ਕਦੀ ਵੀ ਜਾਇਆ ਨਹੀਂ ਜਾਵੇਗੀ, ਸਿੱਖ ਕੌਮ ਉਹਨਾਂ ਵਾਂਗ ਹੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਕੌਮੀ ਘਰ ਦੀ ਪ੍ਰਾਪਤੀ ਲਈ ਪਾਏ6 ਪੂਰਨਿਆਂ ਤੇ ਹਮੇਸ਼ਾਂ ਚੱਲਦੀ ਰਹੇਗੀ ਜਿੰਨਾਂ ਚਿਰ ਸਿੱਖ ਕੌਮ ਨੂੰ ਆਪਣਾਂ ਕੌਮੀਂ ਘਰ ਨਹੀਂ ਮਿਲ ਜਾਂਦਾ। ਇਸ ਮੌਕੇ ਤੇ ਪ੍ਰੋਫੈਸਰ ਮਹਿੰਦਰਪਾਲ ਸਿੰਘ ਅਤੇ ਹੋਰ ਬੁਲਾਰਿਆਂ ਨੇ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਨਾਲ ਬਿਤਾਏ ਵਕਤ ਦੌਰਾਨ ਉਹਨਾਂ ਦੀਆਂ ਮਿੱਠੀਆਂ ਯਾਦਾਂ ਨੂੰ ਤਾਜ਼ਿਆਂ ਕੀਤਾ ਅਤੇ ਸਿੱਖ ਨੌਜਾਵਾਨਾਂ ਨੂੰ ਇਕ ਵਾਰ ਫਿਰ ਤੋਂ ਸਿੱਖੀ ਵਿੱਚ ਪਰਪੱਕ ਹੋਕੇ ਲਾਮਬੰਦ ਹੋਣ ਦਾ ਪੈਗਾਮ ਦਿੱਤਾ। ਉਹਨਾਂ ਕਿਹਾ ਕਿ ਸ਼ਹੀਦ ਭਾਈ ਹਰਮਿੰਦਰ ਸਿੰਘ ਸੰਧੂ ਰਾਜਨੀਤੀ ਦੇ ਉੱਜਲੇ ਭਵਿੱਖ ਸਨ ਅਤੇ ਉਹਨਾਂ ਦੇ ਜੀਵਨ ਤੋਂ ਸਿੱਖ ਨੌਜਵਾਨਾਂ ਨੂੰ ਸੇਧ ਲੈਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV









ੴ ਸਤਿਗੁਰ ਪ੍ਰਸਾਦਿ ।
ਸ੍ਰੀ ਅਕਾਲ ਸਹਾਇ।



ਭਾਈ ਗੁਰਦੇਵ ਸਿੰਘ ਕਾਉਂਕੇ



ਭਾਈ ਸੁਖਜੀਤ ਸਿੰਘ ਜੀ ਦੇ ਪ੍ਰੀਵਾਰ ਵੱਲੋਂ ਗੁਰੂ ਹਰਿਕ੍ਰਿਸ਼ਨ ਗੁਰੂਦਵਾਰਾ ਸਾਹਿਬ ਓਡਬੀ ਵਿਖੇ
**04** ਫਰਬਰੀ ਐਤਵਾਰ ਸਵੇਰੇ **9.30** ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਅਰੰਭ ਜਿਨ੍ਹਾਂ ਦੇ ਭੋਗ **11** ਵਜੇ ਪੈਣਗੇ ਉਪਰੰਤ ਸ਼ਹੀਦ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਦੀ ਨਿੱਘੀ ਯਾਦ ਵਿੱਚ ਸ਼ਹੀਦੀ ਦੀਵਾਨ ਸਜਾਏ ਜਾਣਗੇ । ਗੁਰੂ ਘਰ ਦਾ ਕੀਰਤਨੀ ਜਥਾ ਅਤੇ ਕਥਾਵਾਚਕ ਸੰਗਤਾਂ ਨੂੰ ਸੰਬੋਧਨ ਕਰਨਗੇ ।
ਵੱਲੋਂ
ਭਾਈ ਸੁਖਜੀਤ ਸਿੰਘ ਜੀ ਅਤੇ ਸਮੂਹ ਪ੍ਰੀਵਾਰ
ਸਿੱਖ ਫੈਡਰੇਸ਼ਨ ਯੂਕੇ ਗੁਰੂ ਹਰਿਕ੍ਰਿਸ਼ਨ ਸਾਹਿਬ ਗੁਰੂਦਵਾਰਾ ਓਡਬੀ
**48 Kenilworth Drive**
**Oadby LE2 5LG**
ਵਧੇਰੇ ਜਾਣਕਾਰੀ ਵਾਸਤੇ
ਗੁਰਜੀਤ ਸਿੰਘ ਸਮਰਾ **07877315993**

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦਵਾਰਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਵਿਖੇ ਦਿਨ ਐਤਵਾਰ 4 February ਨੂੰ ਅਕਾਲ ਤੱਖਤ ਸਾਹਿਬ ਦੇ ਐਕਟਿੰਗ ਜਥੇਦਾਰ ਗੁਰਦੇਵ ਸਿੰਘ ਕਾਉਂਕੇ ਦੀ ਯਾਦ ਵਿਚ ਸਪੈਸ਼ਲ ਦੀਵਾਨ ਸਜਾਏ ਜਾ ਰਹੇ ਹਨ ॥ ਸਵੇਰੇ 9.30 ਵਜੇ ਸੁਖਮਨੀ ਸਾਹਿਬ ਦੇ ਪਾਠ ਆਰੰਭ ਹੋਣਗੇ ਉਪਰੰਤ ਕੀਰਤਨ ਅਤੇ ਕਥਾ ਦਾ ਪਰਵਾਹ ਚਲਗਾ ॥ ਸੰਗਤਾਂ ਨੂੰ ਬੇਨਤੀ ਹੈ ਗੁਰਦਵਾਰਾ ਸਾਹਿਬ ਪਹੁੰਚ ਕੇ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਸ਼ਰਧਾ ਦੇ ਫੁੱਲ ਕਰੋ ਅਤੇ ਗੁਰੂ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ॥

**For further information Contact**

**Gurjeet Singh Samra, Mob. : 07877315993**

# ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ।।



## ਮਾਤਾ ਮਹਿੰਦਰ ਕੌਰ ਚੀਮਾ

ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੁਚਿਤ ਕੀਤਾ ਜਾਂਦਾ ਹੈ ਕਿ ਮਾਤਾ ਮਹਿੰਦਰ ਕੌਰ ਚੀਮਾ ਧਰਮ ਸੁਪਤਨੀ ਸਵ.ਸ੍ਰ: ਮੁਖਤਿਆਰ ਸਿੰਘ ਚੀਮਾ (ਫੌਜੀ ਡਾਕਟਰ) ਜੋ ਕੇ **25** ਜਨਵਰੀ ਦਿਨ ਵੀਰਵਾਰ ਨੂੰ ਅਚਾਨਕ ਅਕਾਲ ਚਲਾਣਾ ਕਰ ਗਏ ਸਨ । ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ

## ਸ੍ਰੀ ਸਹਿਜ ਪਾਠ ਦੇ ਭੋਗ ਅੰਤਿਮ ਅਰਦਾਸ

ਮਿਤੀ **04** ਫ਼ਰਵਰੀ **2024** ਦਿਨ ਐਤਵਾਰ ਨੂੰ ਕੀਰਤਨ **12** ਤੋਂ **1** ਵਜੇ ਤੱਕ ਸਥਾਨ ਗੁ: ਗੁਰੂਸਰ ਸਾਹਿਬ ਪਿੰਡ ਚਕਰ,ਤਹਿ, ਜਗਰਾਓਂ (ਲੁਧਿ,) ਵਿਖੇ ਪਵੇਗਾ।

ਵੱਲੋਂ

ਆਵਾਜ਼ਿ ਕੌਮ AWAZE QAUM International Newspaper & WEB TV

## ਇੰਟਰਨੈਸ਼ਨਲ ਪੰਥਕ ਦਲ

### ਪ੍ਰਧਾਨ ਬਰਾੜ ਦੀ ਅਗਵਾਈ ਵਿੱਚ ਹੋਏ ਸਮਾਗਮ ਦੌਰਾਨ

# ਕੈਬਨਿਟ ਮੰਤਰੀ ਮੀਤ ਹਾਰ ਨੇ ਪੱਤਰਕਾਰਾਂ ਦਾ ਕੀਤਾ ਕੈਲੰਡਰ ਰਿਲੀਜ਼




ਬਰਨਾਲਾ : ( ਭਾਨ ਸਿੰਘ ਜੱਸੀ ) 2 ਜਨਵਰੀ ਜਰਨਲਲਿਸਟ ਐਸੋ: (ਰਜਿ:) ਬਰਨਾਲਾ ਵਲੋਂ ਸੀਨੀ ਪੱਤਰਕਾਰ ਸਵ: ਸ੍ਰੀ ਰਾਮ ਸ਼ਰਨ ਦਾਸ ਗੋਇਲ ਜੀ ਦੀ ਯਾਦ ਨੂੰ ਸਰਮਪਿਤ " ਅਜੋਕੇ ਸਮੇਂ 'ਚ ਸਮੁੱਚੇ ਮੀਡੀਆ ਦੀ ਭੂਮਿਕਾ " ਸਬੰਧੀ ਵਿਚਾਰ ਚਰਚਾ ਅਤੇ ਕੈਲੰਡਰ ਰਿਲੀਜ਼ ਸਮਾਰੋਹ, ਸ੍ਰੀ ਮਹਾਂਸ਼ਕਤੀ ਕਲਾ ਮੰਦਰ ਬਰਨਾਲਾ ਵਿਖੇ ਕਰਵਾਇਆ ਗਿਆ ।ਐਸੋ: ਦੇ ਪ੍ਰਧਾਨ ਰਾਜਿੰਦਰ ਸਿੰਘ ਬਰਾੜ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਵਿਚ ਮੁੱਖ ਬੁਲਾਰੇ ਵਜੋਂ ਟੀਵੀ ਅਤੇ ਰੇਡੀਓ ਦੇ ਪ੍ਰਸਿੱਧ ਪੱਤਰਕਾਰ ਪਰਮਿੰਦਰ ਸਿੰਘ ਟਿਵਾਣਾ ਸ਼ਾਮਿਲ ਹੋਏ। ਸ: ਟਿਵਾਣਾ ਨੇ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਅਤੇ ਦਿਲ ਟੁੰਬਣੇ ਅੰਦਾਜ਼ ਵਿੱਚ ਮੀਡੀਆ ਨੂੰ ਦਰਪੇਸ਼ ਮੁਸ਼ਕਿਲਾਂ ਸਬੰਧੀ ਅਤੇ ਵੱਖ ਵੱਖ ਕਾਰਣਾਂ ਕਰਕੇ, ਨਿੱਘਰਦੇ ਸਮਾਜ ਦੀ ਹਾਲਤ ਨੂੰ ਵੀ ਬਾਖੂਬੀ ਉਭਾਰਿਆ। ਇਸ ਮੌਕੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਮੀਡੀਆ ਨੂੰ ਜਿੰਮੇਵਾਰੀ ਅਤੇ ਨਿਰਪੱਖਤਾ ਨਾਲ ਪੱਤਰਕਾਰਿਤਾ ਕਰਨ ਦਾ ਸੁਝਾਅ ਦਿੰਦਿਆਂ ਸਰਕਾਰ ਦੀਆਂ ਕਮੀਆਂ ਤੋਂ ਇਲਾਵਾ ਸਰਕਾਰ ਦੀਆਂ ਪ੍ਰਾਪਤੀਆਂ ਅਤੇ ਵਿਕਾਸ ਦੇ ਕੰਮਾਂ ਨੂੰ ਵੀ ਪ੍ਰਮੁੱਖਤਾ ਨਾਲ ਪ੍ਰਕਾਸ਼ਿਤ ਅਤੇ ਪ੍ਰਸਾਰਿਤ ਕਰਨ ਲਈ ਵੀ ਆਖਿਆ। ਕੈਬਨਿਟ ਮੰਤਰੀ ਨੇ ਬਰਨਾਲਾ ਦੇ ਪੱਤਰਕਾਰਾਂ ਦੀ " ਪ੍ਰੈਸ ਭਵਨ ਬਰਨਾਲਾ" ਬਣਾਉਣ ਦੀ ਚਿਰਾਂ ਤੋਂ ਲਟਕਦੀ ਮੰਗ ਨੂੰ ਜਲਦ ਪੂਰਾ ਕਰਨ ਦਾ ਐਲਾਨ ਵੀ ਕੀਤਾ।

### ਸੀਨੀ: ਪੱਤਰਕਾਰ ਪਰਮਿੰਦਰ ਟਿਵਾਣਾ ਨੇ ਪੱਤਰਕਾਰੀ ਨਾਲ ਸੰਬੰਧਿਤ ਕੀਤੀਆਂ ਪ੍ਰਭਾਵਸ਼ਾਲੀ ਗੱਲਾਂ

ਇਸ ਮੌਕੇ ਕੈਬਨਿਟ ਮੰਤਰੀ ਮੀਤ ਹੇਅਰ, ਸਾਬਕਾ ਐਮ.ਪੀ. ਐਡਵੋਕੇਟ ਰਾਜਦੇਵ ਸਿੰਘ ਖਾਲਸਾ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸ਼ੰਟੀ, ਨਗਰ ਸੁਧਾਰ ਟਰਸੱਟ ਦੇ ਚੇਅਰਮੈਨ ਰਾਮ ਤੀਰਥ ਮੰਨਾ, ਮੰਤਰੀ ਮੀਤ ਹੇਅਰ ਦੇ ਓ.ਐਸ.ਡੀ. ਹਸਨਪ੍ਰੀਤ ਭਾਰਦਵਾਜ, ਸਟੇਟ ਐਵਾਰਡੀ ਭੋਲਾ ਸਿੰਘ ਵਿਰਕ, ਟਰਾਈਡੈਂਟ ਗਰੁੱਪ ਤੋਂ ਦੀਪਕ ਕੁਮਾਰ ਗਰਗ, ਆਈ.ਓ.ਐਲ. ਤੋਂ ਬਸੰਤ ਸਿੰਘ, ਅਭੈ ਓਸਵਾਲ ਟਾਊਨਸ਼ਿਪ ਗਰੁੱਪ ਦੇ ਮੀਤ ਪ੍ਰਧਾਨ ਅਨਿਲ ਖੰਨਾ, ਐਸ.ਡੀ. ਸਭਾ ਦੇ ਚੇਅਰਮੈਨ ਐਡਵੋਕੇਟ ਸ਼ਿਵਦਰਸ਼ਨ ਸ਼ਰਮਾ, ਜਨਰਲ ਸਕੱਤਰ ਸ਼ਿਵ ਸਿੰਗਲਾ, ਐਸ.ਐਸ.ਡੀ ਕਾਲਜ ਦੇ ਪ੍ਰਿੰਸੀਪਲ ਰਾਕੇਸ਼ ਜਿੰਦਲ, ਪਿਆਰਾ ਲਾਲ ਰਾਏਸਰੀਆ, ਵਿਵੇਕ ਸਿੰਧਵਾਨੀ, ਵਿਪਨ ਗੁਪਤਾ ਭਦੌੜ, ਐਡਵੋਕੇਟ ਕੁਲਵੰਤ ਗੋਇਲ, ਚੀਫ ਡਿਫੈਂਸ ਕੌਂਸਲ ਜਿਲਾ ਅਦਾਲਤ ਬਰਨਾਲਾ, ਭਾਜਪਾ ਆਗੂ ਗੁਰਜਿੰਦਰ ਸਿੱਧੂ, ਜਿਲਾ ਯੂਨਾਨੀ ਤੇ ਆਯੁਰਵੈਦਿਕ ਅਫਸਰ ਡਾਕਟਰ ਅਮਨ ਕੌਂਸਲ, ਨਗਰ ਕੌਂਸਲ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਣਵਾਸੀਆ ਅਤੇ ਹੋਰ ਉੱਘੀਆਂ ਸ਼ਖ਼ਸੀਅਤਾਂ ਵਲੋਂ ਐਸੋ: ਦਾ ਕੈਲੰਡਰ ਰਿਲੀਜ਼ ਕੀਤਾ ਗਿਆ ਅਤੇ ਵੈਬਸਾਈਟ ਵੀ ਲਾਂਚ ਕੀਤੀ ਗਈ। ਇਸ ਮੌਕੇ ਲੇਖਕ ਤੇ ਪੱਤਰਕਾਰ ਬੇਅੰਤ ਸਿੰਘ ਬਾਜਵਾ ਦੀ ਪੁਸਤਕ 'ਕਰਤਾਰਪੁਰਿ ਕਰਤਾ ਵਸੈ' ਤੇ ਯਾਦਵਿੰਦਰ ਸਿੰਘ ਭੁੱਲਰ ਦੀ ਪੁਸਤਕ 'ਮਨਹੁ ਕੁਸੁਧਾ ਕਾਲੀਆ' ਵੀ ਮਹਿਮਾਨਾਂ ਨੂੰ ਭੇਟ ਕੀਤੀ ਗਈ।

ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰਿੰਦਰ ਨਿੱਕਾ ਅਤੇ ਖਜਾਨਚੀ ਨਰਿੰਦਰ ਅਰੋੜਾ ਵਲੋਂ ਕੀਤੇ ਮੰਚ ਸੰਚਾਲਨ ਦੌਰਾਨ ਕੈਬਨਿਟ ਮੰਤਰੀ ਮੀਤ ਹੇਅਰ, ਮੁੱਖ ਬੁਲਾਰੇ ਸੀਨੀ: ਪੱਤਰਕਾਰ ਪਰਮਿੰਦਰ ਸਿੰਘ ਟਿਵਾਣਾ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਮਾਜ ਸੇਵੀ ਕੁਲਦੀਪ ਸਿੰਘ ਕਾਲਾ ਢਿੱਲੋਂ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਭਾਜਪਾ ਆਗੂ ਇੰਜ: ਗੁਰਜਿੰਦਰ ਸਿੰਘ ਸਿੱਧੂ, ਪੰਚਾਇਤ ਯੂਨੀਅਨ ਦੇ ਆਗੂ ਤਰਨਜੀਤ ਸਿੰਘ ਦੁੱਗਲ ਅਤੇ ਹੋਰ ਬੁਲਾਰਿਆਂ ਵਲੋਂ ਅਜੋਕੇ ਸਮੇਂ 'ਚ ਮੀਡੀਆ ਦੀ ਭੂਮਿਕਾ ਵਿਸ਼ੇ ਉਪਰ ਆਪੋ-ਆਪਣੇ ਵਿਚਾਰ ਪੇਸ਼ ਕੀਤੇ ਗਏ।

ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਵਿਚ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਜਿਨ੍ਹਾਂ ਵਿਚ ਸਵ: ਸ੍ਰੀ ਰਾਮ ਸ਼ਰਨ ਦਾਸ ਗੋਇਲ ਦੇ ਪਰਿਵਾਰ ਨੂੰ , ਪਰਮਾਨੈਂਟ ਲੋਕ ਅਦਾਲਤ ਦੇ ਚੇਅਰਮੈਨ ਆਰ.ਪੀ. ਗੋਇਲ, ਸਟੇਟ ਐਵਾਰਡੀ ਭੋਲਾ ਸਿੰਘ ਵਿਰਕ , ਭਾਜਪਾ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਣੇਵਾਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੁਲਵੰਤ ਸਿੰਘ ਕੀਤੂ, ਸਿੱਖ ਵਿਦਵਾਨ ਗਿ: ਕਰਮ ਸਿੰਘ ਭੰਡਾਰੀ, ਸਰਪ੍ਰਸਤ ਅਸ਼ੋਕ ਭਾਰਤੀ, ਵਿਜੀਲੈਂਸ ਵਿਭਾਗ ਦੇ ਡੀ.ਐਸ.ਪੀ. ਪਰਮਿੰਦਰ ਸਿੰਘ ਬਰਾੜ, ਸਮਾਜ ਸੇਵੀ ਵਿਪਨ ਗੁਪਤਾ ਭਦੌੜ, ਅਭੈ ਓਸਵਾਲ ਟਾਊਨਸ਼ਿਪ ਗਰੁੱਪ ਦੇ ਮੀਤ ਪ੍ਰਧਾਨ ਅਨਿਲ ਖੰਨਾ, ਪਿਆਰਾ ਲਾਲ ਰਾਏਸਰ, ਦੀਪਕ ਸੋਨੀ, ਸ਼ਸ਼ੀਕਾਂਤ ਚੋਪੜਾ, ਸਟੇਟ ਸਟੇਟ ਐਵਾਰਡੀ ਅਤੇ ਝੁੱਗੀਆਂ ਝੌਂਪੜੀਆਂ ਵਿੱਚ ਗਰੀਬ ਬੱਚਿਆਂ ਨੂੰ ਪੜਾਉਣ ਵਾਲੇ ਭਾਨ ਸਿੰਘ ਜੱਸੀ ਪੇਧਨੀ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਮੇਘਾ ਮਾਨ, ਜ਼ਿਲ੍ਹਾ ਭਾਸ਼ਾ ਅਫ਼ਸਰ ਬਿੰਦਰ ਸਿੰਘ ਖੁੱਡੀ ਕਲਾਂ, ਜ਼ਿਲ੍ਹਾ ਆਯੁਰਵੈਦਿਕ ਅਫ਼ਸਰ ਡਾ. ਅਮਨ ਕੌਸ਼ਲ, ਗੁ: ਬਾਬਾ ਗਾਂਧਾ ਸਿੰਘ ਦੇ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲਾ, ਬਰਨਾਲਾ ਵੈਲਫੇਅਰ ਕਲੱਬ ਦੇ ਚੇਅਰਮੈਨ ਵਿਵੇਕ ਸਿੰਧਵਾਨੀ, ਲੇਖਕ ਤੇ ਪੱਤਰਕਾਰ ਯਦਵਿੰਦਰ ਸਿੰਘ ਭੁੱਲਰ, ਨਗਰ ਕੌਂਸਲ ਪ੍ਰਧਾਨ ਗੁਰਜੀਤ ਸਿੰਘ ਰਾਮਣਵਾਸੀਆ, ਸਮਾਜ ਸੇਵੀ ਸਚਿਨ ਸੂਦ, ਨਗਰ ਸੁਧਾਰ ਟਰੱਸਟ ਦੇ ਈ.ਓ. ਰਾਵਿੰਦਰ ਕੁਮਾਰ ਆਦਿ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਸਮਾਗਮ ਵਿਚ ਸੀ.ਆਈ.ਏ. ਇੰਚਾਰਜ ਇੰਸ: ਬਲਜੀਤ ਸਿੰਘ, ਮਹਿਲਾ ਕਾਂਗਰਸ ਦੇ ਸੂਬਾ ਸਕੱਤਰ ਸੁਖਜੀਤ ਕੌਰ ਸੁੱਖੀ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਸੰਧੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ, ਸੰਜੀਵ ਸ਼ੋਰੀ, ਕੌਂਸਲਰ ਤੇਜਿੰਦਰ ਸਿੰਘ ਸੋਨੀ ਜਾਗਲ, ਧਰਮ ਸਿੰਘ ਫੌਜੀ, ਨਰਿੰਦਰ ਗਰਗ ਨੀਟਾ, ਰੁਪਿੰਦਰ ਸਿੰਘ ਬੰਟੀ ਸ਼ੀਤਲ, ਭੁਪਿੰਦਰ ਭਿੰਦੀ, ਜਗਰਾਜ ਸਿੰਘ ਪੰਡੋਰੀ, ਅਜੈ ਕੁਮਾਰ, ਗੁਰਪ੍ਰੀਤ ਸਿੰਘ ਕਾਕਾ, ਨਗਰ ਪੰਚਾਇਪਿਤ ਹੰਡਿਆਇਆ ਦੇ ਸਾਬਕਾ ਪ੍ਰਧਾਨ ਤੇ ਕਾਂਗਰਸੀ ਆਗੂ ਰਣਧੀਰ ਕੌਸ਼ਲ, 'ਆਪ' ਆਗੂ ਈਸ਼ਵਿੰਦਰ ਸਿੰਘ ਜੰਡੂ, ਪਰਮਿੰਦਰ ਸਿੰਘ ਭੰਗੂ, ਕ੍ਰਿਸ਼ਨ ਕੁਮਾਰ ਬਿੱਟੂ, ਐਡਵੋਕੇਟ ਰਾਜੀਵ ਗੁਪਤਾ ਲੂਬੀ, ਅਮਨ ਕਾਲਾ, ਭਾਜਪਾ ਆਗੂ ਰਾਜਿੰਦਰ ਉਪਲ, ਸਾਬਕਾ ਚੇਅਰਮੈਨ ਜੀਵਨ ਬਾਂਸਲ, ਦੀਪ ਸੰਘੇੜਾ, ਹੈਪੀ ਢਿੱਲੋਂ, ਕਾਂਗਰਸੀ ਆਗੂ, ਬਲਦੇਵ ਸਿੰਘ ਭੁੱਚਰ, ਗੁਰਮੇਲ ਸਿੰਘ ਮੌੜ, ਵਪਾਰ ਮੰਡਲ ਦੇ ਪ੍ਰਧਾਨ ਅਨਿਲ ਬਾਂਸਲ ਨਾਣਾ, ਨੈਬ ਸਿੰਘ ਕਾਲਾ, ਸਮਾਜ ਸੇਵੀ ਹਨੀ ਚਹਿਲ, ਡਾ. ਰਵੀ ਬਾਂਸਲ, ਮਲਕੀਤ ਸਿੰਘ ਮੀਤਾ, ਪ੍ਰਵੀਨ ਸਿੰਗਲਾ, ਰਾਮ ਲਾਲ ਬਦਰਾ, ਅਮਰੀਕ ਸਿੰਘ, ਨਾਭ ਚੰਦ ਜਿੰਦਲ, ਰਜਤ ਬਾਂਸਲ ਲੱਕੀ, ਪੀ.ਕੇ. ਕਾਂਸਲ, ਗੁਰਬਾਜ ਸਿੰਘ ਬਾਜ, ਬੀ.ਸੀ. ਗੋਇਲ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਢੀਂਡਸਾ, ਐਡਵੋਕੇਟ ਧੀਰਜ ਕੁਮਾਰ, ਐਡਵੋਕੇਟ ਚੰਦਰ ਬਾਂਸਲ, ਐਡਵੋਕੇਟ ਕੁਲਵੰਤ ਰਾਏ ਗੋਇਲ, ਐਡਵੋਕੇਟ ਸੁਮੰਤ ਗੋਇਲ, ਐਡਵੋਕੇਟ ਅਰਸ਼ਦੀਪ ਅਰਸ਼ੀ, ਐਡਵੋਕੇਟ ਨਿਰਭੈ ਸਿੰਘ ਸਿੱਧੂ ਅਤੇ ਗੁਰਜੰਟ ਸਿੰਘ ਸੋਨਾ, ਤੇਜਿੰਦਰ ਚੰਡਿਹੋਕ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾਈ ਆਗੂ ਡਾਕਟਰ ਮਨਜੀਤ ਰਾਜ, ਅਮਰੀਕ ਸਿੰਘ ਤੋਂ ਇਲਾਵਾ ਜ਼ਿਲ੍ਹੇ ਭਰ ਤੋਂ ਵੱਡੀ ਗਿਣਤੀ ਵਿਚ ਪੱਤਰਕਾਰ ਭਾਈਚਾਰਾ ਅਤੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।

# 13 ਫਰਵਰੀ ਨੂੰ "ਦਿੱਲੀ ਚਲੋ" ਦਾ ਸੰਯੁਕਤ ਕਿਸਾਨ ਮੋਰਚੇ ਵਲੋਂ ਕੋਈ ਸੱਦਾ ਨਹੀਂ

ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਕਿਸਾਨ ਮੋਰਚਾ ਦੀ ਕੌਮੀ ਤਾਲਮੇਲ ਕਮੇਟੀ ਦੀ 2 ਫਰਵਰੀ ਨੂੰ ਹੋਈ ਆਨਲਾਈਨ ਮੀਟਿੰਗ ਵਿੱਚ ਸਪੱਸ਼ਟ ਕੀਤਾ ਗਿਆ ਕਿ ਮੋਰਚੇ ਵੱਲੋਂ "ਦਿੱਲੀ ਚਲੋ" ਦਾ ਕੋਈ ਸੱਦਾ ਨਹੀਂ ਦਿੱਤਾ ਗਿਆ ਹੈ। ਕੁਝ ਕਿਸਾਨ ਜਥੇਬੰਦੀਆਂ ਵੱਲੋਂ 13 ਫਰਵਰੀ ਨੂੰ ਦਿੱਲੀ ਵਿੱਚ ਧਰਨੇ ਦੇਣ ਦੇ ਫੈਸਲੇ ਦਾ ਯੂਨਾਈਟਿਡ ਕਿਸਾਨ ਮੋਰਚਾ ਨਾਲ ਕੋਈ ਸਬੰਧ ਨਹੀਂ ਹੈ। ਸੰਯੁਕਤ ਕਿਸਾਨ ਮੋਰਚਾ ਸਮੁੱਚੇ ਦੇਸ਼ ਦੇ ਲੋਕਾਂ ਨੂੰ 16 ਫਰਵਰੀ ਨੂੰ ਐਸਕੇਐਮ, ਸੀਟੀਯੂ ਅਤੇ ਸੁਤੰਤਰ/ਖੇਤਰੀ ਫੈਡਰੇਸ਼ਨਾਂ ਦੇ ਸਾਂਝੇ ਪਲੇਟਫਾਰਮ ਦੁਆਰਾ ਦਿੱਤੇ ਗਏ ਪੇਂਡੂ ਬੰਦ ਅਤੇ ਉਦਯੋਗਿਕ/ਖੇਤਰੀ ਹੜਤਾਲ ਦੇ ਸਾਂਝੇ ਸੱਦੇ ਨੂੰ ਇੱਕਜੁੱਟ ਕਰਨ ਅਤੇ ਸਮਰਥਨ ਕਰਨ ਦੀ ਅਪੀਲ ਕਰਦਾ ਹੈ।




ਹਰ ਵਰਗ ਦੇ ਲੋਕਾਂ ਦਾ ਸਮਰਥਨ ਹਾਸਲ ਕਰਨ ਲਈ ਟਰੇਡ ਯੂਨੀਅਨਾਂ ਅਤੇ ਕਿਸਾਨ ਜਥੇਬੰਦੀਆਂ ਦੀਆਂ ਸੂਬਾ ਅਤੇ ਜ਼ਲ੍ਹਿਾ ਪੱਧਰੀ ਸਾਂਝੀਆਂ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਵਿੱਚ ਵਿਦਿਆਰਥੀ, ਨੌਜਵਾਨ, ਔਰਤਾਂ, ਸੱਭਿਆਚਾਰਕ ਵਰਕਰਾਂ, ਕਲਾਕਾਰਾਂ, ਛੋਟੇ ਵਪਾਰੀਆਂ, ਪੇਸ਼ੇਵਰਾਂ, ਵਕੀਲਾਂ, ਪੈਨਸ਼ਨਰਾਂ ਦੀਆਂ ਜਥੇਬੰਦੀਆਂ ਵੀ ਭਾਗ ਲੈ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਤੋਂ ਬਾਅਦ ਤਹਿਸੀਲ ਪੱਧਰੀ ਮੀਟਿੰਗਾਂ ਅਤੇ ਪਿੰਡ ਪੱਧਰੀ ਪੈਦਲ ਯਾਤਰਾਵਾਂ, ਘਰ-ਘਰ ਪ੍ਰਚਾਰ, ਮਸ਼ਾਲ ਜਲੂਸ ਅਤੇ ਵੱਡੇ ਪੱਧਰ 'ਤੇ ਪ੍ਰਦਰਸ਼ਨ ਕੀਤੇ ਜਾਣਗੇ। ਮੋਦੀ ਸਰਕਾਰ ਆਪਣੀਆਂ ਕਾਰਪੋਰੇਟ ਪੱਖੀ, ਫਿਰਕੂ ਅਤੇ ਤਾਨਾਸ਼ਾਹੀ ਨੀਤੀਆਂ ਵਿਰੁੱਧ ਲੋਕਾਂ ਨੂੰ ਇਕਜੁੱਟ ਹੋਣ ਤੋਂ ਰੋਕਣ ਲਈ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਨੂੰ ਵੰਡਣ ਦੀ ਕੋਸ਼ਸ਼ਿ ਕਰ ਰਹੀ ਹੈ। ਸੰਯੁਕਤ ਕਿਸਾਨ ਮੋਰਚਾ ਨੇ ਮਜ਼ਦੂਰ-ਕਿਸਾਨ ਏਕਤਾ ਨੂੰ ਮਜ਼ਬੂਤ ਕਰਨ ਅਤੇ ਮੋਦੀ ਸਰਕਾਰ ਵਿਰੁੱਧ ਆਮ ਲੋਕਾਂ ਦੀ ਵਿਆਪਕ ਏਕਤਾ ਦਾ ਸੱਦਾ ਦਿੱਤਾ ਹੈ।

# ਸੰਗਰੂਰ ਪਹੁੰਚਣ ਤੋਂ ਰੋਕਣ ਲਈ ਪੁਲਿਸ ਨੇ ਨਰਿੰਦਰ ਸਿੰਘ ਕਾਲਾਬੂਲਾ ਨੂੰ ਹਾਊਸ ਰੈਸਟ ਕੀਤਾ



**ਧੂਰੀ, (ਰਣਜੀਤ ਸਿੰਘ ਪੇਧਨੀ)**-ਪਿਛਲੇ ਦਿਨੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ, ਸਿਮਰਨਜੀਤ ਸਿੰਘ ਮਾਨ ਵੱਲੋਂ ਭਾਨੇ ਸਿੱਧੂ ਦੇ ਹੱਕ ਵਿੱਚ ਸਮੁੱਚੀਆਂ ਕਿਸਾਨ ਜਥੇਬੰਦੀਆਂ ਵੱਲੋਂ ਤਿੰਨ ਤਰੀਕ ਨੂੰ ਭਾਨੇ ਸਿੱਧੂ ਦੇ ਹੱਕ ਵਿੱਚ ਮੁੱਖ ਮੰਤਰੀ ਦੇ ਘਰ ਦਾ ਘਰਾਓ ਰੱਖਿਆ ਗਿਆ ਸੀ ਜਿਸ ਨੂੰ ਲੈ ਕੇ ਸਰਕਾਰ ਦੇ ਤਾਨਾਸ਼ਾਹੀ ਰਵੱਈਏ ਨੇ ਵੱਖ-ਵੱਖ ਕਿਸਾਨ ਜਥੇਬੰਦੀਆਂ ਤੇ ਪਾਰਟੀਆਂ ਦੇ ਆਗੂਆਂ ਨੂੰ ਪਹਿਲਾਂ ਹੀ ਉਹਨ੍ਹਾਂ ਨੂੰ ਘਰੋਂ ਨਹੀਂ ਨਿਕਲਣ ਦਿੱਤਾ ਉਹਨਾਂ ਨੂੰ ਉਹਨਾਂ ਦੇ ਘਰਾਂ ਦੇ ਵਿੱਚ ਹੀ ਬੰਦ ਕਰ ਦਿੱਤਾ ਗਿਆ। ਤੇ ਤਹਿਤ ਥਾਣਾ ਸ਼ੇਰਪੁਰ ਦੇ ਪੁਲਿਸ ਮੁਲਾਜ਼ਮਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ ਨੂੰ ਉਹਨਾਂ ਦੇ ਘਰ ਵਿੱਚ ਹੀ ਬੰਦ ਕਰਕੇ ਰੱਖਿਆ ਗਿਆ। ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ, ਕਾਲਾਬੂਲਾ ਨੇ ਕਿਹਾ ਇਹ ਕਿ ਸਿੱਖ ਕੌਮ ਇੱਕ ਅਜਿਹੀ ਕੌਮ ਹੈ ਜੋ ਕਿਸੇ ਤੋਂ ਦਬਣ ਵਾਲੀ ਨਹੀਂ, ਸਰਕਾਰ ਇਸ ਕਾਰਨਾਮਾ ਅਤਿ ਨਿੰਦਣਯੋਗ ਹੈ। ਇਸ ਮੌਕੇ ਉਹਨਾਂ ਦੇ ਨਾਲ ਸਿੰਘ ਭੱਠਲ, ਦਲਵੀਰ ਸਿੰਘ ਦਲਜੀਤ ਸਿੰਘ ਕਾਲਾ ਧੀਰਾ, ਨਰਿੰਦਰ ਸਿੰਘ ਨਿੰਦਰਾ, ਕਰਮਜੀਤ ਸਿੰਘ, ਜੰਗੀਰ ਸਿੰਘ, ਧਰਮਜੀਤ ਸਿੰਘ, ਜਸਵੀਰ ਸਿੰਘ ਕਾਲਾ ਭਗਵਾਨ ਸਿੰਘ ਭਾਨ ਮਿਸਤਰੀ ਮੱਘਰ ਸਿੰਘ, ਰਣਜੀਤ ਸਿੰਘ ਦਾਰਾ ਕਾਲਾਬੂਲਾ, ਆਦਿ ਆਗੂ ਹਾਜ਼ਰ ਸਨ।

# ਲਾਲਕ੍ਰਿਸ਼ਨ ਅਡਵਾਨੀ ਨੂੰ ਭਾਰਤ ਰਤਨ ਨਾਲ ਸਨਮਾਨਤ ਹੋਣ ਦੇ ਐਲਾਨ ਤੇ ਸੁਖਦੇਵ ਸਿੰਘ ਢੀਂਡਸਾ ਨੇ ਦਿੱਤੀ ਵਧਾਈ



**ਚੰਡੀਗੜ੍ਹ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਤੇ ਸਾਬਕਾ ਕੇਂਦਰੀ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ ਨੇ ਸੀਨੀਅਰ ਭਾਜਪਾ ਨੇਤਾ ਅਤੇ ਸਾਬਕਾ ਉੱਪ ਪ੍ਰਧਾਨ ਮੰਤਰੀ ਸ਼੍ਰੀ ਲਾਲਕ੍ਰਿਸ਼ਨ ਅਡਵਾਨੀ ਨੂੰ ਭਾਰਤ ਦੇ ਸਰਵਉੱਚ ਨਾਗਰਿਕ ਪੁਰਸਕਾਰ ਭਾਰਤ ਰਤਨ ਨਾਲ ਸਨਮਾਨਤ ਕੀਤਾ ਜਾਣ ਦੇ ਐਲਾਨ ਤੇ ਸ਼੍ਰੀ ਲਾਲਕ੍ਰਿਸ਼ਨ ਅਡਵਾਨੀ ਨੂੰ ਵਧਾਈ ਦਿੱਤੀ ਹੈ। ਸ. ਢੀਂਡਸਾ ਨੇ ਕਿਹਾ ਕਿ ਉਹ ਬੇਹੱਦ ਮਾਣ ਮਹਿਸੂਸ ਕਰ ਰਹੇ ਹਨ ਕਿ ਉਨ੍ਹਾਂ ਨੂੰ ਸ਼੍ਰੀ ਅਡਵਾਨੀ ਨਾਲ ਕੰਮ ਕਰਨ ਦਾ ਮੌਕਾ ਮਿਲਿਆ। ਉਹ ਸਾਡੇ ਸਮੇਂ ਦੇ ਸਭ ਤੋਂ ਸਨਮਾਨਤ ਰਾਜਨੇਤਾਵਾਂ 'ਚੋਂ ਇਕ ਹਨ ਅਤੇ ਭਾਰਤ ਦੇ ਵਿਕਾਸ 'ਚ ਉਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ। ਸ. ਢੀਂਡਸਾ ਨੇ ਸ਼੍ਰੀ ਅਡਵਾਨੀ ਨੂੰ ਇਸ ਸਨਮਾਨ ਨਾਲ ਸਨਮਾਨਿਤ ਕਰਨ ਤੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਵੀ ਸ਼ਲਾਘਾ ਕੀਤੀ।

**ਭਾਨਾ ਸਿੱਧੂ ਦੇ ਹੱਕ ਚ ਅੰਦੋਲਨ ਕਰਨ ਜਾ ਰਹੇ ਕਿਸਾਨਾਂ ਨੂੰ ਤੁਰੰਤ ਰਿਹਾਅ ਕਰੇ ਮਾਨ ਸਰਕਾਰ :** ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਪ੍ਰਧਾਨ ਤੇ ਸਾਬਕਾ ਕੇਂਦਰੀ ਮੰਤਰੀ ਸ. ਸੁਖਦੇਵ ਸਿੰਘ ਢੀਂਡਸਾ ਨੇ ਸਮਾਜ ਸੇਵੀ ਨੌਜਵਾਨ ਭਾਨਾ ਸਿੱਧੂ ਦੀ ਰਿਹਾਈ ਲਈ ਮਿੱਥੇ ਹੋਏ ਅੰਦੋਲਨ ਵਿਚ ਕਿਸਾਨਾਂ, ਮਜ਼ਦੂਰਾਂ ਸਮੇਤ ਸਿਆਸੀ ਨੇਤਾਵਾਂ ਨੂੰ ਹਿਰਾਸਤ ਵਿਚ ਲੈਣ ਅਤੇ ਘਰਾਂ ਵਿੱਚ ਨਜ਼ਰਬੰਦ ਕਰਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੀ ਕਰੜੇ ਸ਼ਬਦਾਂ ਵਿਚ ਆਲੋਚਨਾ ਕੀਤੀ ਹੈ। ਸ. ਢੀਂਡਸਾ ਨੇ ਮਾਨ ਸਰਕਾਰ ਨੂੰ ਕਿਸਾਨਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਹੈ। ਸ. ਸੁਖਦੇਵ ਸਿੰਘ ਢੀਂਡਸਾ ਨੇ ਕਿਹਾ ਕਿ ਸਮਾਜ ਸੇਵੀ ਭਾਨਾ ਸਿੱਧੂ ਦੇ ਖਿਲਾਫ ਮਾਨ ਸਰਕਾਰ ਨੇ ਸਾਜਿਸ਼ ਤਹਿਤ ਮਾਮਲੇ ਦਰਜ ਕੀਤੇ ਹਨ। ਜਿਸ ਦੇ ਖਿਲਾਫ ਕਿਸਾਨ, ਮਜਦੂਰ ਅਤੇ ਸਿਆਸੀ ਨੇਤਾਵਾਂ ਤੋਂ ਲੈਕੇ ਹਰ ਵਰਗ ਨੇ ਮੋਰਚਾ ਖੋਲ੍ਹ ਦਿੱਤਾ ਹੈ। ਜਿਸ ਕਾਰਨ ਮਾਨ ਸਰਕਾਰ ਬੌਖਲਾ ਗਈ ਹੈ ਅਤੇ ਤਾਨਾਸ਼ਾਹ ਹਾਕਮ ਦੀ ਤਰ੍ਹਾਂ ਆਮ ਲੋਕਾਂ ਨਾਲ ਸਲੂਕ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਸਰਕਾਰ ਦੇ ਇਸ ਵਤੀਰੇ ਦੇ ਖਿਲਾਫ ਕਿਸਾਨਾਂ, ਸਿਆਸਤਦਾਨਾਂ ਸਮੇਤ ਆਮ ਲੋਕਾਂ ਨੇ ਅੰਦੋਲਨ ਸ਼ੁਰੂ ਕੀਤਾ ਤਾਂ ਸਰਕਾਰ ਨੇ ਉਨ੍ਹਾਂ ਨੂੰ ਹਿਰਾਸਤ ਵਿਚ ਲੈ ਲਿਆ। ਸ. ਢੀਂਡਸਾ ਨੇ ਕਿਹਾ ਕਿ ਲੋਕਤੰਤਰ ਵਿਚ ਸ਼ਾਂਤਮਈ ਅੰਦੋਲਨ ਕਰਨਾ ਹਰੇਕ ਦਾ ਸੰਵਿਧਾਨਕ ਅਧਿਕਾਰ ਹੈ ਪਰ ਮਾਨ ਸਰਕਾਰ ਦੀ ਇਹ ਕਾਰਵਾਈ ਲੋਕਤੰਤਰ ਦੀ ਭਾਵਨਾ ਦੀ ਸਰੇਆਮ ਉਲੰਘਣਾ ਹੈ। ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਿਰਾਸਤ ਵਿਚ ਲਏ ਲੋਕਾਂ ਨੂੰ ਤੁਰੰਤ ਰਿਹਾਅ ਕਰਕੇ ਉਨ੍ਹਾਂ ਨੂੰ ਸ਼ਾਂਤਮਈ ਅੰਦੋਲਨ ਦੀ ਇਜਾਜਤ ਦੇਣੀ ਚਾਹੀਦੀ ਹੈ।

# ਪਿੰਡ ਡੇਅਰੀਵਾਲ ਵਿੱਚ ਪਹਿਲਾਂ ਗੋਲਡ ਕਬੱਡੀ ਕੱਪ ਅੱਜ 4 ਫਰਵਰੀ ਐਤਵਾਰ ਨੂੰ

ਚੌਕ ਮਹਿਤਾ,3 ,ਫਰਵਰੀ, (ਬਾਬਾ ਸੁਖਵੰਤ ਸਿੰਘ ਚੰਨਣਕੇ) ਧੰਨ ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਸਪੋਰਟਸ ਕਲੱਬ ਡੇਅਰੀਵਾਲ ਜਿਲਾ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਐਨ, ਆਰ, ਆਈ, ਅਤੇ ਸਮੂਹ ਨਗਰ ਨਿਵਾਸੀ ਦੇ ਸਹਿਯੋਗ ਦੇ ਨਾਲ ਪਹਿਲਾਂ ਗੋਲਡ ਕਬੱਡੀ ਕੱਪ 4 ਫਰਵਰੀ 2024 ਦਿਨ ਐਤਵਾਰ ਨੂੰ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਪਹਿਲਾਂ ਇਨਾਮ 1 ਲੱਖ ਰੁਪਏ ਅਤੇ ਦੂਜਾ ਇਨਾਮ 71 ਹਜ਼ਾਰ ਰੁਪਏ ਦਿੱਤਾ ਜਾਵੇਗਾ। ਬੈਸਟ ਜਾਫੀਆਂ ਨੂੰ 2 ਮੋਟਰ ਸਾਇਕਲ ਦਿੱਤੇ ਜਾਣਗੇ। ਜਿਸ ਵਿੱਚ ਬਜ਼ੁਰਗਾਂ ਦੇ ਸੋ ਮੈਚ, ਲੜਕੀਆ ਦੇ ਸੋ ਮੈਚ, ਬੱਚਿਆਂ ਵਾਲੀ ਐਕਸਨ ਦੇ ਮੈਚ ਹੋਣਗੇ। ਪੱਤਰਕਾਰਾ ਨਾਲ ਗੱਲ ਬਾਤ ਕਰਦਿਆਂ ਸੰਦੀਪ ਸਿੰਘ ਔਜਲਾ, ਪ੍ਰਧਾਨ ਸ, ਗੁਰਮੁੱਖ ਸਿੰਘ ਔਜਲਾ ਸੁਖਬੀਰ ਸਿੰਘ ਬੋਪਾਰਾਏ ਆੜਤੀਆ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਕੈਬਨਿਟ ਮੰਤਰੀ ਸ, ਲਾਲਜੀਤ ਸਿੰਘ ਭੁੱਲਰ, ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ, ਉ ਇਨਾਮਾਂ ਦੀ ਵੰਡ ਕਰਨਗੇ । ਪਹੁੰਚ ਰਹੀਆਂ ਇੰਟਰਨੈਸ਼ਨਲ ਕਲੱਬਾ ਬਾਬਾ ਨਾਮਦੇਵ ਜੀ ਘੁਮਾਣ ਕਲੱਬ, ਹਰਜੀਤ ਬਾਜਾਖਾਨਾ ਲੋਟੂ ਕਲੱਬ, ਡੀ, ਏ, ਵੀ, ਕੈਲੀਫੋਰਨੀਆ ਕਲੱਬ, ਸ਼ਹੀਦ ਬਾਬਾ ਦੀਪ ਸਿੰਘ ਜੀ ਤੋਤਾ ਸਿੰਘ ਵਾਲਾ ਕਲੱਬ, ਕਬੱਡੀ ਦਾ ਜੋਹਰ ਦਿਖਉਣਗੀਆ। ਗੁਰੂ ਦਾ ਲੰਗਰ ਅਟੁੱਟ ਵਰਤੇਗਾ। ਸਮੂਹ ਇਲਾਕਾ ਨਿਵਾਸੀਆਂ ਨੂੰ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਕੇ ਧੰਨ ਧੰਨ ਸਾਹਿਬ -ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੀਆਂ ਖੁਸੀਆਂ ਪ੍ਰਾਪਤ ਕਰਨ।



# ਦਮਦਮੀ ਬੀੜ ਦੇ ਲਿਖਾਰੀ- ਭਾਈ ਮਨੀ ਸਿੰਘ ਜੀ

**ਭਾਈ ਮਨੀ ਸਿੰਘ ਜੀ** ਸਿੱਖ ਇਤਿਹਾਸ ਦੀ ਇੱਕ ਮਹਾਨ ਹਸਤੀ ਸਨ। ਆਪ ਦਾ ਜਨਮ 10 ਮਾਰਚ ਸੰਨ 1644 ਈ: ਚੇਤਰ ਸੁਦੀ 12, ਸੰਮਤ 1701 ਬਿਕਰਮੀ ਨੂੰ ਭਾਈ ਮਾਈ ਦਾਸ ਦੇ ਘਰ ਹੋਇਆ। ਸ਼ਹੀਦ ਬਿਲਾਸ ਅਨੁਸਾਰ ਆਪ ਦੇ ਵੱਡੇ ਵਡੇਰਿਆਂ ਦਾ ਸੰਬੰਧ ਦੀਪ ਬੰਸ ਦੇ ਪੰਵਾਰ ਰਾਜਪੂਤ ਘਰਾਣੇ ਨਾਲ ਸੀ, ਜੋ ਮੁਲਤਾਨ ਦੇ ਨੇੜੇ ਅਲੀਪੁਰ ਦੇ ਰਹਿਣ ਵਾਲੇ ਸਨ। ਇੰਦਰਜੀਤ ਸਿੰਘ ਜੋਧਕਾ ਭਾਈ

## 4 ਤੋਂ 6 ਫ਼ਰਵਰੀ ਤੱਕ ਲਈ ਵਿਸ਼ੇਸ਼

ਮਨੀ ਸਿੰਘ ਦਾ ਜਨਮ 10 ਮਾਰਚ ਸੰਨ 1644 ਈ: ਦਿਨ ਐਤਵਾਰ ਚੇਤਰ ਸੁਦੀ ਬਾਰ੍ਹਵੀਂ ਸੰਮਤ 1701 ਬਿਕਰਮੀ ਨੂੰ ਭਾਈ ਮਾਈ ਦਾਸ ਦੇ ਗ੍ਰਹਿ ਪਿੰਡ ਅਲੀਪੁਰ ਜ਼ਿਲ੍ਹਾ ਮੁਜ਼ੱਫ਼ਰਗੜ੍ਹ ਰਿਆਸਤ ਮੁਲਤਾਨ (ਹਾਲ ਪਾਕਿਸਤਾਨ) ਵਿਖੇ ਮਾਤਾ ਮੱਧਰੀ ਬਾਈ ਜੀ ਦੀ ਕੁੱਖੋਂ ਹੋਇਆ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਜੀ ਨਾਭਾ ਅਨੁਸਾਰ ਭਾਈ ਮਨੀ ਸਿੰਘ ਦੁੱਲਟ ਚੌਧਰੀ ਕਾਲੇ ਦਾ ਪੁੱਤਰ ਸੀ। ਭਾਈ ਮਨੀ ਸਿੰਘ ਦਾ ਦੁੱਲਟ ਹੋਣਾ ਕੇਵਲ ਗਿਆਨੀ ਗਿਆਨ ਸਿੰਘ ਦੁੱਲਟ ਦੇ ਲੇਖ ਅਨੁਸਾਰ ਲਿਖਿਆ ਗਿਆ ਹੈ। ਅਨੇਕਾਂ ਸੱਜਣ ਭਾਈ ਮਨੀ ਸਿੰਘ ਦਾ ਜਨਮ ਕੈਬੋਵਾਲ ਵਿੱਚ ਮੰਨਦੇ ਹਨ। ਪਰ ਪ੍ਰਸਿੱਧ ਖੋਜੀ ਵਿਦਵਾਨ ਗਿਆਨੀ ਗਰਜਾ ਸਿੰਘ ਨੇ ਸ਼ਹੀਦ ਬਿਲਾਸ ਨਾਮੀ ਪੁਸਤਕ ਜੋ ਭੱਟ ਵਹੀਆਂ ਦੇ ਆਧਾਰ 'ਤੇ ਲਿਖੀ ਹੈ, ਵਿੱਚ ਭਾਈ ਮਨੀ ਸਿੰਘ ਦਾ ਜਨਮ ਭਾਈ ਮਾਈ ਦਾਸ ਦੇ ਘਰ 10 ਮਾਰਚ ਸੰਨ 1644 ਈ: ਵਿੱਚ ਮੱਧਰੀ ਬਾਈ ਜੀ ਦੀ ਕੁੱਖੋਂ ਪਿੰਡ ਅਲੀਪੁਰ ਜ਼ਿਲ੍ਹਾ ਮੁਜ਼ੱਫ਼ਰਗੜ੍ਹ ਪਾਕਿਸਤਾਨ ਵਿੱਚ ਹੋਇਆ। ਭਾਈ ਮਾਈ ਦਾਸ ਜੀ ਦੀਆਂ ਦੋ ਧਰਮ ਪਤਨੀਆਂ ਮੱਧਰੀ ਬਾਈ ਤੇ ਬੀਬੀ ਲਡਿਕੀ ਸਨ। ਉਹਨਾਂ ਦੋ ਵਿਆਹ ਕੀਤੇ ਹੋਏ ਸਨ। ਦੋਨਾਂ ਪਤਨੀਆਂ (ਪਹਿਲੀ ਮੱਧਰੀ ਬਾਈ ਤੋਂ ਸੱਤ ਪੁੱਤਰ ਅਤੇ ਦੂਜੀ ਲਡਿਕੀ ਤੋਂ ਪੰਜ ਪੁੱਤਰ) ਤੋਂ 12 ਪੁੱਤਰ ਪੈਦਾ ਹੋਏ। ਭਾਈ ਮਨੀ ਸਿੰਘ ਜੀ ਕੁੱਲ 12 ਭਰਾ ਸਨ।

ਜਦੋਂ ਭਾਈ ਮਨੀ ਸਿੰਘ ਜੀ 13 ਸਾਲ ਦੇ ਹੋਏ ਤਾਂ ਉਹਨਾਂ ਦੇ ਪਿਤਾ ਭਾਈ ਮਾਈ ਦਾਸ ਗੁਰੂ ਹਰਿਰਾਇ ਸਾਹਿਬ ਦੇ ਦਰਸ਼ਨ ਕਰਨ ਲਈ ਸ਼੍ਰੀ ਕੀਰਤਪੁਰ ਸਾਹਿਬ ਲੈ ਆਏ। ਬਾਲਕ ਮਨੀਏ ਨੇ ਜਦ ਸਤਿਗੁਰੂ ਜੀ ਦੇ ਚਰਨਾਂ ਵਿੱਚ ਸੀਸ ਝੁਕਾਇਆ ਤਾਂ ਗੁਰੂ ਜੀ ਨੇ ਹੋਣਹਾਰ ਮਨੀਏ ਨੂੰ ਦੇਖ ਕੇ ਫ਼ਰਮਾਇਆ ਕਿ ਇਹ ਬਾਲਕ ਸਾਰੇ ਜਗਤ ਵਿੱਚ ਪ੍ਰਸਿੱਧੀ ਹਾਸਲ ਕਰੇਗਾ। ਜਦੋਂ ਆਪ 15 ਸਾਲ ਦੇ ਹੋਏ ਤਾਂ ਆਪ ਦਾ ਵਿਆਹ ਭਾਈ ਲੱਖ ਰਾਏ ਦੀ ਸਪੁੱਤਰੀ ਬੀਬੀ ਸੀਤੋ ਬਾਈ ਨਾਲ ਹੋਇਆ। ਜਿਹਨਾਂ ਨੇ ਨੌਂਵੇਂ ਗੁਰੂ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹੀਦੀ ਸਮੇਂ ਧੜ ਦਾ ਸਸਕਾਰ ਆਪਣੇ ਘਰ ਲਿਜਾ ਕੇ ਕੀਤਾ। ਭਾਈ ਮਨੀ ਸਿੰਘ ਜੀ ਗੁਰੂ ਹਰਿਰਾਏ ਜੀ ਦੇ ਜੋਤੀ-ਜੋਤਿ ਸਮਾਉਣ ਤੋਂ ਬਾਅਦ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀ ਸੇਵਾ ਵਿੱਚ ਰਹੇ। ਫਿਰ ਗੁਰੂ ਸਾਹਿਬ ਦੇ ਦਿੱਲੀ ਵਿਖੇ ਜੋਤੀ-ਜੋਤਿ ਸਮਾ ਜਾਣ ਤੋਂ ਬਾਅਦ ਗੁਰੂ ਤੇਗ਼ ਬਹਾਦਰ ਜੀ ਦੀ ਸੇਵਾ ਵਿੱਚ ਬਕਾਲੇ ਪਿੰਡ ਆ ਹਾਜ਼ਰ ਹੋਏ। ਜਦੋਂ ਗੁਰੂ ਤੇਗ਼ ਬਹਾਦਰ ਜੀ ਪੂਰਬ ਦੇ ਇਲਾਕਿਆਂ ਵਿੱਚ ਧਰਮ ਪ੍ਰਚਾਰ ਕਰਕੇ ਵਾਪਸ ਅਨੰਦਪੁਰ ਸਾਹਿਬ ਪੁੱਜੇ ਤਾਂ ਭਾਈ ਮਨੀ ਸਿੰਘ ਜੀ ਵੀ ਅਨੰਦਪੁਰ ਆ ਗਏ। ਇੱਥੇ ਰਹਿ ਕੇ ਭਾਈ ਸਾਹਿਬ ਨੇ ਗੁਰਬਾਣੀ ਦੀਆਂ ਪੋਥੀਆਂ ਦੇ ਉਤਾਰੇ ਕਰਨ ਤੇ ਕਰਵਾਉਣ ਦੀ ਮਹਾਨ ਸੇਵਾ ਸੰਭਾਲੀ। ਜਦ ਗੁਰੂ ਤੇਗ਼ ਬਹਾਦਰ ਜੀ ਸ਼ਹੀਦੀ ਪ੍ਰਾਪਤ ਕਰਨ ਲਈ ਦਿੱਲੀ ਗਏ ਤਾਂ ਭਾਈ ਮਨੀ ਸਿੰਘ ਜੀ ਦੀ ਸੇਵਾ ਗੁਰੂ ਗੋਬਿੰਦ ਸਿੰਘ ਜੀ ਕੋਲ ਠਹਿਰਣ ਦੀ ਲੱਗੀ।

ਸੰਨ 1688 ਈ: ਵਿੱਚ ਭੰਗਾਣੀ ਦਾ ਯੁੱਧ ਹੋਇਆ। ਇਸ ਯੁੱਧ ਵਿੱਚ ਭਾਈ ਮਨੀ ਸਿੰਘ ਜੀ ਨੇ ਬਾਕੀ ਗੁਰਸਿੱਖਾਂ ਨਾਲ ਰਲ ਕੇ ਸੂਰਮਗਤੀ ਦੇ ਜੌਹਰ ਦਿਖਾਏ। ਇਸੇ ਜੰਗ ਵਿੱਚ ਆਪ ਦੇ ਭਰਾ ਭਾਈ ਹਰੀ ਚੰਦ ਜੀ ਸ਼ਹੀਦੀ ਪਾ ਗਏ। ਸੰਨ 1690 ਈ: ਨੂੰ ਨਦੌਣ ਦੀ ਜੰਗ ਵਿੱਚ ਆਪ ਦੀ ਬਹਾਦਰੀ ਤੇ ਗੁਰੂ ਸਿਦਕ ਨੂੰ ਦੇਖ ਕੇ ਗੁਰੂ ਪਾਤਸ਼ਾਹ ਨੇ ਆਪ ਜੀ ਨੂੰ 'ਦੀਵਾਨ' ਦੀ ਉਪਾਧੀ ਬਖ਼ਸ਼ੀ। ਜਦੋਂ ਸੰਨ 1699 ਈ: ਨੂੰ ਵਿਸਾਖੀ ਵਾਲੇ ਦਿਨ ਗੁਰੂ ਜੀ ਨੇ ਖ਼ਾਲਸਾ ਸਾਜਿਆ ਤਾਂ ਭਾਈ ਮਨੀ ਸਿੰਘ ਜੀ ਨੇ ਆਪਣੇ ਭਰਾਵਾਂ ਦੇ ਸਪੁੱਤਰਾਂ ਸਮੇਤ ਖੰਡੇ-ਬਾਟੇ ਦੀ ਪਾਹੁਲ ਛਕੀ ਤਾਂ ਆਪ ਦਾ ਨਾਂ 'ਮਨੀਏ' ਤੋਂ 'ਮਨੀ



ਸਿੰਘ' ਹੋਇਆ। ਭਾਈ ਸਾਹਿਬ ਅਨੰਦਪੁਰ ਸਾਹਿਬ ਵਿਖੇ ਸੰਗਤਾਂ ਨੂੰ ਹਰ ਰੋਜ਼ ਗੁਰਬਾਣੀ ਦੀ ਕਥਾ ਸੁਣਾਇਆ ਕਰਦੇ ਸਨ। ਅੰਮ੍ਰਿਤਸਰ ਦੇ ਸਿੱਖਾਂ ਵੱਲੋਂ ਬੇਨਤੀ ਕਰਨ ਤੇ ਗੁਰੂ ਗੋਬਿੰਦ ਸਿੰਘ ਜੀ ਨੇ ਭਾਈ ਮਨੀ ਸਿੰਘ ਜੀ ਨੂੰ ਪੰਜ ਸਿੱਖਾਂ ਸਮੇਤ ਸ਼੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੀ ਸੇਵਾ-ਸੰਭਾਲ ਲਈ ਸੇਵਾਦਾਰ ਨਿਯੁਕਤ ਕਰਕੇ ਭੇਜਿਆ। ਅੰਮ੍ਰਿਤ ਪ੍ਰਚਾਰ ਦੀ ਲਹਿਰ ਵਿੱਚ ਵਾਧਾ ਕਰਕੇ ਸਿੱਖੀ ਦਾ ਬੜੇ ਜ਼ੋਰ-ਸ਼ੋਰ ਨਾਲ ਪ੍ਰਚਾਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਅਨੰਦਪੁਰ ਸਾਹਿਬ ਦੀ ਪਹਿਲੀ ਜੰਗ ਜਿਸ ਵਿੱਚ ਪਹਾੜੀ ਰਾਜਿਆਂ ਨੇ ਹਾਥੀ ਨੂੰ ਸ਼ਰਾਬ ਪਿਆ ਕੇ ਕਿਲ੍ਹੇ ਦਾ ਦਰਵਾਜ਼ਾ ਤੋੜਨ ਲਈ ਭੇਜਿਆ। ਭਾਈ ਮਨੀ ਸਿੰਘ ਦੇ ਸਪੁੱਤਰਾਂ ਭਾਈ ਬਚਿੱਤਰ ਸਿੰਘ ਤੇ ਭਾਈ ਉਦੇ ਸਿੰਘ ਨੇ ਮੁਕਾਬਲਾ ਕੀਤਾ ਸੀ। ਚਮਕੌਰ ਦੀ ਗੜ੍ਹੀ ਵਿੱਚ ਸ਼ਹੀਦ ਹੋਣ ਵਾਲੇ ਸਿੰਘਾਂ ਵਿੱਚ ਭਾਈ ਸਾਹਿਬ ਦੇ ਪੰਜ ਪੁੱਤਰ ਸ਼ਾਮਲ ਸਨ। ਸੰਮਤ 1761 ਬਿਕਰਮੀ ਸੰਨ 1704 ਈ: ਵਿੱਚ ਜਦ ਗੁਰੂ ਸਾਹਿਬ ਨੇ ਅਨੰਦਪੁਰ ਦਾ ਕਿਲ੍ਹਾ ਛੱਡਿਆ ਤਾਂ ਭਾਈ ਮਨੀ ਸਿੰਘ ਜੀ, ਮਾਤਾ ਸਾਹਿਬ ਕੌਰ ਜੀ ਤੇ ਮਾਤਾ ਸੁੰਦਰੀ ਜੀ ਨੂੰ ਲੈ ਕੇ ਦਿੱਲੀ ਪਹੁੰਚੇ ਤੇ ਉਹਨਾਂ ਦੀ ਸੇਵਾ ਵਿੱਚ ਹਾਜ਼ਰ ਰਹੇ। ਸੰਮਤ 1762-63 ਬਿਕਰਮੀ ਸੰਨ 1705-06 ਈ: ਵਿੱਚ ਭਾਈ ਮਨੀ ਸਿੰਘ ਜੀ, ਮਾਤਾ ਸਾਹਿਬ ਕੌਰ ਜੀ ਨਾਲ ਦਮਦਮਾ ਸਾਹਿਬ ਪੁੱਜੇ। ਇੱਥੇ ਹੀ ਕਲਗੀਧਾਰ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਭਾਈ ਮਨੀ ਸਿੰਘ ਜੀ ਤੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ 'ਦਮਦਮੀ ਬੀੜ' ਲਿਖਵਾਈ। ਇਸ ਗ੍ਰੰਥ ਵਿੱਚ ਸ਼੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਵੀ ਦਰਜ ਕਰਵਾਈ। ਇਸੇ ਬੀੜ ਨੂੰ ਮਗਰੋਂ ਨਾਦੇੜ ਵਿਖੇ ਗੁਰਗੱਦੀ ਪ੍ਰਦਾਨ ਕੀਤੀ ਗਈ।

ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਸ਼ਹੀਦੀ ਪਿੱਛੋਂ ਜਦੋਂ ਸਿੱਖਾਂ ਵਿੱਚ ਤੱਤ ਖ਼ਾਲਸਾ ਤੇ ਬੰਦਈ ਖ਼ਾਲਸਾ ਵਿੱਚ ਮੱਤ-ਭੇਦ ਹੋ ਗਏ ਤਾਂ ਝਗੜਾ ਨਿਬੇੜਨ ਲਈ ਮਾਤਾ ਸੁੰਦਰੀ ਜੀ ਨੇ ਭਾਈ ਮਨੀ ਸਿੰਘ ਜੀ ਨੂੰ ਅੰਮ੍ਰਿਤਸਰ ਭੇਜਿਆ। ਜਦੋਂ ਉਹ ਅੰਮ੍ਰਿਤਸਰ ਆਏ ਤਾਂ ਦੋਹਾਂ ਧੜਿਆਂ ਨੇ ਕਿਹਾ ਕਿ ਦਰਬਾਰ ਸਾਹਿਬ ਦੇ ਪ੍ਰਬੰਧ ਦੀ ਜ਼ੁੰਮੇਵਾਰੀ ਆਪ ਜੀ ਦੇ ਸੰਭਾਲਣ 'ਤੇ ਹੀ ਝਗੜਾ ਨਿੱਬੜ ਸਕਦਾ ਹੈ। ਸੋ ਸੰਨ 1721 ਈ: ਸੰਮਤ 1778 ਬਿਕਰਮੀ ਵਿੱਚ ਆਪ ਜੀ ਨੂੰ ਸ਼੍ਰੀ ਹਰਿਮੰਦਰ ਸਾਹਿਬ ਜੀ ਦਾ ਗ੍ਰੰਥੀ ਥਾਪਿਆ। ਇਹ ਸੇਵਾ ਕਰਦਿਆਂ ਭਾਈ ਮਨੀ ਸਿੰਘ ਨੇ 'ਗਿਆਨ ਰਤਨਾਵਲੀ' ਤੇ 'ਭਗਤ ਰਤਨਾਵਲੀ' ਪੁਸਤਕਾਂ ਦੀ ਰਚਨਾ ਕੀਤੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਇੱਕ ਹੱਥ ਲਿਖਤ ਬੀੜ ਵੀ ਤਿਆਰ ਕੀਤੀ।

ਭਾਈ ਮਨੀ ਸਿੰਘ ਜੀ ਤੱਪਸਵੀ, ਕੁਸ਼ਲ ਲਿਖਾਰੀ, ਗੁਰਬਾਣੀ ਅਰਥ-ਬੋਧ ਦੇ ਗਿਆਤਾ, ਤੀਰ ਅੰਦਾਜ਼ੀ ਤੇ ਤਲਵਾਰ ਚਲਾਉਣ ਵਿੱਚ ਨਿਪੁੰਨ ਸਨ। ਸਰੀਰਕ ਪੱਖੋਂ ਪਤਲੇ, ਚੁਸਤ ਤੇ ਮਜ਼ਬੂਤ ਜੁੱਸੇ ਵਾਲੇ ਫੁਰਤੀਲੇ ਜੁਝਾਰੂ ਸਨ। ਜੰਗੇ-ਮੈਦਾਨ ਵਿੱਚ ਜਦ ਜੂਝਦੇ ਤਾਂ ਹਨੇਰੀ ਲੈ ਆਉਂਦੇ। ਜਦ ਗੁਰੂ ਦਰਬਾਰ ਵਿੱਚ ਕਥਾ ਕਰਦੇ ਤਾਂ ਸੰਗਤਾਂ ਵਿੱਚ ਸਿਦਕ ਤੇ ਉਤਸ਼ਾਹ ਭਰ ਦਿੰਦੇ। ਭਾਈ ਮਨੀ ਸਿੰਘ ਦਾ ਸਾਰਾ ਪਰਿਵਾਰ 11 ਭਰਾ, 10 ਪੁੱਤਰਾਂ ਵਿੱਚੋਂ 7 ਪੁੱਤਰ ਤੇ ਕਈ ਪੋਤਰੇ ਸਿੱਖੀ ਸਿਦਕ ਨੂੰ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ।

18ਵੀਂ ਸਦੀ ਦੇ ਆਰੰਭ ਵਿੱਚ ਇੱਕ ਪਾਸੇ ਸਿੱਖਾਂ ਤੇ ਅੱਤਿਆਚਾਰ ਹੋ ਰਹੇ ਸਨ। ਦੂਜੇ ਪਾਸੇ ਉਹਨਾਂ ਨੂੰ ਹਰਿਮੰਦਰ ਸਾਹਿਬ ਆਉਣ ਦੀ ਆਗਿਆ ਨਹੀਂ ਸੀ ਦਿੱਤੀ ਜਾਂਦੀ। ਜਦੋਂ ਉਹ ਆਉਂਦੇ ਸਨ ਤਾਂ ਉਹਨਾਂ ਨੂੰ ਫੜ ਕੇ ਸ਼ਹੀਦ ਕਰ ਦਿੱਤਾ ਜਾਂਦਾ ਸੀ। ਅੰਮ੍ਰਿਤਸਰ ਦੀ ਦੀਵਾਲੀ ਦਾ ਮੇਲਾ ਕਈ ਸਾਲਾਂ ਤੋਂ ਲਾਹੌਰ ਦੇ ਹਾਕਮਾਂ ਨੇ ਬੰਦ ਕਰ ਦਿੱਤਾ ਸੀ। ਭਾਈ ਮਨੀ ਸਿੰਘ ਨੇ ਭਾਈ ਸੂਰਤ ਸਿੰਘ ਤੇ ਭਾਈ ਸੁਬੇਗ ਸਿੰਘ ਦੀ ਮੱਦਦ ਨਾਲ ਦੀਵਾਲੀ ਦੇ ਮੌਕੇ 'ਤੇ ਅੰਮ੍ਰਿਤਸਰ ਵਿੱਚ ਮੇਲਾ ਕਰਨ ਦੀ ਲਾਹੌਰ ਦੇ ਸੂਬੇਦਾਰ ਤੋਂ ਆਗਿਆ ਲੈ ਲਈ। ਲਾਹੌਰ ਦੇ ਹਾਕਮਾਂ ਨੇ ਇੱਕ ਸ਼ਰਤ ਤੇ ਮੇਲਾ ਕਰਨ ਦੀ ਆਗਿਆ ਦਿੱਤੀ ਕਿ ਜੇਕਰ ਉਹਨਾਂ ਨੂੰ ਲਾਹੌਰ ਦੇ ਹਾਕਮਾਂ ਨੇ ਇੱਕ ਸ਼ਰਤ ਤੇ ਮੇਲਾ ਕਰਨ ਦੀ ਆਗਿਆ ਦਿੱਤੀ ਕਿ ਜੇਕਰ ਉਹਨਾਂ ਨੂੰ ਬਤੌਰ ਮੇਲਾ ਟੈਕਸ ਪੰਜ ਹਜ਼ਾਰ ਰੁਪਏ ਕੁਝ ਇਤਿਹਾਸਕਾਰਾਂ ਅਨੁਸਾਰ ਦਸ ਹਜ਼ਾਰ ਰੁਪਏ ਅਦਾ ਕੀਤਾ ਜਾਵੇ। ਭਾਈ ਮਨੀ ਸਿੰਘ ਜੀ ਨੇ ਦੂਰ-ਨੇੜੇ ਸਿੱਖ ਸੰਗਤਾਂ ਨੂੰ ਸ੍ਰੀ ਅੰਮ੍ਰਿਤਸਰ ਦੀਵਾਲੀ ਤੇ ਆਉਣ ਲਈ ਸੱਦੇ ਭੇਜ ਦਿੱਤੇ ਗਏ। ਸਾਰੇ ਪ੍ਰਬੰਧ ਮੁਕੰਮਲ ਕਰ ਲਏ ਸਨ। ਦੂਜੇ ਪਾਸੇ ਮੁਗ਼ਲ ਹਾਕਮਾਂ, ਪੰਥ ਵਿਰੋਧੀ ਤਾਕਤਾਂ, ਲਾਹੌਰ ਦਰਬਾਰ ਨੇ ਦਿੱਲੀ ਦੇ ਤਖ਼ਤ ਦੀ ਸਹਿ ਨਾਲ ਇੱਕ ਡੂੰਘੀ ਸਾਜਿਸ਼ ਤਿਆਰ ਕੀਤੀ ਕਿ ਜਦੋਂ ਸਿੱਖ ਵੱਡੀ ਤਾਦਾਦ ਵਿੱਚ ਅੰਮ੍ਰਿਤਸਰ ਇਕੱਠੇ ਹੋਣ ਤਾਂ ਉਹਨਾਂ ਨੂੰ ਘੇਰਾ ਪਾ ਕੇ ਕਤਲ ਕਰ ਦਿੱਤਾ ਜਾਵੇ। ਉਹਨਾਂ ਨੇ ਆਪਣੀਆਂ ਫ਼ੌਜਾਂ ਅੰਮ੍ਰਿਤਸਰ ਦੇ ਆਲੇ-ਦੁਆਲੇ ਉਤਾਰਨੀਆਂ ਸ਼ੁਰੂ ਕਰ ਦਿੱਤੀਆਂ। ਜਿਸ ਕਰਕੇ ਲੋਕ ਮੇਲੇ ਤੇ ਨਾ ਆਏ, ਨਾ ਸੰਗਤ ਇਕੱਠੀ ਹੋਈ ਤੇ ਨਾ ਚੜ੍ਹਾਵੇ ਦੀ ਆਮਦਨ ਹੋਈ। ਭਾਈ ਮਨੀ ਸਿੰਘ ਜੀ ਨੇ ਵੇਲੇ ਸਿਰ ਪਤਾ ਲੱਗ ਜਾਣ 'ਤੇ ਸੰਗਤਾਂ ਨੂੰ ਰੋਕ ਦਿੱਤਾ ਤੇ ਆਪਣੀ ਸੂਝ-ਬੂਝ ਨਾਲ ਕੌਮ ਨੂੰ ਬਚਾ ਲਿਆ।

ਜਦੋਂ ਲਾਹੌਰ ਦੇ ਸੂਬੇਦਾਰ ਨੇ ਮੇਲਾ ਟੈਕਸ (ਜਜੀਆ) ਅਦਾ ਕਰਨ ਲਈ ਭਾਈ ਮਨੀ ਸਿੰਘ ਜੀ ਨੂੰ ਕਿਹਾ ਤਾਂ ਭਾਈ ਮਨੀ ਸਿੰਘ ਜੀ ਨੇ ਉੱਤਰ ਦਿੱਤਾ ਕਿ ਜਦੋਂ ਮੇਲਾ ਲੱਗਾ ਹੀ ਨਹੀਂ ਫਿਰ ਟੈਕਸ ਕਾਹਦਾ ਅਦਾ ਕਰਾਂ। ਭਾਈ ਮਨੀ ਸਿੰਘ, ਪਰਿਵਾਰ ਦੇ ਮੈਂਬਰਾਂ ਤੇ ਨੇੜਲੇ ਸੰਬੰਧੀਆਂ ਨੂੰ ਬੰਦੀ ਬਣਾ ਕੇ ਲਾਹੌਰ ਲਿਜਾਇਆ ਗਿਆ ਜਿੱਥੇ ਉਹਨਾਂ ਨੂੰ ਇਸਲਾਮ ਕਬੂਲ ਕਰਨ ਲਈ ਆਖਿਆ ਤੇ ਭਾਰੀ ਲਾਲਚ ਦਿੱਤੇ ਗਏ। ਭਾਈ ਸਾਹਿਬ ਲਾਹੌਰ ਜੇਲ੍ਹ ਵਿੱਚ ਵੀ ਸਵੇਰੇ-ਸ਼ਾਮ ਨਿੱਤ-ਨੇਮ ਤੇ ਕਥਾ ਜ਼ਰੂਰ ਕਰਦੇ। ਜਦੋਂ ਭਾਈ ਸਾਹਿਬ ਨੇ ਲਾਹੌਰ ਦੇ ਸੂਬੇਦਾਰਾਂ ਵੱਲੋ ਦਿੱਤੇ ਲਾਲਚ ਮੰਨਣ ਤੋਂ ਇਨਕਾਰ ਕਰ ਦਿੱਤਾ ਤਾਂ ਲਾਹੌਰ ਦੇ ਸੂਬੇਦਾਰਾਂ ਨੂੰ ਭਾਈ ਮਨੀ ਸਿੰਘ ਜੀ ਨੇ ਕਿਹਾ ਕਿ ਭਾਵੇਂ ਮੇਰਾ ਬੰਦ-ਬੰਦ ਕੱਟ ਦਿਓ ਪਰ ਮੈਂ ਸਿੱਖੀ ਸਿਦਕ ਨਹੀਂ ਛੱਡ ਸਕਦਾ। ਲਾਹੌਰ ਦੇ ਸੂਬੇਦਾਰਾਂ ਨੇ ਜਲਾਦਾਂ ਨੂੰ ਕਿਹਾ ਕਿ ਭਾਈ ਮਨੀ ਸਿੰਘ ਜੀ ਦਾ ਬੰਦ-ਬੰਦ ਕੱਟ ਦਿੱਤਾ ਜਾਵੇ। ਜਦੋਂ ਜਲਾਦਾਂ ਨੇ ਭਾਈ ਮਨੀ ਸਿੰਘ ਜੀ ਦਾ ਹੱਥ ਪੱਥਰ ਤੇ ਰੱਖ ਕੇ ਵੀਣੀ (ਗੁੱਟ) ਕੋਲੋਂ ਵੱਢਣਾ ਸ਼ੁਰੂ ਕੀਤਾ ਤਾਂ ਭਾਈ ਮਨੀ ਸਿੰਘ ਜੀ ਨੇ ਉਸ ਨੂੰ ਕਿਹਾ ਕਿ ਉਸ ਨੇ ਉਂਗਲੀਆਂ ਦੇ ਕਿੰਨੇ ਜੋੜ ਛੱਡ ਦਿੱਤੇ ਹਨ। ਜਦੋਂ ਉਸ ਨੂੰ ਬੰਦ-ਬੰਦ ਕੱਟਣ ਲਈ ਕਿਹਾ ਗਿਆ ਹੈ ਤਾਂ ਉਹ ਆਪਣੇ ਮਾਲਕ ਦੇ ਹੁਕਮ ਦੀ ਪਾਲਣਾ ਕਿਉਂ ਨਹੀਂ ਕਰਦਾ। ਭਾਈ ਮਨੀ ਸਿੰਘ ਨੂੰ ਅਸਹਿ ਤੇ ਅਕਹਿ ਕਸ਼ਟ ਦਿੰਦਿਆਂ 1734 ਈ: ਨੂੰ ਕੁਝ ਇਤਿਹਾਸਕਾਰਾਂ ਤੇ ਲੇਖਕਾਂ ਅਨੁਸਾਰ ਪਰ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਸੰਮਤ 1794 ਬਿਕਰਮੀ ਹਾੜ ਸੁਦੀ ਪੰਚਮੀ ਸੰਨ 1737 ਈ: (93 ਸਾਲ ਦੀ ਉਮਰ) ਵਿੱਚ ਲਾਹੌਰ ਦੇ ਨਖਾਸ ਚੌਂਕ 'ਚ ਬੰਦ-ਬੰਦ ਕੱਟ ਕੇ ਸ਼ਹੀਦ ਕੀਤਾ। ਮੁਹੰਮਦ ਲਤੀਫ਼ ਨੇ ਭਾਈ ਮਨੀ ਸਿੰਘ ਦਾ ਸ਼ਹੀਦ ਹੋਣਾ ਸੰਮਤ 1785 ਬਿਕਰਮੀ ਮੀਰ ਮੰਨੂ ਦੀ ਅਗਵਾਈ ਵਿੱਚ ਲਿਖਿਆ ਹੈ। ਭਾਈ ਗਿਆਨ ਸਿੰਘ ਮੱਘਰ ਸੁਦੀ 5, ਸੰਮਤ 1795 ਬਿਕਰਮੀ ਸੰਨ 1738 ਈ: ਲਿਖਦਾ ਹੈ। ਭਾਈ ਮਨੀ ਸਿੰਘ ਜੀ ਨੇ ਜਿੱਥੇ ਸ਼ਹੀਦੀ ਪਾਈ, ਉੱਥੇ ਪਵਿੱਤਰ ਸ਼ਹੀਦ ਗੰਜ ਗੁਰਦੁਆਰਾ ਲਾਹੌਰ ਦੇ ਕਿਲ੍ਹੇ ਕੋਲ ਬਣਿਆ ਹੋਇਆ ਹੈ।

ਬ੍ਰਹਮ-ਗਿਆਨੀ ਭਾਈ ਮਨੀ ਸਿੰਘ ਜੀ ਸ਼ਹੀਦ ਦੇ ਜਨਮ-ਦਿਹਾੜੇ ਸੰਬੰਧੀ ਗੁਰਦੁਆਰਾ ਕੈਬੋਵਾਲ ਸਾਹਿਬ ਲੌਂਗੋਵਾਲ ਜ਼ਿਲ੍ਹਾ ਸੰਗਰੂਰ ਵਿਖੇ 4, 5 ਅਤੇ 6 ਫ਼ਰਵਰੀ ਦਿਨ ਐਤਵਾਰ, ਸੋਮਵਾਰ ਤੇ ਮੰਗਲਵਾਰ ਨੂੰ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ । 5 ਫ਼ਰਵਰੀ ਨੂੰ ਦਸਤਾਰ ਸਜਾਉਣ , ਕਵੀਸ਼ਰੀ ਅਤੇ ਕੀਰਤਨ ਮੁਕਾਬਲੇ ਹੋਣਗੇ । ਸਮਾਗਮ ਵਿੱਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਜਥੇਦਾਰ ਸ਼੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਤਖ਼ਤ ਸ਼੍ਰੀ ਦਮਦਮਾ ਸਾਹਿਬ ਇਨਾਮਾਂ ਦੀ ਵੰਡ ਕਰਨਗੇ ।

**-ਕਰਨੈਲ ਸਿੰਘ ਐੱਮ.ਏ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ**

## ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਖਿਲਾਫ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਫਿਰ ਕੀਤੀ ਸ਼ਿਕਾਇਤ

# ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਵੱਲੋਂ ਕੀਤੇ ਗੁਨਾਹਾਂ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ: ਕਾਲਕਾ, ਕਾਹਲੋਂ

ਨਵੀਂ ਦਿੱਲੀ, 3 ਫਰਵਰੀ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅਕਾਲੀ ਆਗੂਆਂ ਸਰਦਾਰ ਪਰਮਜੀਤ ਸਿੰਘ ਸਰਨਾ, ਸਰਦਾਰ ਹਰਵਿੰਦਰ ਸਿੰਘ ਸਰਨਾ ਤੇ ਸਰਦਾਰ ਮਨਜੀਤ ਸਿੰਘ ਜੀ.ਕੇ. ਖਿਲਾਫ ਇਕ ਵਾਰ ਫਿਰ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਕਰ ਕੇ ਉਹਨਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਹੈ। ਸਿੰਘ ਸਾਹਿਬ ਨੂੰ ਲਿਖੇ ਪੱਤਰ ਵਿਚ ਸਰਦਾਰ ਕਾਲਕਾ ਤੇ ਸਰਦਾਰ

ਆਵਾਜ਼ਿ ਕੌਮ AWAZE QAUM International Newspaper & WEB TV

ਕਾਹਲੋਂ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜੋ ਕਿ ਸਿੱਖਾਂ ਦੀ ਦੁਨੀਆ ਦੀ ਦੂਜੀ ਸਭ ਤੋਂ ਵੱਡੀ ਚੁਣੀ ਹੋਈ ਧਾਰਮਿਕ ਜਥੇਬੰਦੀ ਹੈ, ਨੇ ਆਪ ਜੀ ਨੂੰ ਪਹਿਲਾਂ ਵੀ ਪੱਤ੍ਰਿਕਾ ਨੰ. 9406/2-6 ਮਿਤੀ 24-11-2023 ਰਾਹੀਂ ਸਨਿਮਰ ਬੇਨਤੀ ਕੀਤੀ ਸੀ ਕਿ ਸ੍ਰ. ਪਰਮਜੀਤ ਸਿੰਘ ਸਰਨਾ, ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ (ਬਾਦਲ) ਦਿੱਲੀ ਇਕਾਈ ਅਤੇ ਸ੍ਰ. ਮਨਜੀਤ ਸਿੰਘ ਜੀ.ਕੇ. ਵਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪਵਿੱਤਰ ਸ਼ਹੀਦੀ ਅਸਥਾਨ ਗੁਰਦੁਆਰਾ ਰਕਾਬ ਗੰਜ ਸਾਹਿਬ, ਨਵੀਂ ਦਿੱਲੀ ਵਿਖੇ ਮਿਤੀ 18-11-2023 ਨੂੰ ਬੇਲੋੜਾ ਪ੍ਰਦਰਸ਼ਨ, ਨਾਅਰੇਬਾਜ਼ੀ ਅਤੇ ਹੁਲੜਬਾਜ਼ੀ ਕੀਤੀ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪ੍ਰਬੰਧਕਾਂ ਨੂੰ ਸੋਸ਼ਲ ਮੀਡੀਆ ਅਤੇ ਦੂਜੇ ਪਲੇਟਫਾਰਮਾਂ 'ਤੇ ਬਦਨਾਮ ਕਰਨ ਦੇ ਦੋਸ਼ ਵਿਚ ਇਨ੍ਹਾਂ ਦੇ ਖਿਲਾਫ ਯੋਗ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਸੀ ਪਰ 2 ਮਹੀਨੇ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਵੀ ਹੁਣ ਤੱਕ ਸਾਡੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ।

ਉਹਨਾਂ ਸਿੰਘ ਸਾਹਿਬ ਨੂੰ ਇਹ ਵੀ ਬੇਨਤੀ ਕੀਤੀ ਕਿ ਇਸ ਤੋਂ ਇਲਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪਤ੍ਰਿਕਾ ਨੰ. 73/2-6 ਮਿਤੀ 04-01-2023 ਰਾਹੀਂ ਜਿਸ ਵਿਚ ਸ੍ਰ. ਪਰਮਜੀਤ ਸਿੰਘ ਸਰਨਾ ਅਤੇ ਸ੍ਰ. ਹਰਵਿੰਦਰ ਸਿੰਘ ਸਰਨਾ ਜੋ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਮੈਂਬਰ ਅਤੇ ਉਨ੍ਹਾਂ ਦੇ ਪਰਿਵਾਰ ਸ਼ਰਾਬ ਦੇ ਵੱਡੇ ਵਪਾਰੀ ਹਨ, ਦੀ ਸ਼ਿਕਾਇਤ ਸਬੂਤਾਂ ਸਹਿਤ ਕੀਤੀ ਗਈ ਸੀ ਪਰੰਤੂ ਬੜੇ ਦੁਖੀ ਹਿਰਦੇ ਨਾਲ ਕਹਿਣਾ ਪੈ ਰਿਹਾ ਹੈ ਕਿ 1 ਸਾਲ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਵੀ ਸਿੱਖਾਂ ਦੀ ਦੂਜੀ ਸਭ ਤੋਂ ਵੱਡੀ ਜਥੇਬੰਦੀ ਉਚਿਤ ਕਾਰਵਾਈ ਲਈ ਬਾਰ-ਬਾਰ ਬੇਨਤੀ ਕਰ ਰਹੀ ਹੈ।



ਉਹਨਾਂ ਅਪੀਲ ਕੀਤੀ ਕਿ ਕੀ ਅਸੀਂ ਇਨ੍ਹਾਂ ਵਿਰੁੱਧ ਕਾਰਵਾਈ ਨਾ ਕਰਕੇ ਪੰਥ ਨੂੰ ਇਹ ਦੱਸਣਾ ਚਾਹੁੰਦੇ ਹਾਂ ਕਿ ਗੁਰਦੁਆਰਾ ਕਮੇਟੀ ਦੇ ਮੈਂਬਰ ਦਾ ਨਸ਼ੇ ਦਾ ਕਾਰੋਬਾਰ ਕਰਨਾ ਜਾਇਜ਼ ਹੈ, ਗੁਰਦੁਆਰਾ ਸਾਹਿਬ ਦੇ ਅੰਦਰ ਹੁਲੜਬਾਜ਼ੀ ਅਤੇ ਨਾਅਰੇਬਾਜ਼ੀ ਕਰਨਾ ਜਾਇਜ਼ ਹੈ ?

ਉਹਨਾਂ ਕਿਹਾ ਕਿ ਅਸੀਂ ਉਮੀਦ ਕਰਦੇ ਹਾਂ ਕਿ ਪੰਥ ਦੇ ਹਿਤਾਂ ਨੂੰ ਮੁੱਖ ਰੱਖਦੇ ਹੋਏ ਅਤੇ ਦੂਸਰਿਆਂ ਲਈ ਮਿਸਾਲ ਕਾਇਮ ਕਰਨ ਲਈ ਆਪ ਜੀ ਇਨ੍ਹਾਂ ਵਿਰੁੱਧ ਜਲਦ ਤੋਂ ਜਲਦ ਯੋਗ ਕਾਰਵਾਈ ਕਰੋਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮਾਨ ਸਰਕਾਰ ਨੌਜਵਾਨਾਂ 'ਚ ਖੇਡਾਂ ਦੇ ਮਿਆਰ ਨੂੰ

# ਉੱਚਾ ਚੁੱਕਣ ਲਈ ਵਚਨਬੱਧ : ਥਿਆੜਾ, ਘਨੌਰ, ਘੁੱਲੀ



**ਲੁਧਿਆਣਾ (ਰਣਜੀਤ ਸਿੰਘ ਪੇਧਨੀ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕਰਨ ਦੇ ਲਈ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਦਾ ਗਠਨ ਕੀਤਾ ਗਿਆ ਹੈ ਜਿਸ ਦੀ ਪਹਿਲੀ ਮੀਟਿੰਗ ਲੁਧਿਆਣਾ ਵਿਖੇ ਹੋਈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਰਾਜਵਿੰਦਰ ਕੌਰ ਥਿਆੜਾ ਇੰਨਚਾਰਜ ਸਪੋਰਟਸ ਵਿੰਗ ਪੰਜਾਬ, ਮਨਿੰਦਰ ਸਿੰਘ ਵਿੱਕੀ ਘਨੌਰ ਪ੍ਰਧਾਨ ਸਪੋਰਟਸ ਵਿੰਗ ਪੰਜਾਬ ਅਤੇ ਸ,ਰਾਜਵੰਤ ਸਿੰਘ ਘੁੱਲੀ ਜਰਨਲ ਸਕੱਤਰ ਸਪੋਰਟਸ ਵਿੰਗ ਪੰਜਾਬ, ਚੇਅਰਮੈਨ ਮਾਰਕਿਟ ਕਮੇਟੀ ਧੂਰੀ ਵਿਸ਼ੇਸ ਤੌਰ 'ਤੇ ਸਾਮਿਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇਨਚਾਰਜ ਮੈਡਮ ਥਿਆੜਾ, ਵਿੱਕੀ ਘਨੌਰ ਅਤੇ ਚੇਅਰਮੈਨ ਘੁੱਲੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਨੌਜਵਾਨਾਂ ਨੂੰ ਚਿੱਟੇ ਵਰਗੇ ਨਸ਼ਿਆਂ ਤੇ ਲਾ ਕੇ ਪੰਜਾਬ ਦੀ ਕਿਸਾਨੀ ਅਤੇ ਜਵਾਨੀ ਨੂੰ ਬਰਬਾਦ ਕੀਤਾ ਗਿਆ। ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਦੇ ਲਈ ਸਪੋਰਟਸ ਵਿੰਗ ਤਿਆਰ ਕੀਤਾ ਗਿਆ ਹੈ, ਜੋ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰੇਗਾ ਅਤੇ ਖੇਡਾਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਮਾਨ ਸਰਕਾਰ ਵੱਲੋਂ ਵੱਡੇ ਪੱਧਰ ਤੇ ਇਨਾਮ ਵੀ ਮੁਹੱਈਆ ਕਰਵਾਏ ਜਾਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਆਪ ਆਗੂ ਭਿੰਦਾ ਵਿਰਕ, ਆਪ ਆਗੂ ਬਿੱਲਾ ਸਾਹੀਵਾਲ ਤੋਂ ਇਲਾਵਾ ਸਪੋਰਟਸ ਵਿੰਗ ਦੇ ਆਗੂ ਤੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਪਿੰਡ ਅਰਜਨ ਮਾਂਗਾਂ ਅਤੇ ਉਦੋਂ ਨੰਗਲ ਵਿੱਚ

# ਫਲਾਈਓਵਰ ਦੀ ਮੰਗ ਨੇ ਫੜਿਆ ਜ਼ੋਰ



**ਚੌਂਕ ਮਹਿਤਾ, 3 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)** - ਭਾਵੇਂ ਕਿ ਦਿੱਲੀ ਤੋਂ ਜੰਮੂ ਕਟੜਾ ਵਾਇਆ ਅੰਮ੍ਰਿਤਸਰ ਮਹਿਤਾ ਐਕਸਪ੍ਰੈਸ ਰੋਡ ਦੀ ਉਸਾਰੀ ਦਾ ਕੰਮ ਬੜੀ ਤੇਜ਼ੀ ਨਾਲ ਹੋ ਰਿਹਾ ਹੈ, ਪਰ ਨਾਲ ਨਾਲ ਹੀ ਲੋਕਾਂ ਵਲੋਂ ਰਸਤੇ ਦੇ ਪਿੰਡਾਂ ਨੂੰ ਆਪਸ ਵਿੱਚ ਜੋੜਦੀਆਂ ਲਿੰਕ ਸੜਕਾਂ ਲਈ ਮੁੱਖ ਸੜਕ ਦੇ ਹੇਠੋਂ ਦੀ ਲੰਘਣ ਲਈ ਫਲਾਈਓਵਰ ਪੁੱਲ ਦੀ ਮੰਗ ਵੀ ਹੋ ਰਹੀ ਹੈ। ਪਿੰਡ ਅਰਜਨ ਮਾਂਗਾ ਨੇੜਲੇ ਪਿੰਡ, ਕਲੇਰ ਬਾਲਾਪਾਈ, ਉਦੋਕੇ ਖੁਰਦ, ਝਾਮਕਾ, ਕਲੇਰ ਬਲਾ, ਲਾਧੂਭਾਨਾ, ਗੁਰਦਆਰਾ ਨਾਗੀਅਨ ਸਾਹਿਬ, ਜਨਮ ਅਸਥਾਨ ਬਾਬਾ ਬੁੱਢਾ ਸਾਹਿਬ ਕੱਥੂ ਨੰਗਲ, ਮਹਿਮੂਦਪੁਰ, ਸਿਆਲਕਾ, ਬਠੂ ਚਕ, ਬਾਲਾ ਚਕ, ਥੇਹ ਅਰਜਨ ਮਾਂਗਾ, ਟਾਹਲੀ ਸਾਹਿਬ, ਕਾਜੀ ਕੋਟ, ਅਠਵਾਲ ਸਮੇਤ ਹੋਰ ਤਕਰੀਬਨ 60 ਪਿੰਡਾਂ ਦੀਆਂ ਪੰਚਾਇਤਾਂ ਵਲੋਂ ਲਿਖਤੀ ਮਤੇ ਪਾ ਕੇ ਸਰਕਾਰ ਨੂੰ ਭੇਜੇ ਜਾ ਰਹੇ ਹਨ ਕਿ ਨਵੀਂ ਬਣ ਰਹੀ ਅੰਮ੍ਰਿਸਰ ਤੋਂ ਮਹਿਤਾ ਰੋਡ ਉੱਤੇ ਅਰਜਨ ਮਾਂਗਾ ਅਤੇ ਉਦੋਨੰਗਲ ਦੇ ਲਾਂਘੇ ਦਰਮਿਆਨ ਪੁੱਲ ਬਣਾਇਆ ਜਾਵੇ, ਕਿਉਂਕਿ ਇਹਨਾਂ ਪਿੰਡਾਂ ਦੀ ਜਨਤਾ ਨੂੰ ਪਹਿਲਾਂ ਸੋਰੂ ਪੱਡਾ ਜਾ ਕਿ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਅਕਸਰ ਹੀ ਵਾਇਆ ਪਿੰਡ ਉਦੋਨੰਗਲ ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਕੰਮਾਂ, ਇਲਾਕੇ ਦੇ ਇਤਿਹਾਸਕ ਧਾਰਮਿਕ ਸਥਾਨ ਗੁਰਦਵਾਰਾ ਬਾਬਾ ਬਕਾਲਾ ਸਾਹਿਬ ਅਤੇ ਬੁੱਟਰ ਸ਼ੂਗਰ ਮਿੱਲ ਵਿੱਚ ਗੰਨੇ ਦੀਆਂ ਟਰਾਲੀਆਂ ਲੈ ਕੇ ਜਾਣਾ ਹੁੰਦਾ ਹੈ। ਇਹਨਾਂ ਪਿੰਡਾਂ ਦੇ ਲੋਕਾਂ ਨੇ ਐਸ ਡੀ ਐਮ ਬਾਬਾ ਬਕਾਲਾ ਸਾਹਿਬ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਅਤੇ ਸਬੰਧਤ ਸੜਕੀ ਵਿਭਾਗ ਨੂੰ ਵੀ ਕਿਹਾ ਗਿਆ ਹੈ ਕਿ ਜੇਕਰ ਸਾਡੇ ਇਲਾਕੇ ਦੀ ਇਹ ਮੰਗ ਪੂਰੀ ਨਾ ਹੋਈ ਤਾਂ ਉਹ ਇਸ ਸਥਾਨ ਉੱਪਰ ਪੱਕਾ ਧਰਨਾ ਲਗਾਉਣਗੇ। ਸਮਾਜ ਸੇਵੀ ਪ੍ਰਿੰਸੀਪਲ ਸ, ਗੁਰਮੁੱਖ ਸਿੰਘ ਅਰਜਨ ਮਾਂਗਾਂ ਨੇ ਪੱਤਰਕਾਰਾ ਨਾਲ ਗੱਲ ਬਾਤ ਕਰਦੇ ਹੋਏ ਦੱਸਿਆ। ਇਸ ਦੌਰਾਨ ਸਰਪੰਚ ਸ੍ਰੀ ਮਤੀ ਪਲਵਿੰਦਰ ਕੌਰ ਮਹਿਮੂਦਪੁਰ , ਸਰਪੰਚ ਸ੍ਰੀ ਮਤੀ ਹਰਜਿੰਦਰ ਕੌਰ ਅਰਜਨ ਮਾਂਗਾਂ, ਸੁਖਜਿੰਦਰ ਕੌਰ ਸਰਪੰਚ ਸਿਆਲਕਾ, ਸਤਨਾਮ ਸਿੰਘ ਸਰਪੰਚ ਕਾਜੀਕੋਟ, ਦਲਬੀਰ ਸਿੰਘ ਸਰਪੰਚ ਬੱਠੂ ਚੱਕ, ਅੰਗਰੇਜ ਸਿੰਘ ਸਰਪੰਚ ਖੈੜੇ ਬਾਲਾ ਚੱਕ, ਕੰਵਲਜੀਤ ਸਿੰਘ ਸਰਪੰਚ ਟਾਹਲੀ ਸਾਹਿਬ, ਆਦਿ ਤਕਰੀਬਨ 60 ਪੰਚਾਇਤਾਂ ਨੇ ਮਤੇ ਪਾ ਕੇ ਦਿੱਤੇ।

# ਅਕਾਲੀ ਦਲ ਦੀ ਪੰਜਾਬ ਬਚਾਓ ਯਾਤਰਾ ਨੌਜਵਾਨਾਂ 'ਚ ਜੋਸ਼ ਪੈਦਾ ਕਰੇਗੀ: ਚੰਦੂਮਾਜਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਚ ਅੰਮ੍ਰਿਤਸਰ ਦੇ ਅਟਾਰੀ ਬਾਰਡਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਕੱਢੀ ਜਾ ਰਹੀ " ਪੰਜਾਬ ਬਚਾਓ ਯਾਤਰਾ " ਪੰਜਾਬ ਵਿੱਚ ਨਵਾਂ ਸੰਕਲਪ ਲੈ ਕੇ ਆਵੇਗੀ ਅਤੇ ਨੌਜਵਾਨਾਂ ਚ ਨਵਾਂ ਜੋਸ ਪੈਦਾ ਕਰੇਗੀ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਸ, ਪ੍ਰੇਮ ਸਿੰਘ ਚੰਦੂਮਾਜਰਾ ਸਾਬਕਾਂ ਮੈਬਰ ਪਾਰਲੀਮੈਂਟ ਨੇ ਕੀਤਾ। ਅੱਜ ਉਹ ਆਪਣੇ ਸਪੁੱਤਰ ਸਾਬਕਾ ਵਿਧਾਇਕ ਸ, ਹਰਿੰਦਰਪਾਲ ਸਿੰਘ ਚੰਦੂਮਾਜਰਾ ਦੇ ਨਾਲ ਨੌਜਵਾਨ ਆਗੂ ਦੀਪ ਘੁਮਾਣ ਆਸਟਰੇਲੀਆ ਅਤੇ ਸਰਪੰਚ ਰਾਜੂ ਰੰਗੀਆਂ ਦੇ ਘਰ ਪਿੰਡ ਰੰਗੀਆਂ ਵਿਖੇ ਵਿਸ਼ੇਸ ਤੌਰ 'ਤੇ ਮਿਲਣ ਲਈ ਪਹੁੰਚੇ ਸਨ । ਉਹਨਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਉਹ ਪੰਜਾਬ ਦੇ ਨੌਜਵਾਨਾਂ ਨੂੰ ਧੜਾ ਧੜ ਝੂਠੇ ਕੇਸ ਬਣਾ ਕੇ ਜੇਲਾਂ ਵਿੱਚ ਸੁੱਟ ਰਹੀ ਹੈ, ਜਦੋਂ ਉਹਨਾਂ ਨੌਜਵਾਨਾਂ ਨੂੰ ਛਡਾਉਣ ਲਈ ਸੰਘਰਸ਼ ਕਰਨ ਦੀ ਲੋੜ ਪੈਂਦੀ ਹੈ ਤਾਂ ਉਸ ਸੰਘਰਸ਼ ਨੂੰ ਵੱਡੇ ਪੱਧਰ ਤੇ ਰੋਕ ਕੇ ਲੋਕਤੰਤਰ ਦਾ ਘਾਣ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀਆਂ ਸਾਰੀਆਂ ਸੀਟਾਂ ਤੇ ਜਿੱਤ ਪ੍ਰਾਪਤ ਕਰੇਗਾ ਕਿਉਂਕਿ ਅਕਾਲੀ ਦਲ ਦੀਆਂ ਹੋ ਰਹੀਆਂ ਮੀਟਿੰਗਾਂ ਤੋਂ ਅੰਦਾਜਾਂ ਲਗਾਇਆ ਜਾ ਸਕਦਾ ਹੈ ਜੋ ਕਿ ਰੈਲੀਆਂ ਦਾ ਰੂਪ ਧਾਰਨ ਕਰ ਰਹੀਆ ਹਨ।

# ਸੰਗਰੂਰ ਵਿਖੇ ਸੀ.ਐਮ. ਦੀ ਰਿਹਾਇਸ਼ ਦੇ ਜ਼ਮਹੂਰੀਅਤ ਪੱਖੀ ਘਿਰਾਓ ਦੇ ਮੌਕੇ ਸਰਕਾਰ ਵੱਲੋ ਕੀਤਾ ਜ਼ਬਰ-ਜੁਲਮ ਅਸਹਿ ਤੇ ਨਿੰਦਣਯੋਗ : ਮਾਨ



ਨਵੀਂ ਦਿੱਲੀ, 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- "ਸ. ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਵੱਲੋਂ ਪੰਜਾਬੀਆਂ ਅਤੇ ਸਿੱਖ ਕੌਮ ਦੇ ਵਿਧਾਨਿਕ ਜਮਹੂਰੀ ਹੱਕਾਂ ਨੂੰ ਕੁੱਚਲਣ ਸੰਬੰਧੀ ਜੋ ਜ਼ਬਰ ਢਾਹਿਆ ਜਾ ਰਿਹਾ ਹੈ, ਜਿਸ ਅਧੀਨ ਬੀਤੇ ਕੱਲ੍ਹ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਧੂਰੀ ਵਿਖੇ ਰੱਖੇ ਗਏ ਰੋਸ਼ ਧਰਨੇ ਉਤੇ ਪੰਜਾਬੀਆਂ ਤੇ ਸਿੱਖਾਂ ਨੂੰ ਪਹੁੰਚਣ ਤੋ ਰੋਕਣ ਲਈ ਜੋ ਘਰਾਂ ਵਿਚ ਨਜਰਬੰਦ ਕੀਤੇ, ਥਾਂ-ਥਾਂ ਬੈਰੀਕੇਡ ਲਗਾਕੇ ਰੁਕਾਵਟਾਂ ਖੜ੍ਹੀਆ ਕੀਤੀਆ, ਇਹ ਇਥੋ ਦੇ ਨਿਵਾਸੀਆ ਦੇ ਜਮਹੂਰੀ ਹੱਕਾਂ ਦਾ ਘਾਣ ਕਰਨ ਵਾਲੀਆ ਕਾਰਵਾਈਆ ਹਨ । ਅੱਜ ਜਦੋ ਸਮੁੱਚੀਆਂ ਕਿਸਾਨ ਜਥੇਬੰਦੀਆਂ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਹੋਰ ਸਿਆਸੀ ਤੇ ਸਮਾਜਿਕ ਸੰਗਠਨਾਂ ਵੱਲੋ ਸਾਂਝੇ ਤੌਰ ਤੇ ਸੰਗਰੂਰ ਵਿਖੇ ਸ. ਭਾਨਾ ਸਿੱਧੂ ਦੀ ਫੌਰੀ ਰਿਹਾਈ ਲਈ ਜਮਹੂਰੀਅਤ ਢੰਗ ਨਾਲ ਮੁੱਖ ਮੰਤਰੀ ਦੀ ਰਿਹਾਇਸ ਵਿਖੇ ਰੋਸ ਧਰਨਾ ਦਿੱਤਾ ਜਾਣਾ ਸੀ, ਤਾਂ ਉਥੇ ਪਹੁੰਚਣ ਵਾਲੀਆ ਸੰਗਤਾਂ ਉਤੇ ਪੁਲਿਸ ਵੱਲੋ ਬੇਰਹਿੰਮੀ ਨਾਲ ਲਾਠੀਚਾਰਜ ਕਰਕੇ ਨਿਰਦੋਸ਼ ਨਿਵਾਸੀਆ ਨੂੰ ਜਖ਼ਮੀ ਕਰਨ ਅਤੇ ਉਨ੍ਹਾਂ ਦੇ ਰੋਸ ਕਰਨ ਦੇ ਹੱਕ ਖੋਹਣ ਦੀ ਕਾਰਵਾਈ ਅਤਿ ਸ਼ਰਮਨਾਕ ਅਤੇ ਨਿੰਦਣਯੋਗ ਹੈ । ਜਿਸਦੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਨੂੰ ਖ਼ਬਰਦਾਰ ਕਰਦਾ ਹੈ ਕਿ ਉਹ ਪੰਜਾਬੀਆਂ ਤੇ ਸਿੱਖ ਕੌਮ ਦੇ ਵਿਧਾਨਿਕ ਅਧਿਕਾਰਾਂ ਨੂੰ ਕੁੱਚਲਕੇ ਤਾਨਸਾਹੀ ਨੀਤੀਆ ਅਧੀਨ ਜੋ ਅਮਲ ਕਰ ਰਹੇ ਹਨ, ਉਨ੍ਹਾਂ ਨੂੰ ਸਹਿਣ ਨਹੀ ਕੀਤਾ ਜਾਵੇਗਾ ਅਤੇ ਇਸਦੇ ਨਿਕਲਣ ਵਾਲੇ ਨਤੀਜਿਆ ਲਈ ਪੰਜਾਬ ਦੀ ਮੌਜੂਦਾ ਸਰਕਾਰ ਸਿੱਧੇ ਤੌਰ ਤੇ ਜਿੰਮੇਵਾਰ ਹੋਵੇਗੀ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅੱਜ ਸਮੁੱਚੀਆਂ ਕਿਸਾਨ ਯੂਨੀਅਨਾਂ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਸਿਆਸੀ, ਧਾਰਮਿਕ ਸੰਗਠਨਾਂ ਵੱਲੋ ਸਾਂਝੇ ਤੌਰ ਤੇ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ ਉਤੇ ਦਿੱਤੇ ਜਾਣ ਵਾਲੇ ਧਰਨੇ ਨੂੰ ਦਮਨਮਕਾਰੀ ਨੀਤੀਆ ਤੇ ਅਮਲਾਂ ਅਧੀਨ ਜ਼ਬਰ ਢਾਹੁਣ, ਬੀਤੀ ਰਾਤ ਵੱਡੀ ਗਿਣਤੀ ਵਿਚ ਬਠਿੰਡਾ, ਮਾਨਸਾ, ਸੰਗਰੂਰ, ਬਰਨਾਲਾ, ਪਟਿਆਲਾ, ਲੁਧਿਆਣਾ, ਫਤਹਿਗੜ੍ਹ ਸਾਹਿਬ ਆਦਿ ਜ਼ਿਲ੍ਹਿਆਂ ਵਿਚ ਛਾਪੇ ਮਾਰਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਕਿਸਾਨ ਯੂਨੀਅਨਾਂ ਦੇ ਅਹੁਦੇਦਾਰਾਂ, ਵਰਕਰਾਂ ਨੂੰ ਗ੍ਰਿਫਤਾਰ ਕਰਨ ਜਾਂ ਘਰਾਂ ਵਿਚ ਨਜਰਬੰਦ ਕਰਨ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਬੀਤੇ ਸਮੇ ਦੀਆਂ ਮੁਗਲਾਂ, ਅਫਗਾਨਾਂ, ਅੰਗਰੇਜ਼ਾਂ ਅਤੇ ਇੰਡੀਆ ਦੇ ਹਿੰਦੂਤਵ ਕੱਟੜਪੰਥੀਆ ਦੀਆਂ ਸਰਕਾਰਾਂ ਨੇ ਸਿੱਖ ਕੌਮ ਤੇ ਪੰਜਾਬੀਆਂ ਦੀ ਹੱਕ ਸੱਚ ਦੀ ਆਵਾਜ ਨੂੰ ਦਬਾਉਣ ਲਈ ਵੱਡੇ ਜੁਲਮ ਕਰਦੇ ਰਹੇ ਹਨ । ਪਰ ਸਿੱਖ ਕੌਮ ਨੇ ਕਦੀ ਵੀ ਆਪਣੀ ਆਜਾਦੀ ਅਤੇ ਹੱਕ ਸੱਚ ਦੀ ਗੱਲ ਕਰਨ ਤੋ ਪਿੱਛੇ ਨਹੀ ਹੱਟੇ ਬਲਕਿ ਜਮਹੂਰੀਅਤ ਅਤੇ ਅਮਨਮਈ ਢੰਗ ਨਾਲ ਸੰਘਰਸ ਕਰਦੇ ਹੋਏ ਫਤਹਿ ਪ੍ਰਾਪਤ ਕਰਦੇ ਰਹੇ ਹਨ । ਹੁਣ ਵੀ ਜੋ ਪੰਜਾਬ ਤੇ ਸੈਟਰ ਸਰਕਾਰਾਂ ਨੇ ਦਮਨਕਾਰੀ ਨੀਤੀਆ ਅਪਣਾਈਆ ਹੋਈਆ ਹਨ, ਪੰਜਾਬੀਆਂ ਉਤੇ ਜ਼ਬਰ ਢਾਹਿਆ ਜਾ ਰਿਹਾ ਹੈ, ਉਸ ਵਿਰੁੱਧ ਉੱਠਣ ਵਾਲੀ ਸਮੂਹਿਕ ਇਨਸਾਫ ਦੀ ਆਵਾਜ ਨੂੰ ਇਹ ਹੁਕਮਰਾਨ ਨਹੀ ਦਬਾਅ ਸਕਣਗੇ ਅਤੇ ਅਸੀ ਇਨਸਾਫ ਪ੍ਰਾਪਤ ਕਰਕੇ ਰਹਾਂਗੇ । ਇਸ ਲਈ ਪੰਜਾਬ ਸਰਕਾਰ ਨੂੰ ਸਾਡੀ ਇਹ ਨੇਕ ਰਾਏ ਹੈ ਕਿ ਉਹ ਪੰਜਾਬ ਦੇ ਨਿਵਾਸੀਆ, ਕਿਸਾਨ ਯੂਨੀਅਨਾਂ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਹੋਰ ਸਿਆਸੀ, ਧਾਰਮਿਕ ਸੰਗਠਨਾਂ ਵੱਲੋ ਸਾਂਝੇ ਤੌਰ ਤੇ ਸ. ਭਾਨਾ ਸਿੱਧੂ ਦੀ ਰਿਹਾਈ ਲਈ ਜਮਹੂਰੀਅਤ ਢੰਗ ਨਾਲ ਕੀਤੇ ਜਾ ਰਹੇ ਰੋਸ ਵਿਖਾਵਿਆ ਉਤੇ ਜ਼ਬਰ ਕਰਨਾ ਬੰਦ ਕਰਕੇ ਨਿਰਦੋਸ਼ ਭਾਨਾ ਸਿੱਧੂ ਨੂੰ ਰਿਹਾਅ ਕਰਨ ਦੇ ਅਮਲ ਕਰਨ ਤਾਂ ਇਹ ਜਿਥੇ ਪੰਜਾਬ ਸਰਕਾਰ ਲਈ ਬਿਹਤਰ ਹੋਵੇਗਾ, ਉਥੇ ਪੰਜਾਬ ਦੇ ਅਮਨ ਚੈਨ ਤੇ ਜਮਹੂਰੀਅਤ ਨੂੰ ਕਾਇਮ ਰੱਖਣ ਵਿਚ ਵੀ ਸਹਾਈ ਹੋਵੇਗਾ ।

# ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਦੇ ਦਰਵਾਜ਼ੇ ਅੱਗੇ ਸਰਕਾਰ ਦੀ ਮਸ਼ਹੂਰੀ ਲਈ ਲਗਾਈਆਂ ਸਕ੍ਰੀਨਾਂ ਨੂੰ ਤੁਰੰਤ ਹਟਾਇਆ ਜਾਵੇ -ਐਡਵੋਕੇਟ ਧਾਮੀ



ਨਵੀਂ ਦਿੱਲੀ, 3 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਆਉਂਦੇ ਵਿਰਾਸਤੀ ਮਾਰਗ 'ਤੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਆਪਣੀ ਮਸ਼ਹੂਰੀ ਲਈ ਹੋਰ ਸਕ੍ਰੀਨਾਂ ਲਗਾ ਕੇ ਇੱਥੋਂ ਦੇ ਅਧਿਆਤਮਿਕ ਵਾਤਾਵਰਣ ਨੂੰ ਖੰਡਤ ਕਰਨ ਦੇ ਯਤਨਾਂ ਦੀ ਸ਼ਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਆਪਣੀਆਂ ਮਸ਼ਹੂਰੀਆਂ ਦੀ ਹੋਰ ਭਰਮਾਰ ਕਰਵਾਉਣ ਵਾਸਤੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਂਦੇ ਵਿਰਾਸਤੀ ਮਾਰਗ ਉੱਤੇ ਹੋਰ ਸਕ੍ਰੀਨਾਂ ਲਗਾਈਆਂ ਗਈਆਂ ਹਨ, ਜੋ ਅਧਿਆਤਮਿਕ ਵਾਤਾਵਰਣ ਨੂੰ ਖੰਡਤ ਕਰਨ ਦਾ ਯਤਨ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਦਾ ਚੌਗਿਰਦਾ ਧਾਰਮਿਕ ਮਾਹੌਲ ਵਾਲਾ ਹੁੰਦਾ ਹੈ, ਜਿੱਥੇ ਸੰਗਤ ਕੇਵਲ ਗੁਰੂ ਸਾਹਿਬ ਦੇ ਉਪਦੇਸ਼ ਸਰਵਣ ਕਰਨ ਲਈ ਆਉਂਦੀ ਹੈ। ਇੱਥੇ ਕੇਵਲ ਗੁਰਬਾਣੀ ਦਾ ਉਜਾਲਾ ਹੋਣਾ ਚਾਹੀਦਾ ਹੈ ਨਾ ਕਿ ਸਰਕਾਰ ਦੀਆਂ ਅਖੌਤੀ ਪ੍ਰਾਪਤੀਆਂ ਦਾ ਹਨੇਰਾ। ਉਨ੍ਹਾਂ ਕਿਹਾ ਕਿ ਸ੍ਰੀ ਭਗਵੰਤ ਮਾਨ ਵੱਲੋਂ ਗੁਰੂ ਘਰਾਂ ਦੇ ਆਲੇ-ਦੁਆਲੇ ਨੂੰ ਵੀ ਨਹੀਂ ਬਖ਼ਸ਼ਿਆ ਜਾ ਰਿਹਾ ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਸ਼ਰਧਾ ਨਾਲ ਨਤਮਸਤਕ ਹੋਣ ਆਉਂਦੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸੰਗਤ ਵੱਲੋਂ ਗੁਰਦੁਆਰਾ ਸ੍ਰੀ ਸੰਤੋਖਸਰ ਸਾਹਿਬ ਦੇ ਮੁੱਖ ਦਰਵਾਜ਼ੇ 'ਤੇ ਲਗਾਈ ਗਈ ਸਕ੍ਰੀਨ ਸਬੰਧੀ ਇਤਰਾਜ਼ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਸਿੱਖ ਮਰਯਾਦਾ ਅਤੇ ਸੰਗਤ ਦੀਆਂ ਭਾਵਨਾਵਾਂ ਦੇ ਵਿਰੁੱਧ ਸਰਕਾਰ ਦੀਆਂ ਮਸ਼ਹੂਰੀਆਂ ਲਈ ਲਗਾਈਆਂ ਇਨ੍ਹਾਂ ਸਕ੍ਰੀਨਾਂ ਨੂੰ ਤੁਰੰਤ ਹਟਾਇਆ ਜਾਵੇ।

# ਨੋਟਿਸ ਜਾਰੀ ਹੋਣ ਤੋਂ ਬਾਅਦ ਸਿੱਧੂ ਦਾ ਕਾਂਗਰਸ ਛੱਡਣਾ ਤੈਅ !



**ਚੰਡੀਗੜ੍ਹ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ 'ਚ ਲੱਗੀ ਹੋਈ ਹੈ। ਉਹ ਪੰਜਾਬ ਵਿੱਚ ਆਪਣੀ ਚੋਣ ਰਣਨੀਤੀ ਬਣਾਉਣ ਦੀ ਤਿਆਰੀ ਕਰ ਰਿਹਾ ਹੈ। ਇਸ ਦੇ ਮੱਦੇਨਜ਼ਰ 1 ਫਰਵਰੀ ਨੂੰ ਕਾਂਗਰਸ ਚੋਣ ਕਮੇਟੀ ਦੀ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਤੋਂ ਪਾਰਟੀ ਆਗੂ ਨਵਜੋਤ ਸਿੰਘ ਸਿੱਧੂ ਗਾਇਬ ਰਹੇ। ਉਨ੍ਹਾਂ ਕੁਝ ਹੋਰ ਕਾਂਗਰਸੀ ਆਗੂਆਂ ਨਾਲ ਵੱਖਰੀ ਮੀਟਿੰਗ ਕੀਤੀ। ਹੁਣ ਕਾਂਗਰਸ ਹਾਈਕਮਾਂਡ ਨੇ ਇਸ ਮਾਮਲੇ ਵਿੱਚ ਨਵਜੋਤ ਸਿੰਘ ਸਿੱਧੂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਤਿਆਰੀ ਕਰ ਲਈ ਹੈ। ਸ਼ਨੀਵਾਰ ਨੂੰ ਪਾਰਟੀ ਨੇ ਸਿੱਧੂ ਨੂੰ ਨੋਟਿਸ ਜਾਰੀ ਕੀਤਾ। ਨੋਟਿਸ ਦੇ ਕੁਝ ਸਮੇਂ ਬਾਅਦ ਹੀ ਸਿੱਧੂ ਨੇ ਸ਼ਾਇਰਾਨਾ ਅੰਦਾਜ਼ ਵਿੱਚ ਟਵੀਟ ਕੀਤਾ। ਜਿਸ ਵਿੱਚ ਲਿਖਿਆ ਸੀ- ਇਹ ਦਬਦਬਾ, ਇਹ ਰਾਜ, ਇਹ ਨਸ਼ਾ, ਇਹ ਦੌਲਤ ! ਹਰ ਕੋਈ ਕਿਰਾਏਦਾਰ ਹੈ ਅਤੇ ਘਰ ਬਦਲਦਾ ਰਹਿੰਦਾ ਹੈ। ਪੰਜਾਬ ਕਾਂਗਰਸ ਨਾਲ ਜੁੜੇ ਠੋਸ ਸੂਤਰਾਂ ਤੋਂ ਪਤਾ ਲੱਗਾ ਹੈ ਕਿ ਪਾਰਟੀ ਨੇ ਨਵਜੋਤ ਸਿੰਘ ਸਿੱਧੂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ 11 ਫਰਵਰੀ ਨੂੰ ਲੁਧਿਆਣਾ ਦੇ ਸਮਰਾਲਾ 'ਚ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਦੀ ਰੈਲੀ ਹੈ। ਰੈਲੀ ਤੋਂ ਬਾਅਦ ਪਾਰਟੀ ਸਿੱਧੂ ਖਿਲਾਫ ਕਾਰਵਾਈ ਕਰੇਗੀ। ਪੰਜਾਬ ਕਾਂਗਰਸ ਦੇ ਸਾਰੇ ਆਗੂ ਵੀ ਇਸ ਮਾਮਲੇ ਨੂੰ ਲੈ ਕੇ ਕਾਂਗਰਸ ਇੰਚਾਰਜ ਦੇਵੇਂਦਰ ਯਾਦਵ ਦੇ ਸਾਹਮਣੇ ਇਕਜੁੱਟ ਹੋ ਗਏ ਹਨ।

☬ ਗੁਰੂਘਰ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ ☬



ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ

ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਵਿੱਚ

ਸਲਾਨਾ ਗੁਰਮਤਿ ਸਮਾਗਮ

21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ: ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜਿਲ੍ਹਾ ਸਿਰਸਾ (ਹਰਿਆਣਾ) ਵਿਖੇ

ਮਹਾਨ ਨਗਰ ਕੀਰਤਨ ਮਿਤੀ 17 ਫਰਵਰੀ 2024 | ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

ਅਨੰਦ ਕਾਰਜ ਅਤੇ ਗੁਰਮਤਿ ਸਮਾਗਮ ਮਿਤੀ 18 ਫਰਵਰੀ 2024 ਸਵੇਰੇ 10 ਤੋਂ ਸ਼ਾਮ 3 ਵਜੇ ਤੱਕ

ਸਭਾਗੀਆਂ 21 ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ ਅਤੇ ਸਮਾਗਮ ਵਿੱਚ ਬੇਅੰਤ ਸੰਤ ਮਹਾਂਪੁਰਸ਼ ਸਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ

LIVE ON Akaal Ratan TV ਆਵਾਜ਼ਿ ਕੌਮ AWAZE QAUM TV YouTube Jathedar Baljit Singh Khalsa Daduwal

ਸਮਾਗਮ ਵਿੱਚ ਬੇਅੰਤ ਸੰਤ ਮਹਾਂਪੁਰਸ਼ ਸਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ ਅਤੇ ਸਮਾਜਸੇਵੀ ਸਖਸ਼ੀਅਤਾਂ ਨੂੰ ਵਿਸੇਸ਼ ਸਨਮਾਨਿਤ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਟੁੱਟ ਵਰਤੇਗਾ

ਸੰਪਰਕ ਨੰ: 93560-60960, 93560-60953



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ: ਸੁਖ ਸੇਵਾ ਸਿਮਰਨ ਟਰੱਸਟ (ਰਜਿ.), ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਅਤੇ ਸਮੂੰਹ ਸਾਧ ਸੰਗਤ ਦਾਦੂ ਸਾਹਿਬ ਸਿਰਸਾ ਹਰਿਆਣਾ


ਕਿਸਾਨ ਮਜ਼ਦੂਰ ਮੋਰਚੇ ਦੀਆਂ 76 ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤੀ ਵੱਲੋਂ 13 ਫਰਵਰੀ ਦੇ ਦਿੱਲੀ ਅੰਦੋਲਨ ਲਈ ਤਿਆਰੀਆ ਵਜੋਂ

# ਟਰੈਕਟਰ ਟਰਾਲੀਆਂ ਦੇ ਵਿਸ਼ਾਲ ਕਾਫਲੇ ਤਿਆਰ, ਲੱਖਾਂ ਕਿਸਾਨ ਮਜਦੂਰ ਦਿੱਲੀ ਕੂਚ ਲਈ ਤਿਆਰ





**ਅੰਮ੍ਰਿਤਸਰ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਸਬੰਧੀ ਮੰਗਾਂ ਨੂੰ ਲੈ ਕੇ 13 ਫਰਵਰੀ ਤੋਂ ਸ਼ੁਰੂ ਹੋਣ ਜਾ ਰਹੇ ਦਿੱਲੀ ਅੰਦੋਲਨ ਲਈ ਭਾਰਤ ਪੱਧਰ ਤੇ ਤਿਆਰੀਆਂ ਦੇ ਦੌਰ ਚੱਲ ਰਹੇ ਹਨ ਅਤੇ ਭਾਰਤ ਦੇ 76 ਸੰਘਰਸ਼ੀਲ ਸੰਗਠਨਾਂ ਵੱਲੋਂ ਕਿਸਾਨ ਮਜਦੂਰ ਮੋਰਚਾ ਦੇ ਫ਼ੋਰਮ ਵਜੋਂ ਵੱਡੀਆਂ ਲਾਮਬੰਦੀਆਂ ਜਾਰੀ ਹਨ, ਇਸ ਗੱਲ ਦੀ ਜਾਣਕਾਰੀ ਕਿਸਾਨ ਮਜਦੂਰ ਮੋਰਚੇ ਦੇ ਕੋਆਰਡੀਨੇਟਰ ਸਰਵਣ ਸਿੰਘ ਪੰਧੇਰ ਨੇ ਅਮ੍ਰਿਤਸਰ ਵਿੱਚ ਪ੍ਰੈਸ ਵਾਰਤਾ ਦੌਰਾਨ ਦਿੱਤੀ ਗਈ। ਉਹਨਾਂ ਕਿਹਾ ਕਿ ਲੱਖਾਂ ਕਿਸਾਨ ਹਜ਼ਾਰਾਂ ਟ੍ਰੈਕਟਰ ਟਰਾਲੀਆਂ ਦੇ ਕਾਫਲੇ ਲੇ ਕੇ ਦਿੱਲੀ ਮੋਰਚੇ ਨੂੰ ਰਵਾਨਾ ਹੋਣਗੇ। ਹੁਣ ਤੱਕ ਪੰਜਾਬ ਤੋਂ 10, ਹਰਿਆਣਾ ਤੋਂ 6 , ਉੱਤਰ ਪ੍ਰਦੇਸ਼ ਤੋਂ 5, ਰਾਜਿਸਥਾਨ ਤੋਂ 3, ਪੌਂਡਿਚਿਰੀ ਤੋਂ 5, ਬਿਹਾਰ ਤੋਂ 5, ਤਾਮਿਲਨਾਡੂ ਤੋਂ 22 , ਕੇਰਲ ਤੋਂ 17, ਹਿਮਾਚਲ ਪ੍ਰਦੇਸ਼ ਤੋਂ 3 ਜਥੇਬੰਦੀਆਂ ਨੇ ਵੱਧ ਚੜ੍ਹ ਕੇ ਦਿੱਲੀ ਅੰਦੋਲਨ ਵਿੱਚ ਪਹੁੰਚਣ ਲਈ ਤਿਆਰੀ ਪ੍ਰੋਗਰਾਮ ਉਲੀਕੇ ਹਨ। ਓਹਨਾ ਕਿਹਾ ਕਿ ਸਾਰੀਆਂ ਜਥੇਬੰਦੀਆਂ ਦੀ ਮੰਗ ਹੈ ਕਿ ਸਾਰੀਆਂ ਫ਼ਸਲਾਂ ਦੀ ਖਰੀਦ ਤੇ ਐਮ ਐਸ ਪੀ ਗਰੰਟੀ ਕਨੂੰਨ ਬਣਾਇਆ ਜਾਵੇ ਅਤੇ ਫ਼ਸਲਾਂ ਦੇ ਭਾਅ ਡਾ. ਸਵਾਮੀਨਾਥਨ ਕਮਿਸ਼ਨ ਦੀ ਸ਼ਫਿਾਰਸ਼ ਅਨੁਸਾਰ ਸੀ 2 +50% ਨਾਲ ਦਿੱਤੇ ਜਾਣ, ਕਿਸਾਨ ਅਤੇ ਖੇਤ ਮਜ਼ਦੂਰ ਦੀ ਕਰਜ਼ਾ ਮੁਕਤੀ ਕੀਤੀ, 58 ਸਾਲ ਦੀ ਉਮਰ ਤੋਂ ਵੱਧ ਦੇ ਕਿਸਾਨ ਅਤੇ ਖੇਤ ਮਜ਼ਦੂਰ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ, ਸੋਧਾਂ ਰੱਦ ਕਰਕੇ ਜਮੀਨ ਐਕਵਾਇਰ ਕਰਨ ਸਬੰਧੀ ਕਾਨੂੰਨ ਨੂੰ 2013 ਦੇ ਸਰੂਪ ਵਿੱਚ ਬਹਾਲ ਕੀਤਾ ਜਾਵੇ, ਭਾਰਤ ਵਿਸ਼ਵ ਵਪਾਰ ਸੰਸਥਾ ਵਿੱਚੋ ਬਾਹਰ ਆਵੇ, ਲਖੀਮਪੁਰ ਖੀਰੀ ਦੇ ਕਤਲਕਾਂਡ ਕੇਸ ਵਿੱਚ ਦੋਸ਼ੀਆਂ ਵਿਰੁੱਧ ਕਾਰਵਾਈ ਕਰ ਇਨਸਾਫ ਕੀਤਾ ਜਾਵੇ, ਬਿਜਲੀ ਸੋਧ ਬਿੱਲ 2020 ਨੂੰ ਪੂਰੇ ਤਰੀਕੇ ਨਾਲ ਰੱਦ ਕੀਤਾ ਜਾਵੇ, ਕਿਸਾਨੀ ਸੈਕਟਰ ਨੂੰ ਪ੍ਰਦੂਸ਼ਣ ਕਨੂੰਨ ਵਿੱਚੋ ਬਾਹਰ ਕਢਿਆ ਜਾਵੇ, ਫ਼ਸਲੀ ਬੀਮਾ ਯੋਜਨਾ ਲਾਗੂ ਕੀਤੀ ਜਾਵੇ। ਓਹਨਾ ਕਿਹਾ ਕਿ ਭਾਰਤ ਭਰ ਤੋਂ ਜਥੇਬੰਦੀਆਂ ਲਗਾਤਾਰ ਕਿਸਾਨ ਮਜਦੂਰ ਮੋਰਚਾ ਨਾਲ ਸੰਪਰਕ ਵਿੱਚ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਦਿੱਲੀ ਅੰਦੋਲਨ ਲਈ ਸੈਕੜੇ ਸੰਘਠਨ ਅਤੇ ਲੱਖਾਂ ਕਿਸਾਨ ਮਜਦੂਰ ਤੇ ਆਮ ਲੋਕ ਸੰਘਰਸ਼ ਦੇ ਮੈਦਾਨ ਵਿੱਚ ਉਤਰਨਗੇ। ਉਹਨਾਂ ਕਿਹਾ ਕਿ ਟਰਾਂਸਪੋਰਟਰਾ ਅਤੇ ਐਕਸ ਸਰਵਿਸਮੈਨਾ ਨੂੰ ਸਮਰੱਥਨ ਦੇਣ ਦਾ ਵੀ ਕਰਦੇ ਹਾਂ ਐਲਾਨ ਇਸ ਮੌਕੇ ਜਿਲ੍ਹਾ ਸਕੱਤਰ ਗੁਰਲਾਲ ਸਿੰਘ ਮਾਨ, ਸ਼ਵਿੰਦਰ ਸਿੰਘ ਰੂਪੋਵਾਲੀ, ਗੁਰਭੇਜ ਸਿੰਘ ਝੰਡੇ, ਮੇਜ਼ਰ ਸਿੰਘ ਅਬਦਾਲ, ਟੇਕ ਸਿੰਘ ਝੰਡੇ ,ਗੁਰਦੇਵ ਸਿੰਘ ਮੁੱਘੋਸੋਹੀ, ਗੁਰਬਾਜ਼ ਸਿੰਘ ਭੁੱਲਰ, ਹਰਦੀਪ ਸਿੰਘ ਢੱਡੇ, ਅਵਤਾਰ ਸਿੰਘ ਜਹਾਂਗੀਰ,ਸਰਵਣ ਸਿੰਘ ਮਾਨ, ਲਖਬੀਰ ਸਿੰਘ ਰੂਪੋਵਾਲੀ ,ਕਾਬਲ ਸਿੰਘ ਵਰਿਆਮ ਨੰਗਲ, ਜਗਤਾਰ ਸਿੰਘ ਅਬਦਾਲ ਆਗੂ ਸਹਿਬਾਨ ਹਾਜ਼ਿਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

# ਮਨਜਿੰਦਰ ਸਿੰਘ ਸਿਰਸਾ ਨੂੰ ਅਕਾਲ ਤਖਤ ਤੇ ਤਲਬ ਕਰਣ ਦੀ ਮੰਗ : ਸਰਨਾ/ਬੀਬੀ ਰਣਜੀਤ ਕੌਰ

## ਮਾਮਲਾ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰਨ ਦਾ



ਨਵੀਂ ਦਿੱਲੀ 3 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਇਸਤਰੀ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮਨਜਿੰਦਰ ਸਿੰਘ ਸਿਰਸਾ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰ ਰਿਹਾ ਹੈ ਜੋ ਕਿ ਨਾ ਕਾਬਿਲੇ ਬਰਦਾਸ਼ਤ ਹੈ ।ਉਨ੍ਹਾਂ ਵਲੋਂ ਪੇਸ਼ ਕੀਤਾ ਜਾ ਰਿਹਾ ਗ਼ਲਤ ਸਿੱਖ ਨੂੰ ਦੇਖਦਿਆਂ ਜੱਥੇਦਾਰ ਅਕਾਲ ਤਖਤ ਸਾਹਿਬਾਨ ਵੱਲੋਂ ਤਲਬ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਵਲੋਂ ਦੱਸੇ ਗਏ ਗੁਰਦੁਆਰਾ ਰਕਾਬ ਗੰਜ ਸਾਹਿਬ ਦੇ ਇਤਿਹਾਸ ਦੇ ਇਤਿਹਾਸਿਕ ਪ੍ਰਮਾਣ ਮੰਗਣੇ ਚਾਹੀਦੇ ਹਨ ।ਦੋਨਾਂ ਆਗੂਆਂ ਨੇ ਕਿਹਾ ਕਿ ਪਿਛਲੇ ਦਿਨੀਂ ਸਿਰਸਾ ਨੇ ਕਿਹਾ ਸੀ ਕਿ ਗੁਰਦੁਆਰਾ ਰਕਾਬਗੰਜ ਸਾਹਿਬ ਮਸਜਿਦ ਢਾਹ ਕੇ ਬਣਾਇਆ ਗਿਆ ਹੈ ਜੋ ਕਿ ਜਾਣਬੁਝ ਕੇ ਸਿੱਖ ਇਤਿਹਾਸ ਨਾਲ ਆਰ ਐਸ ਐਸ ਦੇ ਇਸ਼ਾਰੇ ਤੇ ਕੀਤੀ ਗਈ ਛੇੜਛਾੜ ਹੈ। ਜਦੋਂ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ. ਬਹਾਦਰ ਜੀ ਨੂੰ ਔਰੰਗਜ਼ੇਬ ਵੱਲੋਂ ਸ਼ਹੀਦ ਕੀਤਾ ਗਿਆ ਸੀ ਤਾਂ ਗੁਰੂ ਸਾਹਿਬ ਦਾ ਸੀਸ ਭਾਈ ਜੈਤਾ ਜੀ ਲੈ ਕੇ ਅਨੰਦਪੁਰ ਸਾਹਿਬ ਨੂੰ ਚਲੇ ਗਏ ਸਨ ਅਤੇ ਗੁਰੂ ਜੀ ਦੇ ਧੜ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਵਲੋਂ ਦਿੱਲੀ ਦੇ ਰਾਏਸੀਨਾ ਪਿੰਡ ਵਿਚ ਆਪਣੇ ਘਰ ਲਿਆ ਕੇ ਆਪਣੇ ਘਰ ਨੂੰ ਅੱਗ ਲਗਾ ਕੇ ਗੁਰੂ ਜੀ ਦੇ ਧੜ ਦਾ ਸਸਕਾਰ ਕਰ ਕਰ ਦਿੱਤਾ ਸੀ। ਪਰ ਸਿਰਸੇ ਵਲੋ ਕਿਹਾ ਜਾਣਾ ਕਿ ਇੱਥੇ ਇੱਕ ਮਸਜਿਦ ਸੀ ਜਿਸਨੂੰ ਤੋੜ ਕੇ ਗੁਰਦੁਆਰਾ ਸਾਹਿਬ ਬਣਾਇਆ ਗਿਆ ਨਾ ਕਾਬਿਲੇ ਬਰਦਾਸ਼ਤ ਹੈ ।ਉਨ੍ਹਾਂ ਸਿਰਸਾ ਨੂੰ ਮੁੱਖਾਤਬਿਕ ਹੁੰਦਾ ਕਿਹਾ ਕਿ ਸਿੱਖਾਂ ਨੇ ਤਾਂ ਜੇਲ੍ਹਾਂ ਅੰਦਰ ਵੀ ਧਾਰਮਿਕ ਅੱਕਿਦੇ ਬਣਾਏ ਹਨ ਕੌਈ ਵੀ ਸਿੱਖ ਇਤਿਹਾਸ ਦਾ ਪ੍ਰਮਾਣ ਦੇਵੋ ਕਿ ਭਾਵੇਂ ਸਿੱਖ ਰਾਜ ਹੋਏ ਜਾ ਅੰਗਰੇਜ ਸਰਕਾਰ ਨਾਲ ਟਾਕਰੇ ਦਾ ਸਮਾਂ ਭਾਵੇਂ ਗੁਰੂ ਸਾਹਿਬਾਨਾਂ ਦਾ ਸਮਾਂ ਹੋਵੈ ਸਿੱਖਾਂ ਨੇ ਕਦੇ ਵੀ ਕਿਸੇ ਵੀ ਧਰਮ ਦਾ ਆਕੀਦਾ ਢਾਹ ਕੇ ਆਪਣਾ ਗੁਰੂਦੁਆਰਾ ਸਥਾਪਿਤ ਨਹੀਂ ਕੀਤਾ ਹੈ ।ਉਨ੍ਹਾਂ ਨੇ ਸਿੰਘ ਸਾਹਿਬਾਨ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਮਨਜਿੰਦਰ ਸਿੰਘ ਸਿਰਸਾ ਨੂੰ ਜਲਦ ਤੋਂ ਜਲਦ ਅਕਾਲ ਤਖਤ ਸਾਹਿਬ ਵਿਖੇ ਬੁਲਾ ਕੇ ਪੁੱਛਗਿੱਛ ਕੀਤੀ ਜਾਵੇ ਜਿਸ ਨਾਲ ਉਹ ਰਾਜਨੀਤਿਕ ਲਾਭ ਲੈਣ ਲਈ ਸਿੱਖ ਇਤਿਹਾਸ ਨੂੰ ਤੋੜਨ ਮਰੋੜਨ ਤੋਂ ਬਾਜ ਆਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਬੀਰਾ ਜਬ ਹਮ ਆਏ ਜਗਤ ਮੇਂ ਜਗ ਹਸਾ ਹਮ ਰੋਏ !
ਐਸੀ ਕਰਨੀ ਕਰ ਚਲੇ , ਹਮ ਹਸੇ ਜਗ ਰੋਏ !

# ਸਹਿਜ ਪਾਠ ਦਾ ਭੋਗ 5 ਫਰਵਰੀ ਨੂੰ



ਸਵ. ਭਾਈ ਜਸਵੰਤ ਸਿੰਘ ਜੀ ਸਿੰਘਾ ਚੱਕ ਵਾਲੇ

ਬੜੇ ਦੁਖੀ ਹਿਰਦੇ ਨਾਲ ਸੂਚਿਤ ਕਰਦੇ ਹਾਂ ਕਿ

## ਸਵ . ਭਾਈ ਜਸਵੰਤ ਸਿੰਘ ਜੀ ਸਿੰਘਾ ਚੱਕ ਵਾਲੇ

ਜੋ ਕਿ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਕੇ ਅਕਾਲ ਪੁਰਖ ਦੇ ਚਰਨਾਂ ’ਚ ਜਾ ਬਿਰਾਜੇ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸਹਿਜ ਪਾਠ ਦਾ ਭੋਗ 5 ਫਰਵਰੀ, ਦਿਨ ਸੋਮਵਾਰ ਨੂੰ ਗੁਰਦੁਆਰਾ ਸਿੰਘ ਸਭਾ, ਪਿੰਡ ਸਿੰਘਾ ਚੱਕ ਵਿਖੇ 12 ਵਜੇ ਪਵੇਗਾ। ਸ਼ਰਧਾਂਜਲੀਆਂ ਉਪਰੰਤ ਰਾਗੀ ਸਿੰਘਾਂ ਵੱਲੋਂ ਕੀਰਤਨ ਸਰਵਣ ਕਰਵਾਇਆ ਜਾਵੇਗਾ।

**ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ ।**



-- : ਭਾਣੇ ਵਿੱਚ :--

## ਸੰਤ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਤੇ ਵਿਦਿਆਰਥੀ ਦਮਦਮੀ ਟਕਸਾਲ

ਸੰਪਰਕ : +91 98141 27470

## ਮੁੱਖ ਮੰਤਰੀ ਵੱਲੋਂ ਐਨ.ਆਰ.ਆਈ. ਭਾਈਚਾਰੇ ਨੂੰ ਸੂਬੇ ਦੇ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਨ ਦਾ ਸੱਦਾ

# ਪਠਾਨਕੋਟ ਵਿੱਚ ਚਮਰੋੜ ਪੱਤਣ ਵਿਖੇ ਪਹਿਲੀ 'ਐਨ.ਆਰ.ਆਈ. ਮਿਲਣੀ' ਦੀ ਸ਼ੁਰੂਆਤ

☛ ਪਿਛਲੀਆਂ ਸਰਕਾਰਾਂ ਵਿੱਚ ਐਨ.ਆਰ.ਆਈ. ਸੰਮੇਲਨ ਸਿਰਫ਼ ਪਖੰਡਬਾਜ਼ੀ ਹੁੰਦੇ ਸਨ ☛ 'ਵਤਨ ਵਾਪਸੀ' ਦਾ ਦੌਰ ਸ਼ੁਰੂ ਹੋਇਆ ਜਿਸ ਨਾਲ ਮਾਤ-ਭੂਮੀ ਛੱਡ ਕੇ ਜਾਣ ਦੇ ਰੁਝਾਨ ਨੂੰ ਠੱਲ੍ਹ ਪਵੇਗੀ








**ਪਠਾਨਕੋਟ ,3 ਫਰਵਰੀ (ਵਿਜੇ ਕੁਮਾਰ ਜਿਲੇਦਾਰ ਸੇਵਾ ਮੁਕਤ ਬਿਊਰੋ ਚੀਫ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਵਿਸ਼ਵ ਭਰ ਵਿੱਚ ਵਸਦੇ ਐਨ.ਆਰ.ਆਈ. ਭਾਈਚਾਰੇ ਨੂੰ ਪੰਜਾਬ ਦੇ ਅਰਥਚਾਰੇ ਨੂੰ ਦੁਨੀਆ ਦੇ ਮੋਹਰੀ ਸੂਬੇ ਵਜੋਂ ਉਭਾਰਨ ਲਈ ਉਨ੍ਹਾਂ ਨੂੰ ਖੁੱਲ੍ਹੇ ਦਿਲ ਨਾਲ ਸਹਿਯੋਗ ਦੇਣ ਦਾ ਸੱਦਾ ਦਿੱਤਾ।

ਇੱਥੇ 'ਐਨ.ਆਰ.ਆਈ. ਮਿਲਣੀ' ਦੌਰਾਨ ਪਰਵਾਸੀ ਪੰਜਾਬੀ ਭਾਈਚਾਰੇ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਐਨ.ਆਰ.ਆਈ. ਨੂੰ ਅਫਸਰਸ਼ਾਹੀ ਦੇ ਹੱਥੋਂ ਜ਼ਲਾਲਤ ਸਹਿਣੀ ਪੈਂਦੀ ਸੀ। ਉਂਜ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ ਤੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਹੈ, ਪਰਵਾਸੀ ਭਾਰਤੀਆਂ ਦੀ ਭਲਾਈ ਲਈ ਬਹੁਤ ਸਾਰੀਆਂ ਪਹਿਲਕਦਮੀਆਂ ਕੀਤੀਆਂ ਗਈਆਂ ਹਨ ਅਤੇ ਸੂਬੇ ਵਿੱਚ ਨਵਾਂ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਤਾਂ ਅਜੇ ਸਿਰਫ਼ ਸ਼ੁਰੂਆਤ ਹੈ ਕਿਉਂਕਿ ਪਰਵਾਸੀ ਭਾਰਤੀਆਂ ਦਾ ਮਾਣ ਬਹਾਲ ਕਰਨ ਲਈ ਬਹੁਤ ਸਾਰੇ ਹੋਰ ਲੀਹੋਂ ਹਟਵੇਂ ਕਦਮ ਚੁੱਕੇ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ, "ਮੈਂ ਇਕ ਸਧਾਰਨ ਪਰਿਵਾਰ ਵਿੱਚ ਜੰਮਿਆ-ਪਲਿਆ ਹਾਂ ਜਿਸ ਕਰਕੇ ਜ਼ਮੀਨੀ ਪੱਧਰ 'ਤੇ ਚੰਗੀ ਤਰ੍ਹਾਂ ਜੁੜਿਆ ਹੋਇਆ ਹਾਂ, ਇਸ ਲਈ ਮੈਂ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਦਰਪੇਸ਼ ਸਮੱਸਿਆਵਾਂ ਤੋਂ ਭਲੀ-ਭਾਂਤ ਜਾਣੂੰ ਹਾਂ। ਮੈਂ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਹਰ ਸਮੱਸਿਆ ਦਾ ਹੱਲ ਕੀਤਾ ਜਾਵੇਗਾ ਅਤੇ ਸੂਬਾ ਸਰਕਾਰ ਹੁਣ ਹਰੇਕ ਨਾਗਰਿਕ ਦੀ ਜਾਇਜ਼ ਸਮੱਸਿਆ ਦੇ ਹੱਲ ਲਈ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹੈ। ਅਸੀਂ ਸੂਬੇ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਵਚਨਬੱਧ ਹਾਂ।" ਮੁੱਖ ਮੰਤਰੀ ਨੇ ਕਿਹਾ ਕਿ ਉਹ ਸੂਬੇ ਵਿੱਚ ਵਿਦੇਸ਼ੀ ਨਿਵੇਸ਼ ਨੂੰ ਵਧਾਉਣ ਲਈ ਕਈ ਰਾਜਦੂਤਾਂ ਅਤੇ ਕੂਟਨੀਤਿਕਾਂ ਨੂੰ ਮਿਲੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਇੱਕੋ ਇੱਕ ਮਕਸਦ ਸੂਬੇ ਦੇ ਵਿਕਾਸ ਨੂੰ ਹੁਲਾਰਾ ਦੇਣਾ ਹੈ ਤਾਂ ਜੋ ਲੋਕਾਂ ਨੂੰ ਇਸ ਦਾ ਭਰਪੂਰ ਲਾਭ ਮਿਲ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਸੈਰ ਸਪਾਟਾ ਉਦਯੋਗ ਦੇ ਧੁਰੇ ਵਜੋਂ ਉਭਰੇਗਾ ਕਿਉਂਕਿ ਅਜਿਹੇ ਯਤਨਾਂ ਨੂੰ ਫਲ ਜ਼ਰੂਰ ਮਿਲੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀ ਸਰਕਾਰ ਦੌਰਾਨ ਕਰਵਾਏ ਗਏ ਐਨ.ਆਰ.ਆਈ. ਸੰਮੇਲਨ ਮਹਿਜ਼ ਧੋਖਾ ਸਨ ਕਿਉਂਕਿ ਇਸ ਵਿੱਚੋਂ ਕੁਝ ਵੀ ਸਾਰਥਿਕ ਢੰਗ ਨਾਲ ਸਾਹਮਣੇ ਨਹੀਂ ਆਇਆ। ਉਨ੍ਹਾਂ ਕਿਹਾ ਕਿ ਪਰਵਾਸੀ ਭਾਰਤੀਆਂ ਨੂੰ ਵੱਡੇ-ਵੱਡੇ ਪੈਲੇਸਾਂ ਅਤੇ ਹੋਟਲਾਂ ਵਿੱਚ ਬੁਲਾਇਆ ਜਾਂਦਾ ਸੀ ਪਰ ਬਾਅਦ ਵਿੱਚ ਉਨ੍ਹਾਂ ਨੂੰ ਜ਼ਲਾਲਤ ਸਹਿਣੀ ਪੈਂਦੀ ਸੀ ਕਿਉਂਕਿ ਕੋਈ ਵੀ ਉਨ੍ਹਾਂ ਦੀ ਪਰਵਾਹ ਨਹੀਂ ਕਰਦਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦਾ ਅਮੀਰ ਸੱਭਿਆਚਾਰਕ ਵਿਰਸਾ ਲੋਕਾਂ ਨੂੰ ਦਿਖਾਉਣ ਲਈ ਰਮਣੀਕ ਅਤੇ ਕੁਦਰਤੀ ਸੁਦੰਰਤਾ ਨਾਲ ਲਬਰੇਜ਼ ਇਸ ਸਥਾਨ 'ਤੇ ਇਹ ਸਮਾਗਮ ਕਰਵਾ ਰਹੀ ਹੈ। ਉਨ੍ਹਾਂ ਕਿਹਾ ਕਿ ਪਰਵਾਸੀ ਭਾਰਤੀਆਂ ਨੂੰ ਇਸ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਖੁੱਲ੍ਹੇ ਦਿਲ ਨਾਲ ਯੋਗਦਾਨ ਪਾਉਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਕਿਹਾ, "ਪੰਜਾਬ ਬਰਕਤ ਵਾਲੀ ਧਰਤੀ ਹੈ ਜਿੱਥੇ ਕਣਕ ਅਤੇ ਝੋਨੇ ਦੀ ਏਨੀ ਜ਼ਿਆਦਾ ਪੈਦਾਵਾਰ ਹੁੰਦੀ ਹੈ ਕਿ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਇਆ ਜਾ ਸਕਿਆ। ਇਹ ਬੜੇ ਦੁੱਖ ਦੀ ਗੱਲ ਹੈ ਕਿ ਪਹਿਲਾਂ ਵਾਲੇ ਆਗੂਆਂ ਨੇ ਸੂਬੇ ਦਾ ਸਰਮਾਇਆ ਲੁੱਟਿਆ ਜਿਸ ਕਾਰਨ ਸੂਬਾ ਤਰੱਕੀ ਅਤੇ ਖੁਸ਼ਹਾਲੀ ਵਿੱਚ ਪਛੜ ਗਿਆ ਹੈ। ਹੁਣ ਪੰਜਾਬ ਨੂੰ ਹਰ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ।"

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਕਿਸੇ ਵੀ ਵਿਅਕਤੀ ਖਾਸ ਕਰਕੇ ਕੇਂਦਰ ਵਿੱਚ ਸੱਤਾਧਾਰੀ ਲੋਕਾਂ ਤੋਂ ਦੇਸ਼ ਭਗਤੀ ਦਾ ਐਨ.ਓ.ਸੀ. ਦੀ ਲੋੜ ਨਹੀਂ। ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਗਣਤੰਤਰ ਦਿਵਸ ਦੀ ਪਰੇਡ ਦੌਰਾਨ ਸੂਬੇ ਦੀਆਂ ਝਾਕੀਆਂ ਨੂੰ ਰੱਦ ਕਰ ਦਿੱਤਾ ਸੀ, ਭਾਵੇਂ ਕਿ ਆਜ਼ਾਦੀ ਦੇ ਸੰਘਰਸ਼ ਲਈ 90 ਫੀਸਦੀ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨਾਲ ਮਤਰੇਈ ਮਾਂ ਵਾਲਾ ਸਲੂਕ ਅਸਹਿਣਯੋਗ ਹੈ ਕਿਉਂਕਿ ਉਨ੍ਹਾਂ ਨੂੰ ਸੂਬੇ ਵਿਚ ਦੇਸ਼ ਭਗਤੀ ਅਤੇ ਰਾਸ਼ਟਰਵਾਦ ਨੂੰ ਦਰਸਾਉਂਦੀਆਂ ਝਾਕੀਆਂ ਨੂੰ ਰੱਦ ਕਰਨ ਦਾ ਕੋਈ ਹੱਕ ਨਹੀਂ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਨੇ ਜਾਤ, ਰੰਗ, ਨਸਲ ਅਤੇ ਭੂਗੋਲਿਕ ਪੱਧਰ ਤੋਂ ਉਪਰ ਉਠ ਕੇ ਪਰਮਾਤਮਾ ਦੀ ਬਖਸ਼ਸ਼ਿ ਸਦਕਾ ਜੀਵਨ ਦੇ ਹਰੇਕ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੁਨੀਆਂ ਭਰ ਵਿੱਚ ਸ਼ਾਇਦ ਪੰਜਾਬੀ ਹੀ ਅਜਿਹਾ ਭਾਈਚਾਰਾ ਹੈ ਜੋ ਆਪਣੀ ਮਿਹਨਤ, ਇਮਾਨਦਾਰੀ ਅਤੇ ਵਚਨਬੱਧਤਾ ਦੇ ਬਲਬੂਤੇ ਕੋਈ ਵੀ ਔਖਾ ਤੋਂ ਔਖਾ ਕੰਮ ਕਰ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਸ਼ਾਨਦਾਰ ਬੁਨਿਆਦੀ ਢਾਂਚੇ, ਵਾਧੂ ਬਿਜਲੀ, ਵਧੀਆ ਸਿੱਖਿਆ ਅਤੇ ਸਿਹਤ ਸਹੂਲਤਾਂ ਦੇ ਮਾਮਲੇ ਵਿੱਚ ਪੰਜਾਬ ਨੂੰ ਵਿਕਾਸ ਦੀ ਤੇਜ਼ੀ ਗਤੀ 'ਤੇ ਲਿਆਉਣ ਲਈ ਠੋਸ ਉਪਰਾਲੇ ਕੀਤੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਨੇ ਕਿਹਾ ਕਿ ਇਹ ਸਭ ਕੁਝ ਸੂਬੇ ਵਿੱਚ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਸਦਭਾਵਨਾ ਭਰੇ ਮਾਹੌਲ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ ਸ਼ਾਂਤਮਈ ਮਾਹੌਲ ਨੇ ਪੰਜਾਬ ਦੀ ਸਮੁੱਚੀ ਵਿਕਾਸ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਦੀ ਗੱਲ ਹੈ ਕਿ ਬਹਾਦਰ ਪੰਜਾਬੀ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਜਮਹੂਰੀਅਤ ਦੀਆਂ ਕਦਰਾਂ-ਕੀਮਤਾਂ 'ਤੇ ਅਥਾਹ ਭਰੋਸਾ ਰੱਖਦੇ ਹਨ। ਜਜ਼ਬਾਤੀ ਸਾਂਝ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਪ੍ਰਵਾਸੀ ਭਾਰਤੀ ਭਰਾਵਾਂ ਨੂੰ ਆਰਥਿਕ ਅਤੇ ਸਮਾਜਿਕ ਰਿਸ਼ਤਿਆਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਸਿੱਖਿਆ ਅਤੇ ਸਿਹਤ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਵਿੱਚ ਵੱਡਾ ਯੋਗਦਾਨ ਪਾਉਣ ਦੀ ਅਪੀਲ ਕੀਤੀ, ਜੋ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਭ ਤੋਂ ਵੱਧ ਸਭ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਇਸ ਸੰਮੇਲਨ ਨੂੰ 'ਰਸਮੀ ਇਕੱਠ' ਵਜੋਂ ਨਹੀਂ ਲਿਆ ਜਾਣਾ ਚਾਹੀਦਾ, ਸਗੋਂ ਇਸ ਨੂੰ ਸੂਬੇ ਦੀ ਬਿਹਤਰੀ ਲਈ ਵਿਚਾਰ-ਵਟਾਂਦਰੇ ਦੇ ਆਪਸੀ ਆਦਾਨ-ਪ੍ਰਦਾਨ ਵਿੱਚ ਤਬਦੀਲ ਕਰਕੇ ਸਿਹਤਮੰਦ ਮੰਚ ਵਜੋਂ ਵਰਤਿਆ ਜਾਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਸਿੱਖਿਆ ਅਤੇ ਸਿਹਤ ਸੰਭਾਲ ਦੇ ਖੇਤਰ ਵਿੱਚ ਪਰਵਾਸੀ ਭਾਰਤੀਆਂ ਦੇ ਸਹਿਯੋਗ ਲਈ ਉਮੀਦ ਜ਼ਾਹਰ ਕਰਦਿਆਂ ਕਿਹਾ ਕਿ ਇਸ ਨਾਲ ਇਨ੍ਹਾਂ ਮੁੱਖ ਖੇਤਰਾਂ ਵਿੱਚ ਕਈ ਯੋਜਨਾਵਾਂ ਅਤੇ ਪ੍ਰੋਜੈਕਟਾਂ ਨੂੰ ਵਿਉਂਦਬੰਦ ਕੀਤਾ ਜਾ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ, "ਸਾਡੀ ਸਰਕਾਰ ਐਨ.ਆਰ.ਆਈ. ਭਾਈਚਾਰੇ ਦੇ ਜੀਵਨ ਨੂੰ ਵਿਦੇਸ਼ਾਂ ਵਾਂਗ ਸੁਖਾਂਵਾ ਅਤੇ ਸੁਹਾਵਣਾ ਬਣਾਉਣ ਲਈ ਉਨ੍ਹਾਂ ਦੀਆਂ ਖਾਹਿਸ਼ਾਂ ਪੂਰਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਕਿ ਪੰਜਾਬ ਨੂੰ ਉਨ੍ਹਾਂ ਦੇ ਸੁਪਨਿਆਂ ਦਾ ਘਰ ਬਣਾਇਆ ਜਾ ਸਕੇ। ਮੈਨੂੰ ਪੂਰਾ ਭਰੋਸਾ ਹੈ ਕਿ 'ਵਤਨ ਵਾਪਸੀ' ਦਾ ਰੁਝਾਨ ਸ਼ੁਰੂ ਹੋ ਗਿਆ ਹੈ ਜਿਸ ਨਾਲ ਇਹ ਨਾ ਸਿਰਫ਼ ਨੌਜਵਾਨਾਂ ਖਾਸ ਕਰਕੇ ਸੁਨਹਿਰੇ ਸੁਪਨਿਆਂ ਦੀ ਭਾਲ ਵਿਚ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਦੇ ਪਰਵਾਸ ਕਰਨ ਦੇ ਉੱਭਰੇ ਰੁਝਾਨ ਨੂੰ ਠੱਲ੍ਹ ਪਵੇਗੀ, ਸਗੋਂ ਪਰਵਾਸੀ ਭਾਰਤੀਆਂ ਨੂੰ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਅਦਾ ਕਰੇਗੀ।" ਉਨ੍ਹਾਂ ਨੇ ਪਰਵਾਸੀ ਭਾਰਤੀਆਂ ਨੂੰ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਇਸ ਨੇਕ ਕਾਰਜ ਲਈ ਕਾਰਗਰ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਸੁਹਿਰਦ ਯਤਨਾਂ ਸਦਕਾ ਆਲਮੀ ਨਿਵੇਸ਼ਕਾਰ ਸੂਬੇ ਵਿੱਚ ਨਿਵੇਸ਼ ਕਰਨ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਪਿਛਲੇ 20 ਮਹੀਨਿਆਂ ਤੋਂ ਵੱਧ ਸਮੇਂ ਦੌਰਾਨ ਕੁਝ ਵੱਡੀਆਂ ਕੰਪਨੀਆਂ ਜਿਵੇਂ ਟਾਟਾ ਸਟੀਲ ਅਤੇ ਹੋਰਾਂ ਨੇ ਸੂਬੇ ਵਿੱਚ ਨਿਵੇਸ਼ ਕਰਨਾ ਸ਼ੁਰੂ ਕਰ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਇਹ ਸਹੀ ਦਿਸ਼ਾ ਵਿੱਚ ਜਾ ਰਿਹਾ ਕਦਮ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਲੱਖਣ ਰੰਗਾਂ ਵਾਲੇ ਸਟੈਂਪ ਪੇਪਰ ਵੀ ਜਾਰੀ ਕੀਤੇ ਹਨ, ਜੋ ਸੂਬੇ ਵਿੱਚ ਉਦਯੋਗਿਕ ਕ੍ਰਾਂਤੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਵੱਲ ਵੱਡੀ ਪੁਲਾਂਘ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਅਜਿਹਾ ਪਹਿਲਾ ਸੂਬਾ ਹੈ ਜਿਸ ਨੇ ਉੱਦਮੀਆਂ ਨੂੰ ਆਪਣੇ ਯੂਨਿਟ ਸਥਾਪਤ ਕਰਨ ਲਈ ਹਰੇ ਰੰਗ ਦੇ ਸਟੈਂਪ ਪੇਪਰ ਜਾਰੀ ਕੀਤੇ ਹਨ, ਜਿਸ ਨਾਲ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਅਹਿਮ ਹੁਲਾਰਾ ਮਿਲੇਗਾ। ਉਨ੍ਹਾਂ ਨੇ ਇਸ ਨੂੰ ਕ੍ਰਾਂਤੀਕਾਰੀ ਕਦਮ ਦੱਸਿਆ ਜਿਸ ਦਾ ਉਦੇਸ਼ ਸੂਬੇ ਵਿੱਚ ਆਪਣੀਆਂ ਇਕਾਈਆਂ ਸਥਾਪਤ ਕਰਨ ਦੇ ਚਾਹਵਾਨ ਉੱਦਮੀਆਂ ਲਈ ਕਾਰੋਬਾਰ ਕਰਨ ਦੀ ਪ੍ਰਕਿਰਿਆ ਨੂੰ ਸੁਖਾਲਾ ਬਣਾਉਣਾ ਹੈ। ਮੁੱਖ ਮੰਤਰੀ ਨੇ ਵਿਅੰਗ ਕੱਸਦਿਆਂ ਕਿਹਾ ਕਿ ਪਹਿਲਾਂ ਉਦਯੋਗ ਸੱਤਾ ਵਿੱਚ ਰਹਿੰਦੇ ਪਰਿਵਾਰਾਂ ਨਾਲ ਸਮਝੌਤਿਆਂ 'ਤੇ ਦਸਤਖਤ ਕਰਦੇ ਸਨ ਪਰ ਜਦੋਂ ਤੋਂ ਉਨ੍ਹਾਂ ਨੇ ਮੁੱਖ ਮੰਤਰੀ ਦਾ ਅਹੁਦਾ ਸੰਭਾਲਿਆ ਹੈ, ਸੂਬੇ ਦੇ ਲੋਕਾਂ ਲਈ ਸਮਝੌਤਿਆਂ 'ਤੇ ਦਸਤਖਤ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ ਅਮੀਰ ਪਰਿਵਾਰਾਂ ਨੂੰ ਇਨ੍ਹਾਂ ਸਮਝੌਤਿਆਂ ਦਾ ਲਾਭ ਮਿਲਦਾ ਸੀ ਪਰ ਹੁਣ ਪੰਜਾਬੀਆਂ ਨੂੰ ਇਸ ਦਾ ਲਾਭ ਮਿਲੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਜਿਹਾ ਇਸ ਲਈ ਸੰਭਵ ਹੋਇਆ ਹੈ ਕਿਉਂਕਿ ਉਨ੍ਹਾਂ ਦੀ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਅਣਥੱਕ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਪਰਵਾਸੀ ਪੰਜਾਬੀਆਂ ਨੂੰ ਸੂਬੇ ਵਿੱਚ ਨਿਵੇਸ਼ ਕਰਕੇ, ਪਿੰਡਾਂ ਅਤੇ ਸ਼ਹਿਰਾਂ ਨੂੰ ਗੋਦ ਲੈ ਕੇ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਯੋਗਦਾਨ ਪਾ ਕੇ ਪੰਜਾਬ ਵਿੱਚ ਚੱਲ ਰਹੇ ਬੇਮਿਸਾਲ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਨੇ ਐਨ.ਆਰ.ਈ. ਪੰਜਾਬੀਆਂ ਨੂੰ ਜਾਣੂੰ ਕਰਵਾਇਆ ਕਿ ਪੰਜਾਬ ਨਿਵੇਸ਼ ਲਈ ਸਭ ਤੋਂ ਪਸੰਦੀਦਾ, ਪ੍ਰਗਤੀਸ਼ੀਲ ਅਤੇ ਅਸਲ ਵਿੱਚ ਢੁਕਵਾਂ ਸੂਬਾ ਹੈ ਅਤੇ ਉਨ੍ਹਾਂ ਨੂੰ ਇਹ ਤੱਥ ਵਿਸ਼ਵ ਪੱਧਰ 'ਤੇ ਪ੍ਰਚਾਰਨੇ ਚਾਹੀਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ, ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਪਰਵਾਸੀ ਭਾਰਤੀਆਂ ਦੀ ਸਹਾਇਤਾ ਲਈ ਤੁਰੰਤ ਕਦਮ ਚੁੱਕੇ ਹਨ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ 25 ਸਾਲਾਂ ਵਿੱਚ ਸੂਬੇ ਵਿੱਚ ਸਿਰਫ਼ ਦੋ ਵਿਅਕਤੀਆਂ ਨੇ ਰਾਜ ਕੀਤਾ ਹੈ ਅਤੇ ਆਪਣੇ ਨਿੱਜੀ ਹਿੱਤਾਂ ਲਈ ਸੂਬੇ ਦੇ ਵਸੀਲਿਆਂ ਦੀ ਰੱਜ ਕੇ ਦੁਰਵਰਤੋਂ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਦੋ ਇੱਕ ਪਰਿਵਾਰ ਦੇ ਸਨ ਜਦੋਂਕਿ ਦੋ ਦੂਜੇ ਪਰਿਵਾਰ ਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਆਪਣੇ ਸੌੜੇ ਸਿਆਸੀ ਹਿੱਤਾਂ ਲਈ ਸੂਬੇ ਨੂੰ ਬੇਰਹਿਮੀ ਨਾਲ ਲੁੱਟਿਆ ਹੈ, ਜਿਸ ਨਾਲ ਸੂਬੇ ਦੇ ਵਿਕਾਸ ਵਿਚ ਰੁਕਾਵਟ ਆ ਰਹੀ ਹੈ।

ਸ਼੍ਰੋਮਣੀ ਅਕਾਲੀ ਦਲ ਦੀ 'ਪੰਜਾਬ ਬਚਾਓ ਯਾਤਰਾ' 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਨੇ ਅਕਾਲੀ ਆਗੂਆਂ ਨੂੰ ਇਹ ਦੱਸਣ ਦੀ ਚੁਣੌਤੀ ਦਿੱਤੀ ਕਿ ਉਹ 15 ਸਾਲਾਂ ਤੋਂ ਸੂਬੇ ਨੂੰ ਅੰਨ੍ਹੇਵਾਹ ਲੁੱਟਣ ਤੋਂ ਬਾਅਦ ਹੁਣ ਕਿਸ ਤੋਂ ਸੂਬੇ ਨੂੰ ਬਚਾਉਣ ਦਾ ਹੋ-ਹੱਲਾ ਮਚਾ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀਆਂ ਨੇ ਸੂਬੇ ਦੇ ਖਜ਼ਾਨੇ ਦੀ ਲੁੱਟ ਕੀਤੀ ਅਤੇ ਪੰਜਾਬੀਆਂ ਦੇ ਹਿਰਦਿਆਂ ਨੂੰ ਗਹਿਰੀ ਠੇਸ ਪਹੁੰਚਾਈ ਅਤੇ ਇੱਥੋਂ ਤੱਕ ਕਿ ਸੂਬੇ ਅੰਦਰ ਵੱਡੇ ਮਾਫੀਏ ਦੀ ਪੁਸ਼ਤਪਨਾਹੀ ਵੀ ਕੀਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕ ਅਕਾਲੀਆਂ ਅਤੇ ਬਾਦਲ ਪਰਿਵਾਰ ਦੇ ਦੋਗਲੇ ਕਿਰਦਾਰ ਤੋਂ ਭਲੀ-ਭਾਂਤ ਜਾਣੂ ਹਨ, ਜਿਸ ਕਾਰਨ ਹੁਣ ਇਨ੍ਹਾਂ ਦੀਆਂ ਨੌਟੰਕੀਆਂ ਨਹੀਂ ਚੱਲਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਨਿੱਜੀ ਕੰਪਨੀ ਜੀ.ਵੀ.ਕੇ. ਪਾਵਰ ਦੀ ਮਾਲਕੀ ਵਾਲੇ ਗੋਇੰਦਵਾਲ ਪਾਵਰ ਪਲਾਂਟ ਨੂੰ ਖਰੀਦ ਕੇ ਇਤਿਹਾਸ ਰਚਿਆ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਇਹ ਉਲਟਾ ਰੁਝਾਨ ਸ਼ੁਰੂ ਹੋਇਆ ਹੈ ਕਿ ਸਰਕਾਰ ਨੇ ਕੋਈ ਪ੍ਰਾਈਵੇਟ ਪਾਵਰ ਪਲਾਂਟ ਖਰੀਦਿਆ ਹੈ ਜਦੋਂ ਕਿ ਪਹਿਲੀਆਂ ਸਰਕਾਰਾਂ ਆਪਣੀਆਂ ਜਾਇਦਾਦਾਂ ਚਹੇਤੇ ਵਿਅਕਤੀਆਂ ਨੂੰ ਕੌਡੀਆਂ ਦੇ ਭਾਅ ਵੇਚ ਦਿੰਦੀਆਂ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਛਵਾੜਾ ਕੋਲਾ ਖਾਣ ਤੋਂ ਨਿਕਲਣ ਵਾਲੇ ਕੋਲੇ ਦੀ ਵਰਤੋਂ ਸਰਕਾਰੀ ਪਾਵਰ ਪਲਾਂਟਾਂ ਲਈ ਹੀ ਕੀਤੀ ਜਾ ਸਕਦੀ ਹੈ, ਇਸ ਲਈ ਇਸ ਪਾਵਰ ਪਲਾਂਟ ਦੀ ਖਰੀਦ ਨਾਲ ਇਸ ਕੋਲੇ ਨੂੰ ਬਿਜਲੀ ਪੈਦਾ ਕਰਨ ਲਈ ਵਰਤੋਂ ਵਿੱਚ ਲਿਆਂਦਾ ਜਾ ਸਕਦਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਲੋਕ ਆਪਣੀ ਹੀ ਸਫਲਤਾ ਤੋਂ ਭੈਭੀਤ ਹੋ ਜਾਂਦੇ ਸਨ ਕਿਉਂਕਿ ਸਿਆਸੀ ਆਗੂ ਇਨ੍ਹਾਂ ਲੋਕਾਂ ਦੇ ਕਾਰੋਬਾਰ ਵਿੱਚ ਹਿੱਸਾਪੱਤੀ ਪਾਉਂਦੇ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਮ ਲੋਕਾਂ ਨੂੰ ਲੁੱਟਿਆ ਅਤੇ ਇਨ੍ਹਾਂ ਦੇ ਹੱਥ ਪੰਜਾਬ ਅਤੇ ਪੰਜਾਬੀਆਂ ਦੇ ਖ਼ੂਨ ਨਾਲ ਰੰਗੇ ਹੋਏ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸੂਬੇ ਵਿੱਚ ਆਮ ਲੋਕਾਂ ਦੀ ਸਰਕਾਰ ਹੈ ਜੋ ਹਰ ਵਿਅਕਤੀ ਨੂੰ ਜ਼ਿੰਦਗੀ ਵਿੱਚ ਕਾਮਯਾਬ ਹੋਣ ਦੇ ਖੁੱਲ੍ਹੇ ਮੌਕੇ ਦੇ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਰਵਾਸੀ ਭਾਰਤੀ ਭਰਾਵਾਂ ਨੂੰ ਉਨ੍ਹਾਂ ਦੇ ਮਸਲਿਆਂ ਦੇ ਹੱਲ ਲਈ ਸਹੂਲਤ ਦੇਣ ਵਾਸਤੇ ਸੂਬਾ ਸਰਕਾਰ ਨੇ ਪਰਵਾਸੀ ਭਾਰਤੀ ਮਾਮਲਿਆਂ ਬਾਰੇ ਵਿਭਾਗ ਦੀ ਨਵੀਂ ਵੈੱਬਸਾਈਟ nri.punjab.gov.in ਦੀ ਸ਼ੁਰੂਆਤ ਕੀਤੀ ਹੈ। ਮੁੱਖ ਮੰਤਰੀ ਨੇ ਇਸ ਵੈੱਬਸਾਈਟ ਨੂੰ ਲੀਹੋਂ ਹਟਵੀਂ ਪਹਿਲ ਦੱਸਿਆ ਜਿਸ ਦਾ ਉਦੇਸ਼ ਜਿੱਥੇ ਪਰਵਾਸੀ ਭਾਰਤੀਆਂ ਦੀ ਭਲਾਈ ਨੂੰ ਯਕੀਨੀ ਬਣਾਉਣਾ ਹੈ, ਉਥੇ ਦੂਜੇ ਪਾਸੇ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ ਵਿੱਚ ਮਦਦ ਕਰਨਾ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਵੈੱਬਸਾਈਟ 'ਤੇ ਐਨ.ਆਰ.ਆਈ ਪੁਲਿਸ ਵਿੰਗ, ਪੰਜਾਬ ਸਟੇਟ ਕਮਿਸ਼ਨ ਫਾਰ ਐਨ.ਆਰ.ਆਈਜ਼ ਅਤੇ ਐਨ.ਆਰ.ਆਈ. ਸਭਾ ਨਾਲ ਸਬੰਧਤ ਵਿਸਥਾਰਤ ਜਾਣਕਾਰੀ ਹੈ।

ਇਸੇ ਤਰ੍ਹਾਂ ਮੁੱਖ ਮੰਤਰੀ ਨੇ ਕਿਹਾ ਕਿ ਐਨ.ਆਰ.ਆਈਜ਼ ਨੂੰ ਇੱਕ ਹੋਰ ਵੱਡੀ ਰਾਹਤ ਦਿੰਦਿਆਂ ਸੂਬਾ ਸਰਕਾਰ ਨੇ 'ਮੁੱਖ ਮੰਤਰੀ ਫੀਲਡ ਅਫਸਰਾਂ' ਨੂੰ ਪਰਵਾਸੀ ਭਾਰਤੀਆਂ ਲਈ ਨੋਡਲ ਅਫਸਰ ਨਿਯੁਕਤ ਕੀਤਾ ਹੈ ਤਾਂ ਜੋ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਅਤੇ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਕਦਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸੂਬੇ ਦੇ ਵਸਨੀਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਜ਼ਿਲ੍ਹਾ ਪੱਧਰ 'ਤੇ ਉਨ੍ਹਾਂ ਨੂੰ ਢਾਂਚਾਗਤ ਅਤੇ ਅਸਰਦਾਰ ਸ਼ਿਕਾਇਤ ਨਿਵਾਰਣ ਪ੍ਰਣਾਲੀ ਪ੍ਰਦਾਨ ਕਰਕੇ ਕੀਤਾ ਜਾਵੇ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਏਸੇ ਮੰਤਵ ਤਹਿਤ ਹੀ ਸੂਬਾ ਸਰਕਾਰ ਨੇ ਪਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ 'ਮੁੱਖ ਮੰਤਰੀ ਫੀਲਡ ਅਫਸਰਾਂ' ਨੂੰ ਨੋਡਲ ਅਫਸਰ ਵਜੋਂ ਨਿਯੁਕਤ ਕਰਨ ਦਾ ਫੈਸਲਾ ਕੀਤਾ ਹੈ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਲਾਲ ਚੰਦ ਕਟਾਰੂਚੱਕ ਅਤੇ ਬ੍ਰਮ ਸ਼ੰਕਰ ਜਿੰਪਾ ਸਮੇਤ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਟਰਨੈਸ਼ਨਲ ਸਿੱਖ ਸਪੋਰਟਸ ਕੌਂਸਲ ਵੱਲੋਂ ਚੌਥਾ ਕੇਸਾਧਾਰੀ ਗੋਲਡ ਕੱਪ ਹਾਕੀ ਟੂਰਨਾਮੈਂਟ










ਵਿਸ਼ਵ ਖੇਡ ਹਾਕੀ ਪੰਜਾਬੀਆਂ ਦੀ ਮਨ ਪਸੰਦ ਖੇਡ ਹਾਕੀ ਦਾ ਚੌਥਾ ਕੇਸਾਧਾਰੀ ਗੋਲਡ ਕੱਪ ਹਾਕੀ ਟੂਰਨਾਮੈਂਟ ਅੱਜ ਮਿਤੀ 03/2/2024 ਨੂੰ ਤੀਜੇ ਦਿਨ ਦੀ ਸ਼ੁਰੂਆਤ ਵਿੱਚ ਬੜੀ ਸ਼ਾਨੋ ਸ਼ੌਕਤ ਨਾਲ ਪ੍ਰਵੇਸ਼ ਕਰ ਗਿਆ। ਇਸ ਟੂਰਨਾਮੈਂਟ ਦੀ ਵਿਲੱਖਣਤਾ ਇਹ ਹੈ ਕਿ ਇਸ ਵਿੱਚ ਕੇਸਾਧਾਰੀ ਖਿਡਾਰੀ ਹੀ ਭਾਗ ਲੈ ਰਹੇ ਹਨ। ਜਿਹੜਾ ਕਿ ਕੇਸਾਧਾਰੀ ਹੋਣਾ ਆਪਣੇ ਆਪ ਵਿੱਚ ਸਿੱਖ ਧਰਮ ਨੂੰ ਤਾਂ ਪ੍ਰਫੁੱਲਤ ਕਰਨਾ ਹੈ ਹੀ ਦੂਜੇ ਪਾਸੇ ਇਹ ਆਪਣੀ ਹੋਂਦ ਦਾ ਪ੍ਰਗਟਾਵਾ ਵੀ ਹੈ। ਇਸ ਟੂਰਨਾਮੈਂਟ ਵਿੱਚ ਭਾਗ ਲੈ ਰਹੀਆਂ ਟੀਮਾਂ ਨੂੰ ਸਿੱਖ ਮਿਸਲਾਂ ਦੇ ਨਾਮ ਦੇ ਕੇ ਨਿਵਾਜਿਆ ਹੈ ਅਤੇ ਇਹ ਟੀਮਾਂ ਦੇਸ਼ ਵਿਦੇਸ਼ ਦੀਆਂ ਨਾਮਵਰ ਸਖਸ਼ੀਅਤਾਂ ਵੱਲੋਂ ਸਪਾਂਸਰ ਕੀਤੀਆਂ ਗਈਆਂ ਹਨ। ਇਹ ਟੂਰਨਾਮੈਂਟ ਇੰਟਰਨੈਸ਼ਨਲ ਸਿੱਖ ਸਪੋਰਟਸ ਕੌਂਸਲ ਵੱਲੋਂ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਵਿੱਚ ਵਡਮੁੱਲਾ ਸਹਿਯੋਗ ਦੇਣ ਵਾਲੇ ਪੰਥ ਪ੍ਰਸਤ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਜੀ (ਸਕੱਤਰ ਅਤੇ ਬੁਲਾਰੇ ਸ਼੍ਰੋਮਣੀ ਅਕਾਲੀ ਦਲ) ਅਤੇ ਸਰਪ੍ਰਸਤ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਪ੍ਰਧਾਨ ਸ੍ਰ.ਜਸਵੀਰ ਸਿੰਘ ਮੋਹਾਲੀ ਦੇ ਇੰਟਰਨੈਸ਼ਨਲ ਹਾਕੀ ਸਟੇਡੀਅਮ ਵਿੱਚ ਚੱਲ ਰਹੇ ਹਨ। ਅੱਜ ਦੇ ਮੈਚ ਵਿੱਚ ਖੇਡ ਰਹੀਆਂ ਚਾਰ ਟੀਮਾਂ ਦਾ ਪਹਿਲਾ ਮੈਚ 1.ਮਿਸਲ ਨਿਸ਼ਾਨਾਵਾਲੀਆ v/s ਮਿਸਲ ਸਿੰਘਪੁਰੀਆ 2. ਮਿਸਲ ਫੂਲਕੀਆਂ v/s ਮਿਸਲ ਡੱਲੇਵਾਲੀਆ 3. ਮਿਸਲ ਭੰਗੀਆ v/s ਮਿਸਲ ਸ਼ਹੀਦਾਂ 4. ਮਿਸਲ ਸ਼ੁਕਰਚੱਕੀਆ v/s ਮਿਸਲ ਆਹਲੂਵਾਲੀਆ ਵਿਚਕਾਰ ਚਾਰ ਮੈਚ ਖੇਡੇ ਜਾਣਗੇ। ਮੈਚ ਦੌਰਾਨ ਮੁੱਖ ਮਹਿਮਾਨ ਵਜੋਂ ਇੰਟਰਨੈਸ਼ਨਲ ਖਿਡਾਰੀ ਸ੍ਰ ਨਰਿੰਦਰ ਸਿੰਘ ਸੋਢੀ ਅਤੇ ਦਵਿੰਦਰ ਕੁਮਾਰ ਪਹੁੰਚੇ ਅਤੇ ਹੋਰ ਪਹੁੰਚੀਆਂ ਸਖਸ਼ੀਅਤਾਂ ਸ੍ਰ ਜਗਤਾਰ ਸਿੰਘ ਮੁਲਤਾਨੀ, ਸ੍ਰ ਜਸਵੀਰ ਸਿੰਘ ਮਾਨਪੁਰੀ, ਸ੍ਰ ਦਰਸ਼ਨ ਸਿੰਘ ਜੌਲੀ, ਸ੍ਰ ਇੰਦਰਜੀਤ ਸਿੰਘ, ਸ੍ਰ ਜਸਵਿੰਦਰ ਸਿੰਘ ਉਬਰਾਏ, ਪਰਮਜੀਤ ਸਿੰਘ ਪੰਮੀ, ਸ੍ਰ ਭੁਪਿੰਦਰ ਸਿੰਘ ਚੰਡੀਗੜ੍ਹ,ਸ੍ਰ ਦਵਿੰਦਰ ਸਿੰਘ ਬਾਜਵਾ ਹਾਕੀ ਖਿਡਾਰਣ ਮੋਨਿਕਾ, ਅਤੇ ਸਨੇਹ ਮੋਹਾਲੀ, ਅਤੇ ਹਾਕੀ ਦੇ ਨਾਮਵਰ ਖਿਡਾਰੀ ਅਮਰਜੀਤ ਸਿੰਘ ਰਾਠੌਰ, ਮਨੋਜਪਾਲ ਸਿੰਘ ਜੀ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਹੇਮਕੁੰਟ ਸਾਹਿਬ ਪਬਲਿਕ ਸਕੂਲ ਮੋਹਾਲੀ ਦਾ ਸਟਾਫ ਅਤੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦ ਭਾਈ ਹਰਮਿੰਦਰ ਸਿੰਘ ਜੀ ਸੰਧੂ ਦੀ ਯਾਦ ਵਿੱਚ ਪਿੰਡ ਮੱਟੀਆ ਵਿਖੇ ਗੁਰਮਤਿ ਸਮਾਗਮ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਹੁਰਾਂ ਨੇ ਹਾਜਰੀ ਭਰੀ









**ਚੌਂਕ ਮਹਿਤਾ, 3 ਫਰਵਰੀ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਅਤੀ ਨਜ਼ਦੀਕੀ, ਰੌਸ਼ਨ ਦਿਮਾਗ ਸ਼ਖਸੀਅਤ ਸ਼ਹੀਦ ਭਾਈ ਹਰਮਿੰਦਰ ਸਿੰਘ ਜੀ ਸੰਧੂ ਦੀ ਮਹਾਨ ਯਾਦ ਨੂੰ ਸਮਰਪਿਤ ਪੰਥਕ ਸਮਾਗਮ ਪਿੰਡ ਮੱਟੀਆ ਤਹਿਸੀਲ ਅਜਨਾਲਾ ਵਿਖੇ ਕਰਵਾਇਆ ਗਿਆ ਸਮਾਗਮ ਵਿੱਚ ਸਿੱਖ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਪਹੁੰਚੀਆਂ ਜਿਸ ਵਿੱਚ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੇ ਭਤੀਜੇ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤਿ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਹੁਰਾਂ ਨੇ ਹਾਜਰੀ ਭਰੀ ਅਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼ਹੀਦ ਭਾਈ ਹਰਮਿੰਦਰ ਸਿੰਘ ਜੀ ਸੰਧੂ ਦੇ ਜੀਵਨੀ ਤੇ ਚਾਨਣਾ ਪਾਇਆ ਨਾਲ ਹੀ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਜੀ ਕਾਉਂਕੇ ਦੇ ਮੁੱਦੇ ਤੇ ਇਨਸਾਫ ਲੈਣ ਲਈ 10 ਤਰੀਕ ਨੂੰ ਜਲੰਧਰ ਵਿਖੇ ਮੀਟਿੰਗ ਵਿੱਚ ਪਹੁੰਚਣ ਲਈ ਸੰਗਤਾਂ ਨੂੰ ਬੇਨਤੀ ਕੀਤੀ। ਇਸ ਮੌਕੇ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਪ੍ਰਧਾਨ ਤਰਨ ਤਾਰਨ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਈਸ਼ਰ ਸਿੰਘ ਜੀ ਮੀਤ ਪ੍ਰਧਾਨ ਅੰਮ੍ਰਿਤਸਰ ਧਾਰਮਿਕ ਵਿੰਗ ਹਾਜਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੰਨ ਬਾਬਾ ਵਡਭਾਗ ਸਿੰਘ ਸੇਵਾ ਸੁਸਾਇਟੀ ਸ੍ਰੀ ਕ੍ਰਿਸ਼ਨਾ ਰਾਓ ਧਾਮ ਦੀ ਅਪਰਮ ਅਪਾਰ ਕ੍ਰਿਪਾ ਨਾਲ

# ਜੀਵ ਜੰਤੂਆਂ ਦੀ ਸੇਵਾ ਇਕ ਉਤਮ ਸੇਵਾ ਤੇ ਭਗਤੀ ਹੈ



**ਫ਼ਿਰੋਜ਼ਪੁਰ, 3 ਫਰਵਰੀ (ਮਨੋਹਰ ਲਾਲ) :—** ਧੰਨ ਬਾਬਾ ਵਡਭਾਗ ਸਿੰਘ ਸੇਵਾ ਸੁਸਾਇਟੀ ਸ੍ਰੀ ਕ੍ਰਿਸ਼ਨਾ ਗਊਧਾਮ ਵੱਲੋਂ ਪਿਛਲੇ ਸਮੇਂ ਅਰਸੇ ਤੋਂ ਜੀਵ ਜੰਤੂਆਂ, ਅਵਾਰਾ ਜਾਨਵਰਾਂ ਤੇ ਗਊਆਂ ਜਿਨ੍ਹਾਂ ਦੀ ਸਾਰੇ ਧਰਮਾਂ, ਸਾਰੇ ਗ੍ਰੰਥਾਂ, ਵੈਦਾਂ, ਸਾਸ਼ਤਰਾਂ ਵਿਚ ਇਸ ਦੀ ਪੂਜਾ ਅਤੇ ਗਊ ਦਾ ਦਾਨ ਜਿਸ ਦੇ ਚਰਨਾਂ ਵਿਚ 33 ਕਰੋੜ ਦੇਵੀ ਦੇਵਤਾ ਨਿਵਾਸ ਕਰਦੇ ਹਨ, ਜ਼ੋ ਅੱਜ ਸਾਡੇ 75ਵੇਂ ਗਣਤੰਤਰ ਦਿਵਸ ਭਾਵ ਭਾਰਤ ਆਜ਼ਾਦ ਹੋ ਮਗਰੋਂ ਅੱਜ ਤੱਕ ਗਲੀ ਬਸਤੀ ਹੀ ਹਰ ਸਰਕਾਰ ਇਸ ਮਗਲੇ ਨੂੰ ਵੋਟਾਂ ਦੇ ਦਿਨਾਂ ਵਿਚ ਕਈ ਤਰ੍ਹਾਂ ਦੇ ਸਬਜਬਾਗ ਵਿਖਾ ਕੇ ਵੋਟਾਂ ਪ੍ਰਾਪਤ ਕਰਕੇ ਫਿਰ ਭੁੱਲ ਜਾਂਦੇ ਹਨ, ਜਿਸ ਦਾ ਸਬੂਤ ਇਸ ਚਿਲ ਮਲਾਕ ਫੰਡ ਵਿਚ ਲੱਖਾਂ ਦੀ ਗਿਣਤੀ ਵਿਚ ਜੀਵ ਜੰਤੂ ਜਾਨਵਰ (ਪਸ਼ੂ) ਭੁੱਖ ਠੰਡ ਬਿਮਾਰੀਆਂ ਸਦਕਾ ਮਰ ਗਏ ਹਨ, ਜਿਵੇਂ ਕਿ ਇਸ ਫੰਡ ਵਿਚ ਗਲੀ ਮੁਹੱਲੇ ਵਿਚ ਰੋਜ਼ਾਨਾ ਕੁਤਿਆਂ ਦੇ ਗਲੂਰੇ ਮਰੇ ਹਨ ਤੇ ਇਹ ਸੰਸਥਾ ਇਨ੍ਹਾਂ ਦੀ ਇਫਾਜਤ ਲਈ ਪਿਛਲੇ ਤਿੰਨ ਸਾਲਾਂ ਤੋਂ ਇਨ੍ਹਾਂ ਦੇ ਬਚਾਓ ਲਈ ਉਪਰਾਲੇ ਕਰਦੀ ਆ ਰਹੀ ਹੈ ਤੇ ਫੰਡ ਮੌਕੇ ਇਨ੍ਹਾਂ ਕੋਲ ਸਾਜੋ ਸਮਾਨ ਸਥਾਨ ਤੇ ਸਰਕਾਰ ਵੱਲੋਂ ਕੋਈ ਇਤਜਾਮ ਨਾ ਹੋਣ ਕਰਕੇ ਬੰਦ ਹੋ ਗਈ ਸੀ ਤੇ ਇਸ ਸਾਲ ਵੀ ਇਸ ਫੰਡ ਨੂੰ ਤੇ ਇਨ੍ਹਾਂ ਜਾਨਵਰਾਂ ਦੀ ਦਰਦ ਭਰੀ ਹਾਲਤ ਨੂੰ ਵੇਖ ਕੇ ਮਾਨਯੋਗ ਡਿਪਟੀ ਕਮਿਸ਼ਨਰ ਦੇ ਧਿਆਨ ਵਿਚ ਲਿਆਂਦਾ ਤੇ ਪ੍ਰਸ਼ਾਸਨ ਨੂੰ ਮੱਦਦ ਦੀ ਗੁਹਾਰ ਲਗਾਈ, ਜਿਸ ਸਦਕਾ ਉਨ੍ਹਾਂ ਦਾਣਾ ਮੰਡੀ ਵਿਖੇ ਤਿੰਨ ਮਹੀਨਿਆਂ ਲਈ ਮਿਲਿਆ, ਜਿਸ ਵਿਚ ਇਸ ਵੇਲੇ ਕੋਈ 200 ਦੇ ਕਰੀਬ ਬਿਮਾਰ ਗਊਆਂ, ਬਛੜੇ, ਸਾਨਾਂ ਆਦਿ ਨੂੰ ਠੰਡ ਭੁੱਖ ਤੇ ਮਰਨ ਤੋਂ ਬਚਾਇਆ, ਜ਼ੋ ਇਕ ਫ਼ਿਰੋਜ਼ਪੁਰ ਦੇ ਬੁੱਧੀਜੀਵੀਆਂ, ਸਮਾਜ ਸੇਵਕਾਂ ਨੇ ਆਪਣੀ ਦਸਾ ਨੂੰਹਾਂ ਦੀ ਕਮਾਈ ਵਿਚੋਂ ਇਸ ਗਊਸ਼ਾਲਾ ਲਈ ਯੋਗਦਾਨ ਪਾ ਕੇ ਅੱਜ ਇਕ ਬਹੁਤ ਹੀ ਸਰਕਾਰ ਦੀ ਕ੍ਰਿਪਾ ਨਾਲ ਚੱਲ ਰਿਹਾ ਹੈ, ਅਸੀਂ ਸਾਰੇ ਸ਼ਹਿਰ ਵਾਸੀ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਇਸ ਗਊਸ਼ਾਲਾ ਸ਼ੈਡ ਨੂੰ ਖਾਲੀ ਕਰਨ ਤੋਂ ਪਹਿਲਾਂ—ਪਹਿਲਾਂ ਇਨ੍ਹਾਂ ਬੇਜ਼ੁਬਾਨਾਂ ਨੂੰ ਢੁਕਵਾ ਹਰ ਤਰ੍ਹਾਂ ਦਾ ਖਾਣ—ਪੀਣ ਰਹਿਣ ਦੀ ਸੰਭਾਲ ਲਈ ਸਥਾਨ ਮੁਹਇਆ ਕਰਵਾਇਆ ਜਾਵੇ ਤੇ ਨਾਲ ਹੀ ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਸਾਡਾ ਸ਼ਹਿਰ ਵਾਸੀਆਂ ਦਾ ਅਹਿਮ ਯੋਗਦਾਨ ਦਿੱਤਾ ਜਾ ਰਿਹਾ ਹੈ, ਉਥੇ ਸਰਕਾਰ ਨੂੰ ਗਊ ਸੈਸ ਦੇ ਤੌਰ ਤੇ ਟੈਕਸ ਵੀ ਦਿੱਤਾ ਜਾ ਰਿਹਾ ਹੈ, ਜ਼ੋ ਕਿ ਸਰਕਾਰ ਦੇ ਕੋਲ ਜਮ੍ਹਾ ਹੈ। ਜ਼ੋ ਇਸ ਮਕ'ਦ ਵਾਸਤੇ ਵਰਤਿਆ ਜਾ ਸਕਦਾ ਹੈ ਅਤੇ ਹੋਰ ਵੀ ਸਰਕਾਰ ਦੇ ਕੋਲ ਬਹੁਤ ਸਾਰੇ ਸਾਧਨ ਹਨ ਤਾਂ ਜ਼ੋ ਇਨ੍ਹਾਂ ਗਊਆਂ ਦੀ ਤਨ, ਮਨ, ਧਨ ਨਾਲ ਵਧੀਆ ਤੇ ਆਦਰਸ਼ ਗਊਸ਼ਾਲਾ ਸਥਾਪਿਤ ਕੀਤੀ ਜਾਵੇ ਅਤੇ ਨਾਲ ਹੀ ਅਵਾਰਾ ਕੁਤਿਆਂ ਦਾ ਵੀ ਸ਼ੈਡ ਬਣਾ ਕੇ ਉਨ੍ਹਾਂ ਦੀ ਸਾਂਭ—ਸੰਭਾਲ ਵੀ ਇਨ੍ਹਾਂ ਸੰਸਥਾ ਤੇ ਸ਼ਹਿਰ ਵਾਸੀਆਂ ਨੂੰ ਦਿੱਤਾ ਜਾਵੇ। ਅਸੀਂ ਅਖਿਰ ਵਿਚ ਇਸ ਸੰਸਥਾ ਦੇ ਸੇਵਕ ਅਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਇਨ੍ਹਾਂ ਅਵਾਰਾ ਗਊਆਂ ਦੀ ਜਾਨ—ਮਾਲ ਦੀ ਰਾਖੀ ਕਰਨ ਵਿਚ ਅਹਿਮ ਰੋਲ ਅਦਾ ਕੀਤਾ।

ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ

# ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ








**ਫ਼ਿਰੋਜ਼ਪੁਰ, 3 ਫਰਵਰੀ (ਮਨੋਹਰ ਲਾਲ) :—** ਸੰਸਾਰ ਭਰ ਵਿਚ ਆਪਣੀ ਸ਼ਹੀਦੀ ਦੀ ਨਿਵੇਕਲੀ ਮਿਸਾਲ ਪੈਦਾ ਕਰਨ ਵਾਲੇ ਅਤੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਖੂ ਗੇਟ ਸਥਿਤ ਗੁਰਦੁਆਰਾ ਭਾਈ ਹਾਕਮ ਸਿੰਘ ਦੀ ਪ੍ਰਬੰਧਕ ਕਮੇਟੀ ਅਤੇ ਇਲਾਕੇ ਭਰ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪਿਛਲੇ ਤਕਰੀਬਨ 15 ਦਿਨਾਂ ਤੋਂ ਗੁਰਦੁਆਰਾ ਸਾਹਿਬ ਦੀ ਇਸਤਰੀ ਸੰਤਸੰਗ ਸਭਾ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਸ਼ੁਰੂ ਕੀਤੀ ਗਈ ਸੀ, ਜਿਸ ਦੀ ਅੱਜ ਸੰਪੂਰਨਤਾ ਹੋਈ ਅਤੇ ਭੋਗ ਪਾਏ ਗਏ। ਸੰਪੂਰਨਤਾ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੇ ਮਨੋਹਰ ਕੀਰਤਨ ਰਾਹੀਂ ਬਾਬਾ ਜੀ ਦੀ ਜੀਵਨੀ ਤੇ ਚਾਨਣਾ ਪਾਇਆ। ਰਾਗੀ ਜਥਿਆਂ ਵਿਚ ਭਾਈ ਸਲਵਿੰਦਰ ਸਿੰਘ ਤੇ ਭਾਈ ਅਮਨਦੀਪ ਸਿੰਘ ਨੇ ਜਥਿਆਂ ਨੇ ਸੰਗਤਾਂ ਨੂੰ ਕੀਰਤਨ ਰਾਹੀਂ ਮੰਤਰ ਮੁਗਧ ਕੀਤਾ। ਇਸ ਸਮੇਂ ਸਮਾਗਮ ਵਿਚ ਸਹਿਯੋਗ ਦੇਣ ਵਾਲਿਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੇ ਚਾਹ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਨ੍ਹਾਂ ਸਮਾਗਮਾਂ ਦੀ ਸੰਪੂਰਨਤਾ ਸਮੇਂ ਸਮੂਹ ਕਮੇਟੀ ਮੈਂਬਰ ਜਿਨ੍ਹਾਂ ਵਿਚ ਪ੍ਰਧਾਨ ਬਾਬਾ ਮੁਖਤਿਆਰ ਸਿੰਘ, ਸਰਪ੍ਰਸਤ ਭਾਈ ਜ਼ਸਪਾਲ ਸਿੰਘ, ਸਕੱਤਰ ਕਿੱਕਰ ਸਿੰਘ ਸੰਧੂ, ਸੁਰਜੀਤ ਸਿੰਘ, ਗੁਰਚਰਨ ਸਿੰਘ ਬਾਵਾ, ਪ੍ਰਗਟ ਸਿੰਘ, ਸੁਖਬੀਰ ਸਿੰਘ ਸੰਧੂ, ਅਜਮੇਰ ਸਿੰਘ, ਰਜੇਸ਼ ਧਵਨ, ਨਿਰਮਲ ਸਿੰਘ ਦੁਲਚੀਕੇ, ਸ੍ਰੀ ਬਜਾਜ, ਕੁਲਦੀਪ ਸਿੰਘ, ਹਰਜਿੰਦਰ ਸਿੰਘ, ਪੰਡਤ ਸ਼ਾਮ, ਬੀਬੀ ਜ਼ਸਬੀਰ ਕੌਰ, ਬਲਵਿੰਦਰ ਕੌਰ, ਅਮਨਦੀਪ ਕੌਰ, ਨਰਿੰਦਰ ਕੌਰ, ਸਿਮਰਨਜੀਤ ਕੌਰ, ਸੁਰਜੀਤ ਕੌਰ ਆਦਿ ਹਾਜ਼ਰ ਸਨ।

# ਭਾਈ ਮਰਦਾਨਾ ਜੀ ਗੁਰੂ ਜੀ ਦੇ ਸਿੱਖ ਬਣ ਗਏ ਸਨ ਤੇ ਹੁਣ ਇਨ੍ਹਾਂ ਦੇ ਪਰਿਵਾਰ ਫਿਰ ਮੁਸਲਮਾਨ ਬਣ ਗਏ ਹਨ—ਭੁੱਲਰ



ਫ਼ਿਰੋਜ਼ਪੁਰ, 3 ਫਰਵਰੀ (ਮਨੋਹਰ ਲਾਲ) :—33ਵਾਂ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਹੁਣ ਤੱਕ ਸੁਸਾਇਟੀ ਵੱਲੋਂ 850 ਲੜਕੀਆਂ ਦੇ ਵਿਆਹ ਕਰ ਚੁੱਕੀ ਹੈ ਅਤੇ 25 ਤੋਂ ਵੱਧ ਸੰਤਾਂ ਮਹਾਂਪੁਰਸ਼ਾਂ ਨੂੰ ਸਨਮਾਨ ਅਤੇ 190 ਦੇ ਕਰੀਬ ਉੱਚ ਰਾਗੀਆਂ ਨੂੰ ਸਨਮਾਨ ਕਰ ਚੁੱਕੀ ਹੈ ਅਤੇ 210 ਉੱਚ ਸਖਸ਼ੀਅਤਾਂ ਦਾ ਮਾਨ, ਸਨਮਾਨ ਕਰ ਚੁੱਕੀ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਅਹੁਦੇਦਾਰ ਸਰਬਜੀਤ ਸਿੰਘ ਛਾਬੜਾ, ਡਾ: ਹਰਜੀਤ ਸਿੰਘ ਧਾਲੀਵਾਲ, ਸੋਹਨ ਸਿੰਘ, ਜਤਿੰਦਰ ਸਿੰਘ, ਸਵਰਨ ਸਿੰਘ, ਮੋਹਨ ਸਿੰਘ, ਜ਼ਸਵਿੰਦਰ ਸਿੰਘ ਕਾਲਾ ਯੂ.ਕੇ, ਮਨਜੀਤ ਸਿੰਘ ਭੋਗਲ ਯੂ.ਕੇ ਅਤੇ ਹੋਰ ਪ੍ਰਬੰਧਕਾਂ ਨੇ ਦੱਸਿਆ ਕਿ ਭਾਈ ਮਰਦਾਨਾ ਜੀ ਦੁਨੀਆਂ ਵਿਚ ਅਨੋਖੇ ਸੰਗੀਤਕਾਰ ਹੋਏ ਹਨ, ਜਿਨ੍ਹਾਂ ਦਾ ਦੁਨੀਆਂ ਭਰ ਵਿਚ ਨਾਮ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਭਾਈ ਮਰਦਾਨਾ ਜੀ ਨੂੰ ਆਪਣਾ ਭਰਾ ਆਖਿਆ ਕਰਦੇ ਸਨ ਅਤੇ ਉਨ੍ਹਾਂ ਭਾਈ ਮਰਦਾਨੇ ਨੂੰ ਆਪਣਾ ਸਿੱਖ ਬਣਾ ਲਿਆ ਸੀ ਅਤੇ ਰਾਏ ਬੁਲਾਰ ਭਾਈ ਗੁਰੂ ਸਾਹਿਬ ਜੀ ਨੂੰ ਆਪਣਾ ਮੁਰਸ਼ਦ ਬਣਾ ਲਿਆ ਸੀ, ਅੱਜ ਭਾਈ ਮਰਦਾਨਾ ਦਾ ਪਰਿਵਾਰ ਅਤੇ ਰਾਇ ਬੁਲਾਰ ਭਾਈ ਦਾ ਪਰਿਵਾਰ ਫਿਰ ਤੋਂ ਇਸਲਾਮ ਵਿਚ ਸ਼ਾਮਲ ਹੋ ਗਏ ਹਨ। ਗੁਰੂ ਸਾਹਿਬ ਦਾ ਅਸਰ ਉਨ੍ਹਾਂ ਤੇ ਨਜ਼ਰ ਨਹੀਂ ਆਇਆ। ਆਗੂਆਂ ਨੇ ਦੱਸਿਆ ਕਿ ਇਸ ਵਾਰ 24 ਫਰਵਰੀ ਸ਼ਾਮ ਅਤੇ 25 ਫਰਵਰੀ ਨੂੰ ਸਵੇਰੇ 11 ਵਜੇ ਤੋਂ ਸ਼ਾਮ 4 ਵਜੇ ਤੱਕ ਕੀਰਤਨ ਦਰਬਾਰ ਹੋਵੇਗਾ।

# ਸਟੇਟ ਪੈਨਸ਼ਨਰ ਵੈਲ.ਫੇਅਰ ਆਰਗੇਨਾਈਜੇਸ਼ਨ ਰਜਿਸਟਡ ਪਠਾਨਕੋਟ ਵੱਲੋਂ ਕੀਤੀ ਗਈ ਮਹੀਨਾਵਾਰ ਮੀਟਿੰਗ



**ਪਠਾਨਕੋਟ, 3 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸਟੇਟ ਪੈਨਸਨਰ ਵੈਲਫੇਅਰ ਆਰਗੇਨਾਈਜੇਸਨ ਰਜਿਸਟਡ ਪਠਾਨਕੋਟ ਵਲੋਂ ਮਹੀਨਾਵਾਰ ਮੀਟਿੰਗ ਪੁਰਾਨਾ ਖਜਾਨਾ ਦਫਤਰ ਗਾਂਧੀ ਚੌਕ ਵਿਖੇ ਆਰਗੇਨਾਈਜੇਸਨ ਦੇ ਪਰਧਾਨ ਮਿਸਟਰ ਕੇਦਾਰ ਨਾਥ ਸੈਣੀ ਦੀ ਪਰਧਾਨਗੀ ਹੇਠ ਕੀਤੀ ਗਈ । ਜਿਸ ਵਿਚ ਆਰਗੇਨਾਈਜੇਸਨ ਦੀਆਂ ਮੰਗਾ ਬਾਰੇ ਬੁਲਾਰੀਆਂ ਵਲੋਂ ਆਪਣੇ ਆਪਣੇ ਵਿਚਾਰ ਆਏ ਹੋਏ ਮੈਬਰਾਂ ਨਾਲ ਸਾਝੇਂ ਕੀਤੇ ।ਆਰਗੇਨਾਈਜੇਸਨ ਵਲੋਂ ਆਪਣੀਆਂ ਮੰਗਾ ਜਲਦੀ ਤੋਂ ਜਲਦੀ ਮੰਨਣ ਬਾਰੇ ਸਰਕਾਰ ਤੋਂ ਮੰਗ ਕੀਤੀ ਗਈ ।ਸੇਵਾ ਮੁਕਤ ਕਰਮਚਾਰੀਆਂ ਨੂੰ ਜੇਹੜਾ ਸਰਕਾਰ ਵਲੋਂ ਇੰਨਕਮ ਟੈਕਸ ਲਾਇਆ ਜਾਦਾਂ ਹੈ ਉਸ ਬਾਰੇ ਵੀ ਆਰਗੇਨਾਈਜੇਸਨ ਦੇ ਮੈਬਰਾਂ ਵਲੋਂ ਵਿਚਾਰ ਵਟਾਂਦਰਾ ਕੀਤਾ ਗਿਆ। ਬਕਾਇਆ ਡੀ ਏ ਜੋ ਸਰਕਾਰ ਵਲ ਰਹਿੰਦਾ ਹੈ ਜਲਦੀ ਤੋਂ ਜਲਦੀ ਰਲੀਜ ਕੀਤਾ ਜਾਵੇ ਦੀ ਮੰਗ ਕੀਤੀ ਗਈ ਅਤੇ ਪੇ ਕਮੀਸਨ ਦੀ ਰਿਪੋਰਟ ਜਲਦੀ ਤੋਂ ਜਲਦੀ ਰਲੀਜ ਕਰਨ ਬਾਰੇ ਵੀ ਮੰਗ ਕੀਤੀ ਗਈ ।ਪੁਰਾਣੀ ਪੈਨਸਨ ਬਹਾਲ ਕਰਨ ਦੀ ਵੀ ਪੁਰਜੋਰ ਮੰਗ ਕੀਤੀ ਗਈ। ਇਸ ਮੌਕੇ ਤੇ ਸਰਦਾਰ ਸਵਰਨ ਸਿੰਘ , ਮਿਸਟਰ ਰਣਜੀਤ ਸਿੰਘ ਸੈਣੀ, ਮਿਸਟਰ ਵਿਜੇ ਸਿੰਘ, ਮਿਸਟਰ ਰਵਿਦੰਰ ਕੁਮਾਰ ਤਿਰੀਪਾਠੀ, ਮਿਸਟਰ ਮਨਮੋਹਨ ਲਾਲ, ਮਿਸਟਰ ਹੰਸ ਰਾਜ, ਮਿਸਟਰ ਅਮਰਜੀਤ, ਮਿਸਟਰ ਸਤੀਸ ਕੁਮਾਰ , ਮਿਸਟਰ ਤਰਸੇਮ ਲਾਲ ਸੈਣੀ ਅਤੇ ਬੈਜ ਨਾਥ ਸੈਣੀ ਹਾਜ਼ਰ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

ਸਲਾਨਾ ਜੋੜ ਮੇਲਾ ਵੱਲ ਗੁਰੂ ਕਾ ਗੱਲਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਦੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜੇ ਤੱਕ ਭੋਗ ਪੈਣਗੇ।

ਗੁਰ ਸਿੱਖ ਪਰਿਵਾਰ ਭਾਈ ਗਰਦੀਪ ਸਿੰਘ ਕਾਸਤਲਵੇਰਦੇ ਵੱਲੋਂ ਸ਼੍ਰੀ ਅਖੰਡ ਪਾਠ ਦੀ ਸੇਵਾ ਲਈ ਗਈ ਹੈ।

ਸ਼ੁਕਰਵਾਰ ਸਾਢੇ 10 ਵਜ਼ੇ ਸ੍ਰੀ ਅਖੰਡ ਪਾਠ ਦੀ ਅਰੰਭਤਾ ਅਤੇ ਐਤਵਾਰ ਸਾਢੇ 10 ਭੋਗ ਪੈਣਗੇ

ਸ਼ੁਕਰਵਾਰ 2 ਫਰਵਰੀ ਅਤੇ ਸਨੀਵਾਰ 3 ਫਰਵਰੀ ਸ਼ਾਮਾਂ 5 ਵਜ਼ੇ ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ਐਤਵਾਰ 4 ਫਰਵਰੀ 2024 ਸਾਢੇ 10:30 ਵਜ਼ੇ ਤੋਂ 12:30 ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਗੁਰਚਰਨ ਸਿੰਘ ਦਮਦਮੀ ਟਕਸਾਲ ਟਕਸਾਲ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778